22-JAN-PAGE-1.qxd 1/21/2025 10:40 PM Page 1

ਬੁੱਧਵਾਰ, 22 ਜਨਵਰੀ, 2025
9 ਮਾਘ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 233

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • WEDNESDAY, 22 JANUARY, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ | Regd. No : L-4/Pb-JL-0023/2024-26, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

ਟਰੰਪ ਨਸ਼ਿਆਇਆ : ਬ੍ਰਿਕਸ ਦੇਸ਼ਾਂ ਨੂੰ ਧਮਕਾਇਆ ਕਿਊਬਾ ਫਿਰ ਬਲੈਕ ਲਿਸਟ 'ਚ ਪਾਇਆ

ਸੰਸਾਰ ਸਿਹਤ ਜਥੇਬੰਦੀ ਤੇ ਪੈਰਿਸ ਜਲਵਾਯੂ ਸਮਝੌਤੇ 'ਚੋਂ ਵੀ ਨਿਕਲਣ ਦਾ ਐਲਾਨ

ਵਾਸ਼ਿੰਗਟਨ : ਡੋਨਲਡ ਟਰੰਪ ਨੇ ਅਮਰੀਕਾ ਦੇ ਰਾਸ਼ਟਰਪਤੀ ਦੀ ਦੂਜੀ ਵਾਰ ਸਹੁੰ ਚੁੱਕਦਿਆਂ ਹੀ ਭਾਰਤ ਦੀ ਸ਼ਮੂਲੀਅਤ ਵਾਲੇ ਦਸ ਦੇਸ਼ਾਂ ਦੇ ਸਮੂਹ 'ਬ੍ਰਿਕਸ' ਨੂੰ ਮੁੜ ਚੇਤਾਵਨੀ ਦਿੱਤੀ ਕਿ ਜੇ ਉਨ੍ਹਾਂ ਅਮਰੀਕੀ ਡਾਲਰ ਨੂੰ ਬਦਲਣ ਲਈ ਕੋਈ ਚਾਰਾਜੋਈ ਕੀਤੀ ਤਾਂ ਉਹ ਉਨ੍ਹਾਂ 'ਤੇ 100 ਫੀਸਦੀ ਟੈਕਸ ਲਗਾਉਣਗੇ। ਟਰੰਪ ਨੇ ਕਿਹਾ—ਜੇ ਬ੍ਰਿਕਸ ਦੇਸ਼ ਅਜਿਹਾ ਕਰਨਾ ਚਾਹੁੰਦੇ ਹਨ, ਤਾਂ ਫਿਰ ਕੋਈ ਗੱਲ ਨਹੀਂ, ਪਰ ਅਸੀਂ ਉਨ੍ਹਾਂ ਵੱਲੋਂ ਅਮਰੀਕਾ ਨਾਲ ਕੀਤੇ ਜਾਂਦੇ ਕਾਰੋਬਾਰਾਂ 'ਤੇ ਘੱਟੋ-ਘੱਟ 100 ਫੀਸਦ ਟੈਕਸ ਲਾਵਾਂਗੇ। ਅਸੀਂ ਚਾਹੁੰਦੇ ਹਾਂ ਕਿ ਇਹ ਦੇਸ਼ ਵਚਨ ਦੇਣ ਕਿ ਉਹ ਨਾ ਨਵੀਂ ਬ੍ਰਿਕਸ ਕਰੰਸੀ ਬਣਾਉਣਗੇ ਤੇ ਨਾ ਹੀ ਸ਼ਕਤੀਸ਼ਾਲੀ ਡਾਲਰ ਨੂੰ ਬਦਲਣ ਵਾਲੀ ਕਿਸੇ ਹੋਰ ਕਰੰਸੀ ਨੂੰ ਅਪਨਾਉਣਗੇ।

ਟਰੰਪ ਸਹੁੰ ਚੁੱਕਣ ਤੋਂ ਬਾਅਦ ਸੈਨਾ ਦੇ ਕਮਾਂਡਰ-ਇਨ-ਚੀਫ ਸਵਾਗਤ ਸਮਾਰੋਹ 'ਚ ਤਲਵਾਰ ਲੈ ਕੇ ਨੱਚਦੇ ਨਜ਼ਰ ਆਏ। ਉਨ੍ਹਾ ਤਲਵਾਰ ਨਾਲ ਕੇਕ ਵੀ ਕੱਟਿਆ।

ਬ੍ਰਿਕਸ ਦਸ ਦੇਸ਼ਾਂ—ਬਰਾਜ਼ੀਲ, ਰੂਸ, ਭਾਰਤ, ਚੀਨ, ਦੱਖਣੀ ਅਫਰੀਕਾ, ਮਿਸਰ, ਇਥੋਪੀਆ, ਇੰਡੋਨੇਸ਼ੀਆ, ਈਰਾਨ ਤੇ ਸੰਯੁਕਤ ਅਰਬ ਅਮੀਰਾਤ ਦੀ ਸ਼ਮੂਲੀਅਤ ਵਾਲੀ ਅੰਤਰ-ਸਰਕਾਰੀ ਜਥੇਬੰਦੀ ਹੈ। ਇਸ ਤੋਂ ਪਹਿਲਾਂ ਦਸੰਬਰ ਵਿੱਚ ਵੀ ਟਰੰਪ ਨੇ ਬ੍ਰਿਕਸ ਸਮੂਹ ਨੂੰ ਅਜਿਹੀ ਚੇਤਾਵਨੀ ਦਿੱਤੀ ਸੀ।

ਟਰੰਪ ਨੇ ਸਹੁੰ ਚੁੱਕਣ ਦੇ 6 ਘੰਟਿਆਂ ਦੇ ਅੰਦਰ ਬਾਈਡੇਨ ਸਰਕਾਰ ਦੇ 78 ਫੈਸਲਿਆਂ ਨੂੰ ਪਲਟ ਦਿੱਤਾ। ਇਨ੍ਹਾਂ ਵਿੱਚ ਗੈਰਕਾਨੂੰਨੀ ਪ੍ਰਵਾਸੀਆਂ ਨੂੰ ਬਾਹਰ ਕੱਢਣ, ਬੱਚਿਆਂ ਦੀ ਨਾਗਰਿਕਤਾ ਖਤਮ ਕਰਨ, ਸੰਸਾਰ ਸਿਹਤ ਜਥੇਬੰਦੀ ਤੇ ਪੈਰਿਸ ਜਲਵਾਯੂ ਸਮਝੌਤੇ ਤੋਂ ਅਮਰੀਕਾ ਨੂੰ ਬਾਹਰ ਕੱਢਣ ਵਰਗੇ ਫੈਸਲੇ ਸ਼ਾਮਲ ਹਨ।

ਟਰੰਪ ਨੇ ਉਨ੍ਹਾਂ ਮਾਂਪਿਆਂ ਦੇ ਬੱਚਿਆਂ ਨੂੰ ਜਨਮਜਾਤ ਨਾਗਰਿਕਤਾ ਦੇਣ ਤੋਂ ਇਨਕਾਰ ਕਰਨ ਦਾ ਹੁਕਮ ਦਿੱਤਾ ਹੈ, ਜਿਹੜੇ ਗੈਰਕਾਨੂੰਨੀ ਤੌਰ 'ਤੇ ਅਮਰੀਕਾ ਵਿੱਚ ਰਹਿ ਰਹੇ ਹਨ ਜਾਂ ਆਰਜ਼ੀ ਵੀਜ਼ਾ ਲੈ ਕੇ ਰਹਿ ਰਹੇ ਹਨ। ਇਹ ਹੁਕਮ 30 ਦਿਨਾਂ 'ਚ ਲਾਗੂ ਹੋ ਜਾਵੇਗਾ। ਇਹ ਹੁਕਮ ਅਮਰੀਕੀ ਬੱਚਿਆਂ ਨੂੰ ਮਿਲਣ ਵਾਲੇ ਜਨਮਜਾਤ ਨਾਗਰਿਕਤਾ ਦੇ ਅਧਿਕਾਰ ਨੂੰ ਚੁਣੌਤੀ ਦਿੰਦਾ ਹੈ। ਅਮਰੀਕੀ ਸੰਵਿਧਾਨ ਦੀ 14ਵੀਂ ਸੋਧ ਬੱਚਿਆਂ ਨੂੰ ਜਨਮਜਾਤ ਨਾਗਰਿਕਤਾ ਦੀ ਗਰੰਟੀ ਦਿੰਦੀ ਹੈ। ਇਹ ਕਾਨੂੰਨ 150 ਸਾਲ ਤੋਂ ਲਾਗੂ ਹੈ।

ਟਰੰਪ ਨੇ 6 ਜਨਵਰੀ 2021 'ਚ ਕੈਪੀਟਲ ਹਿਲ ਹਿੰਸਾ ਦੇ ਦੋਸ਼ ਵਿੱਚ ਗ੍ਰਿਫ਼ਤਾਰ ਆਪਣੇ ਕਰੀਬ 1600 ਹਮਾਇਤੀਆਂ ਦੀ ਸਜ਼ਾ ਮੁਆਫ ਕਰ ਦਿੱਤੀ ਹੈ। ਇਨ੍ਹਾਂ ਵਿੱਚੋਂ ਕਈ ਦੇਸ਼ਧ੍ਰੋਹ ਦੀ ਸਾਜ਼ਿਸ਼ ਦੇ ਦੋਸ਼ੀ ਠਹਿਰਾਏ ਜਾ ਚੁੱਕੇ ਹਨ। ਟਰੰਪ ਨੇ ਗੈਰਕਾਨੂੰਨੀ ਪ੍ਰਵਾਸੀਆਂ ਦੀ ਐਂਟਰੀ ਰੋਕਣ ਤੇ ਆ ਚੁੱਕਿਆਂ ਨੂੰ ਕੱਢਣ ਦੀ ਨੀਤੀ ਦਾ ਵੀ ਐਲਾਨ ਕੀਤਾ ਹੈ। ਸੰਸਾਰ ਸਿਹਤ ਜਥੇਬੰਦੀ ਵਿੱਚੋਂ ਨਿਕਲਣ ਦੇ ਐਲਾਨ ਤੋਂ ਪਹਿਲਾਂ ਟਰੰਪ ਕਈ ਵਾਰ ਕਹਿ ਚੁੱਕੇ ਹਨ ਕਿ ਅਮਰੀਕਾ ਇਸਨੂੰ ਸਭ ਤੋਂ ਵੱਧ ਫੰਡ ਦਿੱਦਾ ਹੈ ਪਰ ਫਾਇਦਾ ਦੂਜੇ ਦੇਸ਼ ਲੈਂਦੇ ਹਨ। ਪੈਰਿਸ ਜਲਵਾਯੂ ਸਮਝੌਤੇ ਤੋਂ ਤੁਰੰਤ ਅੱਡ ਹੋਣ ਦਾ ਐਲਾਨ ਟਰੰਪ ਨੇ ਇਸ ਕਰਕੇ ਕੀਤਾ ਹੈ ਕਿ ਉਹ ਆਪਣੀਆਂ ਤੇਲ ਕੰਪਨੀਆਂ ਨੂੰ ਵੱਧ ਤੋਂ ਵੱਧ ਉਤਪਾਦਨ ਦੀ ਛੋਟ ਦੇਣਾ ਚਾਹੁੰਦੇ ਹਨ। ਟਰੰਪ ਦਾ ਕਹਿਣਾ ਹੈ ਕਿ ਚੀਨ ਬੇਰੋਕਟੋਕ ਪ੍ਰਦੂਸ਼ਣ ਫੈਲਾ ਰਿਹਾ ਹੈ ਤੇ ਅਮਰੀਕਾ ਆਪਣੀਆਂ ਸਨਅਤਾਂ ਦਾ ਨੁਕਸਾਨ ਨਹੀਂ ਹੋਣ ਦੇਵੇਗਾ। ਟਰੰਪ ਗ੍ਰੀਨ ਨਿਊ ਡੀਲ ਨੂੰ ਖਤਮ ਕਰਨਗੇ। ਇਸ ਵਿੱਚ ਕਲੀਨ ਐਨਰਜੀ ਨੂੰ ਬੜ੍ਹਾਵਾ ਦੇਣ ਲਈ ਇਲੈਕਟ੍ਰਾਨਿਕ ਵਾਹਨ ਲਾਜ਼ਮੀ ਖਰੀਦਣ ਦੀ ਸ਼ਰਤ ਸੀ। ਟਰੰਪ ਚਾਹੁੰਦੇ ਹਨ ਕਿ ਬੰਦਾ ਜਿਹੜੀ ਮਰਜ਼ੀ ਗੱਡੀ ਖਰੀਦੇ। ਟਰੰਪ ਨੇ ਮੰਗਲ 'ਤੇ ਯਾਤਰੀ ਘੱਲਣ ਦਾ ਐਲਾਨ ਕੀਤਾ। ਟਰੰਪ ਦੇ ਹਮਾਇਤੀ ਤੇ ਸਪੇਸਐਕਸ ਦੇ ਮਾਲਕ ਮਸਕ ਕਈ ਵਾਰ ਧਰਤੀ ਦੇ ਬਾਹਰ ਨਵੀਆਂ ਇਨਸਾਨੀ ਬਸਤੀਆਂ ਵਸਾਉਣ ਦੀ ਗੱਲ ਕਹਿ ਚੁੱਕੇ ਹਨ। ਮੰਗਲ ਗ੍ਰਹਿ ਬਾਰੇ ਟਰੰਪ ਦੇ ਐਲਾਨ 'ਤੇ ਮਸਕ ਨੇ ਖੜ੍ਹੇ ਹੋ ਕੇ ਤਾੜੀਆਂ ਮਾਰੀਆਂ। ਟਰੰਪ ਨੇ ਕਿਊਬਾ ਨੂੰ ਫਿਰ ਦਹਿਸ਼ਤਗਰਦੀ ਦੀ ਸਰਪ੍ਰਸਤੀ ਕਰਨ ਵਾਲੇ ਦੇਸ਼ਾਂ ਦੀ ਲਿਸਟ ਵਿੱਚ ਪਾ ਦਿੱਤਾ ਹੈ। ਪਿਛਲੀ ਬਾਇਡੇਨ ਸਰਕਾਰ ਨੇ ਕਿਊਬਾ ਨੂੰ ਬਲੈਕ ਲਿਸਟ 'ਚੋਂ ਕੱਢਣ ਦਾ ਫੈਸਲਾ ਕੀਤਾ ਸੀ।

ਟਰੰਪ ਨੇ ਵੀਡੀਓ ਸਾਂਝਾ ਕਰਨ ਵਾਲੀ ਸੋਸ਼ਲ ਮੀਡੀਆ ਐਪ 'ਟਿਕਟੌਕ' ਦੇ ਚਲਾਉਣ ਨੂੰ 75 ਦਿਨ ਤੱਕ ਵਧਾਉਣ ਦੇ ਹੁਕਮ 'ਤੇ ਵੀ ਸੋਮਵਾਰ ਦਸਤਖਤ ਕੀਤੇ। ਅਮਰੀਕਾ 'ਚ 'ਟਿਕਟੌਕ' ਦੇ 17 ਕਰੋੜ ਉਪਭੋਗੀ ਹਨ। ਟ੍ਰੰਪ ਨੇ ਹੁਕਮ 'ਚ ਕਿਹਾ—ਮੈਂ ਅਟਾਰਨੀ ਜਨਰਲ ਨੂੰ ਹੁਕਮ ਦੇ ਰਿਹਾ ਹਾਂ ਕਿ ਅੱਜ ਤੋਂ 75 ਦਿਨ ਲਈ ਟਿਕਟੌਕ 'ਤੇ ਪਾਬੰਦੀ ਲਗਾਉਣ ਲਈ ਕੋਈ ਕਦਮ ਨਾ ਚੁੱਕੇ ਜਾਣ ਤਾਂ ਜੋ ਮੇਰੀ ਸਰਕਾਰ ਨੂੰ ਲੋੜੀਂਦਾ ਪ੍ਰਸਤਾਵ ਤਿਆਰ ਕਰਨ ਦਾ ਮੌਕਾ ਮਿਲ ਸਕੇ ਅਤੇ ਉਨ੍ਹਾਂ ਪਲੇਟਫਾਰਮਾਂ ਦਾ ਚਲਾਉਣਾ ਅਚਾਨਕ ਬੰਦ ਹੋਣ ਤੋਂ ਰੋਕਿਆ ਜਾ ਸਕੇ ਜਿਨ੍ਹਾਂ ਦੀ ਵਰਤੋਂ ਲੱਖਾਂ ਅਮਰੀਕੀ ਕਰਦੇ ਹਨ। ਅਮਰੀਕਾ 'ਚ 'ਟਿਕਟੌਕ' 'ਤੇ ਪਾਬੰਦੀ ਲਗਾਉਣ ਵਾਲਾ ਕਾਨੂੰਨ ਪ੍ਰਭਾਵੀ ਹੋਣ ਤੋਂ ਕੁਝ ਘੰਟੇ ਪਹਿਲਾਂ ਐਪ ਨੂੰ ਸ਼ਨਿੱਚਰਵਾਰ ਨੂੰ ਬੰਦ ਕੀਤਾ ਗਿਆ ਸੀ।

ਮਸਕ ਦਾ ਨਾਜ਼ੀ ਸਲੂਟ

ਵਾਸ਼ਿੰਗਟਨ : ਡੋਨਲਡ ਟਰੰਪ ਨੇ ਸਹੁੰ ਚੁੱਕ ਸਮਾਰੋਹ ਤੋਂ ਬਾਅਦ ਕਈ ਐਕਸ਼ਨ ਕੀਤੇ ਪਰ ਸਭ ਤੋਂ ਵੱਧ ਚਰਚਾ ਅਮੀਰਜ਼ਾਦੇ ਐਲਨ ਮਸਕ ਦੇ ਸਲੂਟ ਦੀ ਹੋ ਰਹੀ ਹੈ। ਟਰੰਪ ਦੇ ਸਹੁੰ ਚੁੱਕਣ ਦੇ ਬਾਅਦ ਹੋਈ ਰੈਲੀ 'ਚ ਮਸਕ ਨੇ ਭਾਸ਼ਣ ਦਿੱਤਾ ਤੇ ਲੋਕਾਂ ਨੂੰ ਸਲੂਟ ਕੀਤਾ।

ਅਮਰੀਕੀ ਮੀਡੀਆ ਤੇ ਸੋਸ਼ਲ ਮੀਡੀਆ ਵੱਲੋਂ ਇਸ ਸਲੂਟ ਦੀ ਤੁਲਨਾ ਹਿਟਲਰ ਦੇ ਨਾਜ਼ੀ ਸਲੂਟ ਨਾਲ ਕੀਤੀ ਜਾ ਰਹੀ ਹੈ। ਹਿਟਲਰ ਨੇ ਇਸ ਸਲੂਟ ਦਾ ਇਸਤੇਮਾਲ 1933 ਤੋਂ 1945 ਤਕ ਤੀਜੇ ਰਾਈਖ (ਤੀਜਾ ਜਰਮਨ ਸਾਮਰਾਜ) ਦੌਰਾਨ ਕੀਤਾ ਸੀ।

ਫੈਸਲਾ ਹੁਣ 31 ਨੂੰ



ਨਵੀਂ ਦਿੱਲੀ : ਵਿਸ਼ੇਸ਼ ਜੱਜ ਕਾਵੇਰੀ ਬਵੇਜਾ ਸਾਬਕਾ ਕਾਂਗਰਸੀ ਸੰਸਦ ਮੈਂਬਰ ਸੱਜਣ ਕੁਮਾਰ ਖਿਲਾਫ 1984 ਦੇ ਸਿੱਖ ਵਿਰੋਧੀ ਦੰਗਿਆਂ ਨਾਲ ਜੁੜੇ ਕਤਲ ਕੇਸ 'ਚ ਆਪਣਾ ਫੈਸਲਾ ਮੁਲਤਵੀ ਕਰ ਦਿੱਤਾ ਹੈ। ਪਹਿਲਾਂ ਇਹ ਮੰਗਲਵਾਰ ਸੁਣਾਇਆ ਜਾਣਾ ਸੀ, ਪਰ ਇਸਤਗਾਸਾ ਧਿਰ ਵੱਲੋਂ ਕੁਝ ਨੁਕਤਿਆਂ 'ਤੇ ਬਹਿਸ ਲਈ ਸਮਾਂ ਮੰਗੇ ਜਾਣ ਮਗਰੋਂ ਕੋਰਟ ਨੇ ਫੈਸਲਾ 31 ਜਨਵਰੀ ਤੱਕ ਮੁਲਤਵੀ ਕਰ ਦਿੱਤਾ। ਇਹ ਕੇਸ ਸਰਸਵਤੀ ਵਿਹਾਰ ਵਿੱਚ ਜਸਵੰਤ ਸਿੰਘ ਤੇ ਉਸ ਦੇ ਪੁੱਤਰ ਤਰੁਣਦੀਪ ਸਿੰਘ ਦੀ ਕਥਿਤ ਹੱਤਿਆ ਨਾਲ ਜੁੜਿਆ ਹੈ।

'ਪੰਜਾਬ 95' ਦੀ ਰਿਲੀਜ਼ ਟਲੀ

ਨਵੀਂ ਦਿੱਲੀ : ਗਾਇਕ ਤੇ ਅਦਾਕਾਰ ਦਿਲਜੀਤ ਦੋਸਾਂਝ ਦੀ ਫਿਲਮ 'ਪੰਜਾਬ 95' ਲਈ ਦਰਸ਼ਕਾਂ ਨੂੰ ਅਜੇ ਹੋਰ ਉਡੀਕ ਕਰਨੀ ਹੋਵੇਗੀ, ਕਿਉਂਕਿ ਇਹ 7 ਫਰਵਰੀ ਨੂੰ ਰਿਲੀਜ਼ ਨਹੀਂ ਹੋਵੇਗੀ। ਫਿਲਮ ਮਨੁੱਖੀ ਹੱਕਾਂ ਬਾਰੇ ਕਾਰਕੁੰਨ ਜਸਵੰਤ ਸਿੰਘ ਖਾਲੜਾ ਦੀ ਜ਼ਿੰਦਗੀ ਉੱਤੇ ਅਧਾਰਤ ਹੈ। ਦੋਸਾਂਝ ਨੇ ਕਿਹਾ ਹੈ—ਸਾਨੂੰ ਅਫਸੋਸ ਹੈ ਤੇ ਇਹ ਦੱਸਦਿਆਂ ਬਹੁਤ ਦੁੱਖ ਹੋ ਰਿਹਾ ਹੈ ਕਿ ਸਾਡੇ ਵੱਸੋਂ ਬਾਹਰੇ ਹਾਲਾਤ ਕਰਕੇ ਫਿਲਮ ਹੁਣ 7 ਫਰਵਰੀ ਨੂੰ ਰਿਲੀਜ਼ ਨਹੀਂ ਹੋਵੇਗੀ।

ਮੱਧ ਵਰਗ ਵੀ ਕਰਜ਼ਾ ਲੈਣ ਲਈ ਮਜਬੂਰ : ਰਾਹੁਲ

ਨਵੀਂ ਦਿੱਲੀ : ਰਾਹੁਲ ਗਾਂਧੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸਰਕਾਰ ਦੀਆਂ ਆਰਥਿਕ ਨੀਤੀਆਂ 'ਤੇ ਹਮਲਾ ਕਰਦਿਆਂ 'ਐਕਸ' ਖਾਤੇ 'ਤੇ ਇੱਕ ਪੋਸਟ 'ਚ ਦੇਸ਼ ਦੀ ਅਰਥਵਿਵਸਥਾ ਦੀਆਂ ਕਮੀਆਂ ਦਰਸਾਉਂਦੇ ਹੋਏ ਸਵਾਲ ਚੁੱਕਿਆ ਕਿ ਕੀ ਦੇਸ਼ ਦੇ ਮਿਹਨਤੀ ਨਾਗਰਿਕਾਂ ਨੂੰ ਉਨ੍ਹਾਂ ਦੀ ਮਿਹਨਤ ਦਾ ਯੋਗ ਹਿੱਸਾ ਮਿਲ ਰਿਹਾ ਹੈ? ਰਾਹੁਲ ਨੇ ਕਿਹਾ ਕਿ ਇਹ ਨੀਤੀਆਂ ਆਮ ਲੋਕਾਂ ਨੂੰ ਨੁਕਸਾਨ ਅਤੇ ਕਾਰਪੋਰੇਟਾਂ ਨੂੰ ਲਾਭ ਪਹੁੰਚਾ ਰਹੀਆਂ ਹਨ। ਉਨ੍ਹਾ ਨੇ ਕੁਝ ਅਹਿਮ ਬਿੰਦੂਆਂ 'ਤੇ ਸਰਕਾਰ ਨੂੰ ਘੇਰਿਆ। ਮੈਨੂਫੈਕਚਰਿੰਗ ਖੇਤਰ 'ਚ ਗਿਰਾਵਟ : ਰਾਹੁਲ ਗਾਂਧੀ ਨੇ ਕਿਹਾ ਕਿ ਮੈਨੂਫੈਕਚਰਿੰਗ ਖੇਤਰ ਦੀ ਅਰਥਵਿਵਸਥਾ 'ਚ ਹਿੱਸੇਦਾਰੀ 60 ਸਾਲਾਂ ਦੇ ਸਭ ਤੋਂ ਹੇਠਲੇ ਪੱਧਰ 'ਤੇ ਹੈ। ਇਸ ਕਾਰਨ ਰੁਜ਼ਗਾਰ ਦੇ ਮੌਕੇ ਤੇਜ਼ੀ ਨਾਲ ਘਟ ਰਹੇ ਹਨ ਅਤੇ ਨੌਜਵਾਨਾਂ ਨੂੰ ਸੰਘਰਸ਼ ਕਰਨਾ ਪੈ ਰਿਹਾ ਹੈ। ਇਸ ਦੇ ਨਾਲ ਹੀ ਕਿਸਾਨੀ ਖੇਤਰ 'ਚ ਬਦਹਾਲੀ ਬਾਰੇ ਮੁੱਦਾ ਉਠਾਉਂਦਿਆਂ ਉਨ੍ਹਾ ਕਿਸਾਨੀ ਨੀਤੀਆਂ ਨੂੰ ਫੇਲ੍ਹ ਕਰਾਰ ਦਿੰਦਿਆਂ ਕਿਹਾ ਕਿ ਕਿਸਾਨ ਅਤੇ ਖੇਤ ਮਜ਼ਦੂਰ ਮੁਸ਼ਕਲ ਨਾਲ ਆਪਣਾ ਗੁਜ਼ਾਰਾ ਕਰ ਰਹੇ ਹਨ। ਉਨ੍ਹਾ ਕਿਹਾ ਕਿ ਪਿਛਲੇ ਪੰਜ ਸਾਲਾਂ 'ਚ ਮਜ਼ਦੂਰਾਂ ਦੀ ਹਕੀਕੀ ਆਮਦਨੀ ਜਾਂ ਤਾਂ ਸਥਿਰ ਰਹੀ ਹੈ ਜਾਂ ਘਟੀ ਹੈ।

ਰਾਹੁਲ ਗਾਂਧੀ ਨੇ ਦੋਸ਼ ਲਾਇਆ ਕਿ ਜੀ ਐੱਸ ਟੀ ਅਤੇ ਆਮਦਨ ਟੈਕਸ ਨੇ ਮੱਧ ਵਰਗ ਅਤੇ ਗਰੀਬਾਂ ਦੀਆਂ ਮੁਸ਼ਕਲਾਂ ਵਧਾ ਦਿੱਤੀਆਂ ਹਨ, ਜਦਕਿ ਵੱਡੇ ਕਾਰਪੋਰੇਟ ਘਰਾਣਿਆਂ ਦੇ ਕਰਜ਼ੇ ਮਾਫ ਕੀਤੇ ਜਾ ਰਹੇ ਹਨ। ਦੂਜੇ ਪਾਸੇ ਮਹਿੰਗਾਈ ਦੇ ਕਾਰਨ ਹੁਣ ਮੱਧ ਵਰਗ ਵੀ ਆਪਣੀਆਂ ਲੋੜਾਂ ਨੂੰ ਪੂਰਾ ਕਰਨ ਲਈ ਕਰਜ਼ਾ ਲੈਣ ਨੂੰ ਮਜਬੂਰ ਹੈ। ਰਾਹੁਲ ਗਾਂਧੀ ਨੇ ਕਿਹਾ ਕਿ ਅਸਲ ਵਿਕਾਸ ਉਹੀ ਹੈ, ਜਿਸ 'ਚ ਹਰ ਵਰਗ ਦੀ ਤਰੱਕੀ ਹੋਵੇ। ਉਨ੍ਹਾ ਨਿਰਪੱਖ ਵਪਾਰ ਮਾਹੌਲ, ਸਹੀ ਟੈਕਸ ਸਿਸਟਮ ਅਤੇ ਮਜ਼ਦੂਰਾਂ ਦੀ ਆਮਦਨੀ 'ਚ ਵਾਧੇ ਦੀ ਲੋੜ 'ਤੇ ਜ਼ੋਰ ਦਿੱਤਾ।

ਸ਼ੇਅਰ ਬਾਜ਼ਾਰ ਨੂੰ ਗਸ਼ੀ

ਮੁੰਬਈ : ਟਰੰਪ ਵੱਲੋਂ ਅਮਰੀਕੀ ਰਾਸ਼ਟਰਪਤੀ ਵਜੋਂ ਸਹੁੰ ਚੁੱਕਦੇ ਹੀ ਗੁਆਂਢੀ ਮੁਲਕਾਂ ਨੂੰ ਵਧ ਟੈਕਸ ਲਾਉਣ ਦੇ ਕੀਤੇ ਐਲਾਨ ਮਗਰੋਂ ਬੰਬੇ ਸਟਾਕ ਐਕਸਚੇਂਜ ਦਾ 30 ਸ਼ੇਅਰਾਂ ਵਾਲਾ ਸੂਚਕ ਅੰਕ ਮੰਗਲਵਾਰ 1235.08 ਨੁਕਤਿਆਂ ਦੇ ਨੁਕਸਾਨ ਨਾਲ ਸੱਤ ਮਹੀਨਿਆਂ ਦੇ ਹੇਠਲੇ ਪੱਧਰ 'ਤੇ ਪੁੱਜ ਗਿਆ। ਸੈਂਸੈਕਸ ਦਿਨ ਦੇ ਕਾਰੋਬਾਰ ਦੌਰਾਨ ਇਕ ਵਾਰ 1431.57 ਨੁਕਤਿਆਂ ਦੇ ਨੁਕਸਾਨ ਨਾਲ 75,641.87 ਦੇ ਪੱਧਰ ਨੂੰ ਵੀ ਪੁੱਜਾ, ਪਰ ਫਿਰ 1.60 ਫੀਸਦ ਦੇ ਨੁਕਸਾਨ ਨਾਲ 75,838.36 ਉੱਤੇ ਬੰਦ ਹੋਇਆ। ਆਈ ਸੀ ਆਈ ਸੀ ਆਈ ਬੈਂਕ ਤੇ ਰਿਲਾਇੰਸ ਇੰਡਸਟਰੀਜ਼ ਦੇ ਸ਼ੇਅਰਾਂ ਨੂੰ ਵੱਡੀ ਮਾਰ ਪਈ। ਉਧਰ ਨਿਫਟੀ 367.9 ਨੁਕਤੇ ਡਿੱਗ ਕੇ 22,976.85 ਦੇ ਪੱਧਰ 'ਤੇ ਬੰਦ ਹੋਇਆ।

20 ਨਕਸਲੀ ਮਾਰੇ

ਗਰੀਆਬੰਦ : ਛੱਤੀਸਗੜ੍ਹ ਦੇ ਗਰੀਆਬੰਦ ਜ਼ਿਲ੍ਹੇ 'ਚ ਸੁਰੱਖਿਆ ਬਲਾਂ ਨੇ ਵੱਡੇ ਆਪ੍ਰੇਸ਼ਨ 'ਚ 20 ਨਕਸਲੀ ਮਾਰ ਦਿੱਤੇ ਸਨ ਤੇ ਮੁਕਾਬਲਾ ਜਾਰੀ ਸੀ। ਮਾਰੇ ਜਾਣ ਵਾਲਿਆਂ 'ਚ ਆਂਧਰਾ ਦਾ ਇੱਕ ਕਰੋੜ ਦੇ ਇਨਾਮ ਵਾਲਾ ਪ੍ਰਤਾਪ ਰੈੱਡੀ ਰਾਮਚੰਦਰ ਰੈੱਡੀ ਉਰਫ ਚਲਪਤੀ (62) ਵੀ ਹੈ। ਛੱਤੀਸਗੜ੍ਹ-ਓਡੀਸ਼ਾ ਸਰਹੱਦ ਦੇ ਨਾਲ ਮੈਨਪੁਰ ਥਾਣਾ ਖੇਤਰ ਦੇ ਅਧੀਨ ਜੰਗਲ 'ਚ ਸੋਮਵਾਰ ਦੇਰ ਰਾਤ ਅਤੇ ਮੰਗਲਵਾਰ ਸਵੇਰੇ ਗੋਲੀਬਾਰੀ ਹੋਈ। ਆਪ੍ਰੇਸ਼ਨ 'ਚ ਸੀ ਆਰ ਪੀ ਐੱਫ, ਛੱਤੀਸਗੜ੍ਹ ਤੋਂ ਕੋਬਰਾ ਅਤੇ ਓਡੀਸ਼ਾ ਤੋਂ ਸਪੈਸ਼ਲ ਆਪ੍ਰੇਸ਼ਨ ਗਰੁੱਪ ਦੇ ਜਵਾਨਾਂ ਦੀ ਸਾਂਝੀ ਟੀਮ ਸ਼ਾਮਲ ਸੀ। ਓਡੀਸ਼ਾ ਦੇ ਨੁਪਾੜਾ ਜ਼ਿਲ੍ਹੇ ਦੀ ਸਰਹੱਦ ਤੋਂ ਸਿਰਫ 5 ਕਿਲੋਮੀਟਰ ਦੂਰ ਛੱਤੀਸਗੜ੍ਹ ਦੇ ਕੁਲਰੀਘਾਟ ਰਿਜ਼ਰਵ ਜੰਗਲ 'ਚ ਮਾਓਵਾਦੀਆਂ ਦੀ ਮੌਜੂਦਗੀ ਬਾਰੇ ਖੁਫੀਆ ਸੂਚਨਾ ਦੇ ਆਧਾਰ 'ਤੇ 19 ਜਨਵਰੀ ਦੀ ਰਾਤ ਨੂੰ ਆਪ੍ਰੇਸ਼ਨ ਚਲਾਇਆ ਗਿਆ ਸੀ।

ਸੈਫ਼ ਨੂੰ ਹਸਪਤਾਲ ਤੋਂ ਛੁੱਟੀ

ਮੁੰਬਈ : ਸੈਫ਼ ਅਲੀ ਖਾਨ ਨੂੰ ਮੰਗਲਵਾਰ ਪੰਜ ਦਿਨਾਂ ਮਗਰੋਂ ਲੀਲਾਵਤੀ ਹਸਪਤਾਲ 'ਚੋਂ ਛੁੱਟੀ ਮਿਲ ਗਈ। ਉਹ 16 ਜਨਵਰੀ ਨੂੰ ਬਾਂਦਰਾ ਵਿਚਲੇ ਆਪਣੇ ਅਪਾਰਟਮੈਂਟ ਵਿੱਚ ਇੱਕ ਸ਼ਖਸ ਵੱਲੋਂ ਚਾਕੂ ਨਾਲ ਕੀਤੇ ਹਮਲੇ 'ਚ ਜ਼ਖਮੀ ਹੋ ਗਿਆ ਸੀ।

ਅਡਾਨੀ ਜੋੜਾ ਮਹਾਂਕੁੰਭ ਮੇਲੇ 'ਚ

ਪ੍ਰਯਾਗਰਾਜ : ਅਡਾਨੀ ਸਮੂਹ ਦੇ ਚੇਅਰਮੈਨ ਗੌਤਮ ਅਡਾਨੀ ਨੇ ਆਪਣੀ ਪਤਨੀ ਪ੍ਰੀਤੀ ਅਡਾਨੀ ਨਾਲ ਮੰਗਲਵਾਰ ਇੱਥੇ ਮਹਾਂਕੁੰਭ ਮੇਲੇ 'ਚ ਗੰਗਾ ਪੂਜਾ ਕੀਤੀ ਅਤੇ ਮੇਲਾ ਮੈਦਾਨ 'ਤੇ 'ਮਹਾਪ੍ਰਸਾਦ' ਤਿਆਰ ਕਰਨ ਤੇ ਇਸ ਨੂੰ ਸ਼ਰਧਾਲੂਆਂ

22-JAN-PAGE-1.qxd 1/21/2025 10:41 PM Page 2

ਕਰੀਅਰ ਗਾਈਡੈਂਸ ਵਿਸ਼ੇ 'ਤੇ ਗੈਸਟ ਲੈਕਚਰ

ਸ਼ੇਰਪੁਰ (ਸੁਖਦੇਵ ਧੂਰੀ)-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੂਲੋਵਾਲ ਵਿਖੇ ਸਕੂਲ ਇੰਚਾਰਜ ਰੰਜੂ ਬਾਲਾ ਦੀ ਅਗਵਾਈ ਵਿੱਚ ਕਰੀਅਰ ਗਾਈਡੈਂਸ ਅਧੀਨ ਗੈਸਟ ਲੈਕਚਰ ਕਰਵਾਇਆ ਗਿਆ, ਜਿਸ ਵਿੱਚ ਸਮਾਜ ਸੇਵੀ ਅਸ਼ੋਕ ਭੰਡਾਰੀ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ। ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਗਣਿਤ ਅਧਿਆਪਕ ਯਾਦਵਿੰਦਰ ਪਾਲ ਨੇ ਦੱਸਿਆ ਕਿ ਅਸ਼ੋਕ ਭੰਡਾਰੀ ਨੇ ਆਪਣੇ ਭਾਸ਼ਣ ਵਿੱਚ ਆਪਣੇ ਨਿੱਜੀ ਅਨੁਭਵ ਦੇ ਆਧਾਰ 'ਤੇ ਵਿਦਿਆਰਥੀਆਂ ਨੂੰ ਸਫਲ ਕਾਰੋਬਾਰੀ ਬਣਨ ਦੇ ਨੁਕਤੇ ਦੱਸੇ ਅਤੇ ਵਿਦਿਆਰਥੀਆਂ ਨੂੰ ਕਿਹਾ ਕਿ ਆਪਣੀ ਜ਼ਿੰਦਗੀ ਵਿੱਚ ਕੋਈ ਟੀਚਾ ਜ਼ਰੂਰ ਮਿੱਥਣਾ ਚਾਹੀਦਾ ਹੈ ਅਤੇ ਪੂਰੀ ਦਿੜ੍ਹਤਾ, ਲਗਨ ਅਤੇ ਸਖਤ ਮਿਹਨਤ ਨਾਲ ਪ੍ਰਾਪਤੀ ਵੱਲ ਵੱਧਣਾ ਚਾਹੀਦਾ ਹੈ। ਅਸ਼ੋਕ ਭੰਡਾਰੀ ਨੇ ਵਿਦਿਆਰਥੀਆਂ ਨੂੰ ਜਿੱਥੇ ਕਰੀਅਰ ਸੰਬੰਧੀ ਜਾਣਕਾਰੀ ਦਿੱਤੇ ਉੱਥੇ ਉਨ੍ਹਾਂ ਨੇ ਵਿਦਿਆਰਥੀਆਂ ਵਿੱਚ ਆਪਣੇ ਵਿਚਾਰਾਂ ਨਾਲ ਜ਼ਿੰਦਗੀ ਵਿੱਚ ਵਧੀਆ ਇਨਸਾਨ ਬਣਨ ਦੀ ਭਾਵਨਾ ਪੈਦਾ ਕੀਤੀ। ਸਕੂਲ ਕਰੀਅਰ ਗਾਈਡੈਂਸ ਕਿਰਿਆਵਾਂ ਦੇ ਇੰਚਾਰਜ ਹਰਪ੍ਰੀਤ ਕੌਰ ਅਤੇ ਬਲਜਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਅਸ਼ੋਕ ਭੰਡਾਰੀ ਦੇ ਵਿਚਾਰਾਂ ਤੋਂ ਸੇਧ ਲੈ ਕੇ ਜ਼ਿੰਦਗੀ ਵਿੱਚ ਹਰ ਸਮੇਂ ਕੁਝ ਨਾ ਕੁਝ ਸਿੱਖਣ ਲਈ ਤਤਪਰ ਰਹਿਣਾ ਚਾਹੀਦਾ ਹੈ। ਇਸ ਸਮਾਰੋਹ ਵਿੱਚ ਮੈਡਮ ਸ਼ਵੇਤਾ ਨੇ ਸਟੇਜ ਸਕੱਤਰ ਦੀ ਭੂਮਿਕਾ ਬਖੂਬੀ ਨਾਲ ਨਿਭਾਈ। ਅੰਤ ਵਿੱਚ ਸਕੂਲ ਇੰਚਾਰਜ ਰੰਜੂ ਬਾਲਾ ਵੱਲੋਂ ਅਸ਼ੋਕ ਭੰਡਾਰੀ ਨੂੰ ਵਿਸ਼ੇਸ਼ ਸਨਮਾਨ ਨਾਲ ਸਨਮਾਨਿਤ ਕਰਦੇ ਹੋਏ ਉਨ੍ਹਾਂ ਦਾ ਵਿਦਿਆਰਥੀਆਂ ਨਾਲ ਰੂਬਰੂ ਹੋਣ ਲਈ ਧੰਨਵਾਦ ਕੀਤਾ। ਇਸ ਮੌਕੇ ਮਨਪ੍ਰੀਤ ਕੌਰ, ਮੋਹਿਤ ਕੁਮਾਰ, ਅਮਰਿੰਦਰ ਸਿੰਘ, ਕੁਲਵੰਤ ਸਿੰਘ, ਅਮਰਪਾਲ ਸਿੰਘ ਅਤੇ ਸੰਦੀਪ ਬਾਂਸਲ ਹਾਜ਼ਰ ਸਨ।

ਪ੍ਰਾਚੀਨ ਸ਼ਿਵ ਮੰਦਰ ਪਾਤੜਾਂ ਤੋਂ ਸੰਧਿਆ ਫੇਰੀ ਕੱਢੀ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਦੁਆਰਾ ਪ੍ਰਾਚੀਨ ਸ਼ਿਵ ਮੰਦਰ ਪਾਤੜਾਂ ਵਿਖੇ ਚਾਰ ਦਿਨਾ ਭਗਵਾਨ ਸ਼ਿਵ ਕਥਾ ਦਾ ਸੰਦੇਸ਼ ਸ਼ਹਿਰ ਵਾਸੀਆਂ ਨੂੰ ਦੇਣ ਦੇ ਲਈ ਸ਼ਹਿਰ ਦੇ ਮੁੱਖ ਸਥਾਨਾਂ ਤੋਂ ਸੰਧਿਆ ਫੇਰੀ ਕੱਢੀ ਗਈ ਜਿਸ ਦੀ ਸ਼ੁਰੂਆਤ ਸ਼੍ਰੀ ਹਨੂੰਮਾਨ ਮੰਦਰ ਤੋਂ ਕੌਂਸਲਰ ਸੋਨੀ ਜਲੌਰ ਅਤੇ ਉਨਾਂ ਦੀ ਧਰਮ ਪਤਨੀ ਰੁਚੀ ਗਰਗ, ਸੱਜਣ ਮਿੱਤਲ ਸੰਸਥਾਪਕ, ਬਾਲਾ ਜੀ ਜਾਗਰਣ ਮੰਡਲ ਪਾਤੜਾਂ, ਮਹਿਲਾ ਮੰਡਲ ਪ੍ਰਧਾਨ ਸਰੋਜ ਸਿੰਗਲਾ, ਮਨੀ ਸਿੰਗਲਾ, ਸਮਾਜ ਸੇਵੀ ਵਿਜੇ ਪਤਲੀ ਦੁਆਰਾ ਝੰਡਾ ਲਹਿਰਾ ਕੇ ਕੀਤੀ ਗਈ। ਸੰਧਿਆ ਫੇਰੀ ਹਨੂੰਮਾਨ ਮੰਦਰ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਮੁੱਖ ਸਥਾਨਾਂ ਤੋਂ ਕੱਢੀ ਗਈ। ਇਲਾਕਾ ਨਿਵਾਸੀਆਂ ਨੇ ਆਪਣੇ ਆਪਣੇ ਘਰਾਂ ਤੋਂ ਬਾਹਰ ਨਿਕਲ ਕੇ ਸੰਧਿਆ ਫੇਰੀ ਦਾ ਸਵਾਗਤ ਕੀਤਾ ਅਤੇ ਪ੍ਰਭੂ ਦਾ ਪਾਵਨ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਸੰਧਿਆ ਫੇਰੀ ਵਿੱਚ ਸਾਧਵੀ ਭੈਣਾਂ ਦੁਆਰਾ ਮਧੁਰ ਅਤੇ ਭਗਤੀਮਈ ਭਜਨਾਂ ਦਾ ਗਾਇਨ ਕੀਤਾ ਗਿਆ। ਇਲਾਕਾ ਨਿਵਾਸੀਆਂ ਨੇ ਫੁੱਲਾਂ ਦੀ ਵਰਖਾ ਨਾਲ ਸੰਧਿਆ ਫੇਰੀ ਦਾ ਸਵਾਗਤ ਕੀਤਾ। ਸੰਧਿਆ ਫੇਰੀ ਵਿੱਚ ਪ੍ਰਭੂ ਭਗਤਾਂ ਨੇ ਕੀਰਤਨ ਕਰਦੇ ਹੋਏ ਇਲਾਕਾ ਨਿਵਾਸੀਆਂ ਨੂੰ ਸ਼ਿਵ ਕਥਾ ਦਾ ਸੰਦੇਸ਼ ਦਿੱਤਾ। ਇਸ ਸੰਧਿਆ ਫੇਰੀ ਦਾ ਸਮਾਪਤੀ ਪ੍ਰਭੂ ਦੀ ਪਾਵਨ ਪੁਨੀਤ ਆਰਤੀ ਨਾਲ ਹੋਈ ਜਿਸ ਵਿੱਚ ਵਿਸ਼ੇਸ਼ ਰੂਪ 'ਚ ਬਾਲਾ ਜੀ ਜਾਗਰਣ ਮੰਡਲ ਪਾਤੜਾਂ ਦੇ ਪ੍ਰਧਾਨ ਕੇਵਲ ਕ੍ਰਿਸਨ ਬਾਂਸਲ, ਚੇਅਰਮੈਨ ਹੰਸਰਾਜ ਗਰਗ, ਕੈਸ਼ੀਅਰ ਰਾਜਕੁਮਾਰ ਗਰਗ, ਉਪ ਪ੍ਰਧਾਨ ਮੱਖਣ ਸਿੰਗਲਾ, ਸੈਕਰੇਟਰੀ ਸੁਭਾਸ਼ ਗੋਇਲ, ਮਹਿਲਾ ਮੰਡਲ ਤੋਂ ਲਲਿਤਾ ਗਰਗ, ਨਿਧੀ ਗਰਗ, ਗੁੱਡੂ ਅਤੇ ਸੋਨੀਆ ਹਾਜ਼ਰ ਰਹੇ।

ਭਰਤੀ ਮੁਹਿੰਮ ਦੌਰਾਨ ਔਰਤਾਂ ਬਣ ਰਹੀਆਂ ਪਾਰਟੀ ਮੈਂਬਰ : ਹਰਗੋਬਿੰਦ ਕੌਰ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਸ਼੍ਰੋਮਣੀ ਅਕਾਲੀ ਦਲ ਵੱਲੋਂ ਪਾਰਟੀ ਲਈ ਜੋ ਭਰਤੀ ਮੁਹਿੰਮ ਸ਼ੁਰੂ ਕੀਤੀ ਗਈ ਹੈ ਉਸ ਮੁਹਿੰਮ ਵਿੱਚ ਔਰਤਾਂ ਵੱਡੀ ਗਿਣਤੀ ਵਿੱਚ ਅਕਾਲੀ ਦਲ ਦੀਆਂ ਮੈਂਬਰ ਬਣ ਰਹੀਆਂ ਹਨ।ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਇਸਤਰੀ ਅਕਾਲੀ ਦਲ ਦੇ ਕੌਮੀ ਪ੍ਰਧਾਨ ਹਰਗੋਬਿੰਦ ਕੌਰ ਨੇ ਅੱਜ ਸ੍ਰੀ ਮੁਕਤਸਰ ਸਾਹਿਬ ਵਿਖੇ ਔਰਤਾਂ ਨਾਲ ਕੀਤੀ ਗਈ ਮੀਟਿੰਗ ਦੌਰਾਨ ਕੀਤਾ।ਇਸ ਮੌਕੇ ਔਰਤਾਂ ਨੂੰ ਸ਼੍ਰੋਮਣੀ ਅਕਾਲੀ ਦਲ ਦੀਆਂ ਪਰਚੀਆਂ ਕੱਟ ਕੇ ਦਿੱਤੀਆਂ ਗਈਆਂ।ਉਹਨਾਂ ਕਿਹਾ ਕਿ 20 ਫਰਵਰੀ ਤੱਕ ਅਕਾਲੀ ਦਲ ਦੇ ਮੈਂਬਰਾਂ ਦੀ ਭਰਤੀ ਕੀਤੀ ਜਾਣੀ ਹੈ ਤੇ ਡੈਲੀਗੇਟ ਚੁਣੇ ਜਾਣਗੇ ।ਹਰਗੋਬਿੰਦ ਕੌਰ ਨੇ ਔਰਤਾਂ ਨੂੰ ਪੁਰਜਜ਼ੋਰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਨਾਲ ਜੁੜਨ ਤੇ 2027 ਵਿੱਚ ਆਪਣੀ ਸਰਕਾਰ ਬਣਾਉਣ।ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਰਾਜ ਵਿੱਚ ਹੀ ਸਾਰੀਆਂ ਭਲਾਈ ਸਕੀਮਾਂ ਲੋਕਾਂ ਲਈ ਚਲਾਈਆਂ ਗਈਆਂ ਸਨ।ਜਦੋਂ ਕਿ ਦੂਜੀਆਂ ਸਿਆਸੀ ਪਾਰਟੀਆਂ ਨੇ ਤਾਂ ਪੰਜਾਬ ਨੂੰ ਲੁੱਟਣ ਤੋਂ ਇਲਾਵਾ ਹੋਰ ਕੁੱਝ ਵੀ ਨਹੀਂ ਕੀਤਾ ।

ਲੋੜਵੰਦਾਂ ਨੂੰ ਗਰਮ ਕੱਪੜੇ ਵੰਡੇ

ਬਰੇਟਾ (ਗੀਤਵਾਲ)-ਆਸਰਾ ਫਾਊਂਡੇਸ਼ਨ ਬਰੇਟਾ ਵੱਲੋਂ ਪਿਛਲੇ ਕਾਫੀ ਸਾਲਾਂ ਤੋਂ ਸਖਤ ਸਰਦੀ ਦੀ ਸ਼ੁਰੂਆਤ ਹੁੰਦਿਆਂ ਹੀ ਸਰਦੀਆਂ ਦਾ ਗਰਮ ਕੱਪੜਾ ਲੋੜਵੰਦਾਂ ਨੂੰ ਵੰਡਣ ਲਈ ਸ਼ਹਿਰ ਤੇ ਇਲਾਕੇ ਵਿੱਚੋਂ ਇਕੱਠਾ ਕੀਤਾ ਜਾਂਦਾ ਹੈ, ਜਿਸ ਦੇ ਚੱਲਦਿਆਂ ਇਸ ਵਾਰ ਵੀ ਸਾਡੇ ਡੋਨਰ ਵੀਰਾਂ ਵੱਲੋਂ ਬਹੁਤ ਜ਼ਿਆਦਾ ਗ਼ਰਮ ਕੱਪੜਾ ਕੰਬਲ, ਰਜਾਈਆਂ, ਚਾਦਰਾਂ, ਕੋਟ, ਕੋਟੀਆਂ, ਜੁਰਾਬਾਂ, ਸੂਟ, ਪੈਂਟਾਂ, ਸ਼ਰਟਾਂ, ਟੋਪੀਆਂ ਆਦਿ ਵੰਡਣ ਲਈ ਲਗਭਗ ਦੋ ਪੀਟਰ ਰੇਹੜੇ ਦਾਨ ਵਿੱਚ ਦਿੱਤੇ ਸਨ। ਟੀਮ ਆਸਰਾ ਵੱਲੋਂ ਲੋੜਵੰਦਾਂ ਨੂੰ ਆਪਣਾ ਪਰਵਾਰ ਸਮਝਦਿਆਂ ਉਹ ਗਰਮ ਕੱਪੜਾ ਸੇਵਾਦਾਰ ਬੀਬੀਆਂ ਦੇ ਸਹਿਯੋਗ ਨਾਲ ਸਾਫ਼ ਕਰਕੇ ਅਲੱਗ-ਅਲੱਗ ਛਾਂਟ ਕੇ ਲਿਫ਼ਾਫ਼ਿਆਂ ਵਿੱਚ ਪੈਕਿੰਗ ਕਰਕੇ ਕਈ ਦਿਨਾਂ ਦੀ ਸਖਤ ਮਿਹਨਤ ਨਾਲ ਤਿਆਰ ਕੀਤਾ ਜਾਂਦਾ ਹੈ, ਜੋ ਸਰਦੀ ਵਿੱਚ ਵੱਖ ਵੱਖ ਟੀਮਾਂ ਬਣਾ ਕੇ ਭੱਠਿਆਂ, ਰੇਲਵੇ ਸਟੇਸ਼ਨਾਂ, ਫੁੱਟਪਾਥਾਂ, ਬਿਰਧ ਆਸ਼ਰਮਾਂ, ਵਿੱਚ ਜਾਂ ਜਿੱਥੇ ਵੀ ਕੋਈ ਲੋੜਵੰਦ ਭਾਵੇਂ ਉਹ ਘਰ ਵਿੱਚ ਹੋਵੇ ਜਾ ਕੇ ਵੰਡਿਆ ਜਾ ਰਿਹਾ ਹੈ।ਐਡਵੋਕੇਟ ਰਵਿੰਦਰ ਸਿੰਘ ਸੇਖੋਂ ਕਾਹਨਗੜ੍ਹ ਤੇ ਰਾਮ ਸਿੰਘ ਸੇਖੋਂ ਚੇਅਰਮੈਨ ਗਿਆਨ ਸਾਗਰ ਕਾਨਵੈਂਟ ਸਕੂਲ ਕਾਹਨਗੜ੍ਹ ਵੱਲੋਂ ਦੱਸਿਆ ਗਿਆ ਕਿ ਸਾਡੇ ਸ਼ਹਿਰ ਅਤੇ ਇਲਾਕਾ ਨਿਵਾਸੀਆਂ ਕੋਲ ਜਿੱਥੇ ਗਰਮ ਕੱਪੜਾ ਵਾਧੂ ਰੂਪ ਦੇ ਵਿੱਚ ਪਿਆ ਹੈ, ਉਥੇ ਹੀ ਉਹ ਠੰਡ ਵਿੱਚ ਠਰਦੇ ਬੱਚਿਆਂ, ਬੱਚੀਆਂ, ਬਜ਼ੁਰਗਾਂ ਨੂੰ ਦੇ ਕੇ ਆਪਣੀਆਂ ਖੁਸ਼ੀਆਂ ਲੋੜਵੰਦਾਂ ਨਾਲ ਸਾਂਝੀਆਂ ਕਰਕੇ ਦੁੱਗਣੀਆਂ ਕਰਕੇ ਨੇਕ ਕਾਰਜ ਕਰ ਰਹੇ ਹਨ।ਸੰਜੀਵਨੀ ਵੈਲਫੇਅਰ ਸੁਸਾਇਟੀ ਦੇ ਸਰਪ੍ਰਸਤ ਡਾਕਟਰ ਬਲਦੇਵ ਕੱਕੜ ਤੇ ਸਟੇਟ ਐਵਾਰਡੀ ਰਜਿੰਦਰ ਕੁਮਾਰ ਵੱਲੋਂ ਟੀਮ ਆਸਰਾ ਦੇ ਨੇਕ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਜਦੋਂ ਸਖਤ ਸਰਦੀ ਵਿੱਚ ਅਸੀਂ ਆਪਣੀਆਂ ਰਜਾਈਆਂ ਵਿੱਚ ਨਹੀਂ ਨਿਕਲਦੇ, ਉਥੇ ਹੀ ਇਨ੍ਹਾਂ ਦੀ ਟੀਮ ਦੇ ਸਾਰੇ ਮੈਂਬਰ ਸਾਹਿਬਾਨ ਝੁੱਗੀਆਂ ਝੌਂਪੜੀਆਂ ਤੇ ਲੋੜਵੰਦਾਂ ਦੇ ਵੇਹੜਿਆਂ ਵਿੱਚ ਫਿਰਦੇ ਰਹਿੰਦੇ ਹਨ। ਬਹੁਤ ਮਿਹਨਤੀ ਅਤੇ ਸੇਵਾ ਨੂੰ ਸਮਰਪਤ ਹਨ।

ਡਾ. ਜਨਕ ਰਾਜ ਸਿੰਗਲਾ ਆਈ ਐਮ ਏ ਦੇ 5ਵੀਂ ਵਾਰ ਪ੍ਰਧਾਨ ਬਣੇ

ਮਾਨਸਾ (ਆਤਮਾ ਸਿੰਘ ਪਮਾਰ)-ਇੰਡੀਅਨ ਮੈਡੀਕਲ ਐਸੋਸੀਏਸ਼ਨ ਦੀ ਜਨਰਲ ਬਾਡੀ ਦੀ ਡਿਨਰ ਮੀਟਿੰਗ ਸਥਾਨਕ ਮਹਿਕ ਹੋਟਲ ਵਿਖੇ ਹੋਈ। ਮੀਟਿੰਗ ਦੌਰਾਨ ਜੁੜੇ ਹਾਊਸ ਵੱਲੋਂ ਡਾ. ਜਨਕ ਰਾਜ ਸਿੰਗਲਾ ਨੂੰ ਸਰਬਸੰਮਤੀ ਨਾਲ ਲਗਾਤਾਰ ਪੰਜਵੀਂ ਵਾਰ ਮੁੜ ਪ੍ਰਧਾਨ ਚੁਣਿਆ ਗਿਆ। ਇਸ ਚੋਣ ਵਿੱਚ ਬਤੌਰ ਅਬਜ਼ਰਵਰ ਡਾ. ਗੁਰਬਖਸ਼ ਸਿੰਘ ਚਹਿਲ, ਡਾ. ਕੇ. ਪੀ. ਸਿੰਗਲਾ, ਡਾ. ਰਣਜੀਤ ਸਿੰਘ ਰਾਏ, ਡਾ.ਰਮੇਸ਼ ਕਟੌਦੀਆ ਅਤੇ ਡਾ. ਸੁਨੀਤ ਜਿੰਦਲ ਸ਼ਾਮਲ ਸਨ। ਇਸੇ ਦੌਰਾਨ ਡਾ. ਸਿੰਗਲਾ ਵੱਲੋਂ ਡਾ. ਸ਼ੇਰ ਜੰਗ ਸਿੰਘ ਸਿੱਧੂ ਨੂੰ ਜਨਰਲ ਸਕੱਤਰ ਅਤੇ ਡਾ. ਸੁਰੇਸ਼ ਸਿੰਗਲਾ ਨੂੰ ਐਸੋਸੀਏਸ਼ਨ ਦੇ ਵਿੱਤ ਸਕੱਤਰ ਵਜੋਂ ਨਿਯੁਕਤ ਕੀਤਾ ਗਿਆ। ਡਾ.ਸਿੰਗਲਾ ਨੇ ਦੱਸਿਆ ਕਿ ਬਾਕੀ ਰਹਿੰਦੇ ਅਹੁਦੇਦਾਰਾਂ ਅਤੇ ਕਾਰਜਕਾਰਨੀ ਦਾ ਐਲਾਨ ਵੀ ਜਲਦੀ ਹੀ ਕੀਤਾ ਜਾਵੇਗਾ। ਉਨ੍ਹਾਂ ਹਾਊਸ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਡਾਕਟਰ ਸਾਹਿਬਾਨਾਂ ਨੂੰ ਦਰਪੇਸ਼ ਸਮੱਸਿਆਵਾਂ ਦਾ ਹੱਲ ਸਾਥੀਆਂ ਦੇ ਸਹਿਯੋਗ ਨਾਲ ਪਹਿਲ ਦੇ ਆਧਾਰ 'ਤੇ ਕਰਨ ਦਾ ਹਰ ਸੰਭਵ ਯਤਨ ਕਰਨਗੇ। ਉਨ੍ਹਾਂ ਸਮੁੱਚੇ ਡਾਕਟਰ ਸਾਥੀਆਂ ਨੂੰ ਅਪੀਲ ਕੀਤੀ ਕਿ ਮਰੀਜ਼ਾਂ ਦੀ ਸੇਵਾ ਸੰਭਾਲ ਕਰਨ ਕੋਈ ਕਸਰ ਬਾਕੀ ਨਾ ਛੱਡਣ ਅਤੇ ਸਿਹਤ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਨਾਲ ਮਿਲਕੇ ਸਾਰੇ ਹੀ ਰਾਸ਼ਟਰੀ ਸਿਹਤ ਪ੍ਰੋਗਰਾਮਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ ਜਾਵੇ। ਨਵ ਨਿਯੁਕਤ ਜਨਰਲ ਸਕੱਤਰ ਡਾ. ਸ਼ੇਰ ਜੰਗ ਸਿੰਘ ਸਿੱਧੂ ਨੇ ਸਾਲ 2024 ਦੀ ਸਾਲਾਨਾ ਰਿਪੋਰਟ ਪੇਸ਼ ਕੀਤੀ ਅਤੇ ਵੱਡੀ ਗਿਣਤੀ ਹਾਜ਼ਰੀਨ ਦਾ ਧੰਨਵਾਦ ਵੀ ਕੀਤਾ।

ਥਰਮਲ ਦੇ ਠੇਕਾ ਮੁਲਾਜ਼ਮਾਂ ਨੇ ਅਗਲੇ ਸੰਘਰਸ਼ ਦੀ ਤਿਆਰੀ ਲਈ ਕੀਤੀ ਗੇਟ ਰੈਲੀ

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)

ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ (ਪੰਜਾਬ) ਦੇ ਬੈਨਰ ਹੇਠ ਗੁਰੂ ਹਰਗੋਬਿੰਦ ਥਰਮਲ ਪਲਾਂਟ ਦੇ ਠੇਕਾ ਮੁਲਾਜ਼ਮਾਂ ਨੇ ਅਗਲੇ ਸੰਘਰਸ਼ਾਂ ਦੀ ਤਿਆਰੀ ਸੰਬੰਧੀ ਪਲਾਂਟ ਦੇ ਮੁੱਖ ਗੇਟ 'ਤੇ ਸਵੇਰੇ ਇੱਕ ਘੰਟੇ ਲਈ ਗੇਟ ਰੈਲੀ ਕੀਤੀ।

ਮੋਰਚੇ ਦੇ ਸੂਬਾਈ ਆਗੂਆਂ ਜਗਰੂਪ ਸਿੰਘ ਲਹਿਰਾ, ਜਗਸੀਰ ਸਿੰਘ ਭੰਗੂ, ਬਲਜਿੰਦਰ ਸਿੰਘ ਮਾਨ, ਹਰਦੀਪ ਸਿੰਘ ਤੱਗੜ, ਲਛਮਣ ਸਿੰਘ ਰਾਮਪੁਰਾ ਅਤੇ ਨਾਇਬ ਸਿੰਘ ਲਹਿਰਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰੀ ਵਿਭਾਗਾਂ ਦੇ ਆਊਟਸੋਰਸਡ ਅਤੇ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਪੱਕਾ ਕਰਨ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ 'ਆਪ ਸਰਕਾਰ' ਵੀ ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਹੀ ਠੇਕਾ ਮੁਲਾਜ਼ਮਾਂ ਨੂੰ ਲਾਰੇ-ਲੱਪਿਆਂ ਵਿੱਚ ਰੱਖ ਕੇ ਆਪਣਾ ਸਮਾਂ ਲੰਘਾ ਰਹੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵਿਧਾਨ ਸਭਾ ਚੋਣਾਂ ਵਿੱਚ ਠੇਕੇਦਾਰਾਂ ਤੇ ਕੰਪਨੀਆਂ ਵੱਲੋਂ ਆਊਟਸੋਰਸਡ ਤੇ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਦੀ ਕਿਰਤ ਦੀ ਕੀਤੀ ਜਾ ਰਹੀ ਅੰਨ੍ਹੀ-ਲੁੱਟ ਨੂੰ ਬੰਦ ਕਰਨ ਦੇ ਐਲਾਨ ਮਗਰੋਂ ਵੀ ਠੇਕਾ ਮੁਲਾਜ਼ਮਾਂ ਨੂੰ ਠੇਕਾ ਪ੍ਰਣਾਲੀ ਦੀ ਚੱਕੀ ਵਿੱਚ ਪਿਸਣ ਲਈ ਮਜ਼ਬੂਰ ਕੀਤਾ ਹੋਇਆ ਹੈ ਅਤੇ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਪਿਛਲੇ ਲੰਬੇ ਅਰਸੇ ਤੋਂ ਲਗਾਤਾਰ ਨਿਗੁਣੀਆਂ ਤਨਖਾਹਾਂ 'ਤੇ ਤਨਦੇਹੀ ਨਾਲ ਸੇਵਾਵਾਂ ਦਿੰਦੇ ਆ ਰਹੇ ਇਨ੍ਹਾਂ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਮਰਜ਼ ਕਰਕੇ ਪੱਕਾ ਕਰਨ ਲਈ 'ਆਪ' ਵੱਲੋਂ ਆਪਣੇ ਤਿੰਨ ਸਾਲਾਂ ਦੇ ਕਾਰਜਕਾਲ ਵਿੱਚ ਅਜੇ ਤੱਕ ਕੋਈ ਵੀ ਨੀਤੀ ਨਹੀਂ ਬਣਾਈ, ਜਿਸ ਤੋਂ ਸਾਫ਼ ਜ਼ਾਹਰ ਹੈ ਕਿ 'ਆਪ' ਵੀ ਪਿਛਲੀਆਂ ਸਰਕਾਰਾਂ ਦੀ ਤਰਾਂ ਠੇਕਾ ਮੁਲਾਜ਼ਮਾਂ ਨਾਲ਼ ਨੰਗਾ-ਚਿੱਟਾ ਧੋਖਾ ਕਰ ਰਹੀ ਹੈ।

ਪੰਜਾਬ ਸਰਕਾਰ ਵੱਲੋਂ ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਹੀ ਕੇਂਦਰ ਸਰਕਾਰ ਅਤੇ ਵਿਸ਼ਵ ਵਪਾਰ ਸੰਸਥਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਲੋਕਾਂ ਨੂੰ ਸਸਤੀਆਂ ਸੇਵਾਵਾਂ ਦੇਣ ਵਾਲੇ ਸਮੂਹ ਸਰਕਾਰੀ ਅਦਾਰਿਆਂ 'ਤੇ ਨਿੱਜੀਕਰਨ ਦਾ ਹੱਲਾ ਵਿੱਢਿਆ ਹੋਇਆ ਹੈ। ਇਸ ਹੱਲੇ ਤਹਿਤ ਸਮੂਹ ਸਰਕਾਰੀ ਵਿਭਾਗਾਂ ਵਿੱਚੋਂ ਕੰਮ-ਭਾਰ ਨੀਤੀ ਮੁਤਾਬਕ ਤੈਅ ਕੀਤੀਆਂ ਪੱਕੀਆਂ ਅਸਾਮੀਆਂ ਦਾ ਲਗਾਤਾਰ ਖਾਤਮਾ ਕੀਤਾ ਜਾ ਰਿਹਾ ਹੈ ਤੇ ਆਊਟਸੋਰਸ਼ਡ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਪੱਕਾ ਨਹੀਂ ਕੀਤਾ ਜਾ ਰਿਹਾ। ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੀ ਸੂਬਾ ਕਮੇਟੀ ਨੂੰ ਪੰਜਾਬ ਸਰਕਾਰ ਵੱਲੋਂ 26 ਵਾਰ ਪੈਨਲ ਮੀਟਿੰਗ ਕਰਨ ਦੇ ਲਿਖਤੀ ਭਰੋਸੇ ਦੇਣ ਦੇ ਬਾਵਜੂਦ ਸੂਬਾ ਕਮੇਟੀ ਨਾਲ਼ ਇੱਕ ਵੀ ਮੀਟਿੰਗ ਨਹੀਂ ਕੀਤੀ। ਜਿਸ ਦੇ ਵਿਰੋਧ ਵਜੋਂ 'ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ' ਦੇ ਬੈਨਰ ਹੇਠ 11 ਮਾਰਚ 2025 ਨੂੰ ਖੰਨਾ ਸ਼ਹਿਰ ਦੀ ਦਾਣਾ ਮੰਡੀ ਵਿੱਚ ਪਰਵਾਰਾਂ ਅਤੇ ਬੱਚਿਆਂ ਸਮੇਤ ਸੂਬਾ ਪੱਧਰੀ ਰੈਲੀ ਕੀਤੀ ਜਾਵੇਗੀ। ਰੈਲੀ ਦੀ ਤਿਆਰੀ ਵਜੋਂ ਮੋਰਚੇ ਦੇ ਆਗੂ

22-Jan-PAGE-3.qxd 1/21/2025 11:10 PM Page 1

ਨਜਾਇਜ਼ ਕਬਜ਼ੇ ਦੇ ਵਿਰੋਧ 'ਚ ਭੁੱਲਰ ਤੇ ਜ਼ਿਲ੍ਹਾ ਪੁਲਸ ਪ੍ਰਸ਼ਾਸਨ ਦਾ ਸਾੜਿਆ ਪੁਤਲਾ

ਚੋਹਲਾ ਸਾਹਿਬ (ਰਮਨ ਚੱਢਾ)

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ੋਨ ਭਾਈ ਅਦਲੀ ਵੱਲੋਂ ਜੋ ਪੱਕਾ ਮੋਰਚਾ ਚੱਲ ਰਿਹਾ ਸੀ ਕਿਉਂਕਿ ਪੁਲਸ ਪ੍ਰਸ਼ਾਸਨ ਨੇ ਪੰਜਾਬ ਦੇ ਕੈਬਨਿਟ ਦੀ ਸ਼ਹਿ ਤੇ ਬੀਬੀ ਬਲਬੀਰ ਕੌਰ ਰੂੜੀ ਵਾਲਾ ਦੀ ਚਾਰ ਏਕੜ ਜ਼ਮੀਨ ਜੋ ਕਿ ਬੀਬੀ ਬਲਬੀਰ ਕੌਰ ਦੇ ਨਾਮ ਰਜਿਸਟਰੀ ਵੀ ਹੈ ਅਤੇ ਇੰਤਕਾਲ ਵੀ ਗਿਰਦਾਵਰੀ ਵੀ ਹੈ ਪਰ ਸਰਕਾਰੀ ਸ਼ਹਿ ਤੇ ਸ਼ੈਤਾਨ ਅਨਸਰ ਨੇ ਉਸ ਉਪਰ ਨਜਾਇਜ਼ ਕਬਜ਼ਾ ਕਰ ਰਹੇ ਹਨ। ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਜ਼ੋਨ ਭਾਈ ਅਦਲੀ ਵੱਲੋਂ ਪਿਛਲੇ ਛੇ ਦਿਨਾਂ ਤੋਂ ਪੱਕਾ ਮੋਰਚਾ ਲਾਇਆ ਹੋਇਆ ਸੀ। ਅੱਜ ਉਥੇ ਸੂਬੇ ਦੇ ਆਗੂ ਅਤੇ ਜ਼ਿਲਾ ਸਕੱਤਰ ਹਰਜਿੰਦਰ ਸਿੰਘ ਸ਼ਕਰੀ ਅਤੇ ਬਲਵਿੰਦਰ ਸਿੰਘ ਚੋਹਲਾ ਸਾਹਿਬ ਦੀ ਅਗਵਾਈ ਵਿੱਚ ਪੁਲਸ ਪ੍ਰਸ਼ਾਸਨ ਅਤੇ ਮੰਤਰੀ ਲਾਲਜੀਤ ਭੁੱਲਰ ਦਾ ਪੁਤਲਾ ਥਾਣਾ ਚੋਹਲਾ ਸਾਹਿਬ ਦੇ ਬਾਹਰ ਫੂਕਿਆ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਹਰਜਿੰਦਰ ਸਿੰਘ ਸ਼ਕਰੀ ਨੇ ਕਿਹਾ ਕਿ ਸਰਕਾਰਾਂ ਜਿਨ੍ਹਾਂ ਦੀਆਂ ਵੋਟਾਂ ਤੇ ਬਣੀਆਂ ਉਨ੍ਹਾਂ ਦੀਆਂ ਹੀ ਜ਼ਮੀਨਾਂ 'ਤੇ ਕਬਜ਼ੇ ਕਰਨੇ ਸ਼ੁਰੂ ਕਰ ਦਿੱਤੇ ਹਨ। ਪੰਜਾਬ ਦਾ ਹਰ ਵਰਗ ਇਸ ਸਰਕਾਰ ਤੋਂ ਦੁਖੀ ਹੈ। ਨਸ਼ੇ ਹਰ ਗਲੀ ਮੁਹੱਲੇ ਵਿੱਚ ਵਿਕ ਰਹੇ ਹਨ, ਪ੍ਰਸ਼ਾਸਨ ਸੁੱਤਾ ਪਿਆ ਹੈ। ਜਿਨ੍ਹਾਂ ਦੀਆਂ ਵੋਟਾਂ ਲੈ ਕੇ ਸਰਕਾਰ ਬਣੀ ਸੀ ਹੁਣ ਉਨ੍ਹਾਂ ਨੂੰ ਘਰੋਂ ਬੇਘਰ ਕਰ ਰਹੀ ਹੈ। ਬੀਬੀ ਬਲਬੀਰ ਕੌਰ ਜੋ ਚਾਰ ਕਿੱਲੇ ਜ਼ਮੀਨ ਦੀ ਮਾਲਕ ਹੈ, ਹੁਣ ਗੁਰਦੁਆਰਾ ਸਾਹਿਬ ਵਿੱਚ ਦਿਹਾੜੀ ਕਰਕੇ ਆਪਣਾ ਪੇਟ ਭਰ ਰਹੀ ਹੈ ਅਤੇ ਦਰ ਬਦਰ ਠੋਕਰਾਂ ਖਾ ਰਹੀ ਹੈ। ਨਾ ਹੀ ਜ਼ਿਲਾ ਪ੍ਰਸ਼ਾਸਨ ਅਤੇ ਨਾ ਹੀ ਸਰਕਾਰੇ ਦਰਬਾਰੇ ਉਸ ਦੀ ਕੋਈ ਸੁਣਵਾਈ ਹੋ ਰਹੀ ਹੈ। ਕਿਸਾਨ ਆਗੂਆਂ ਨੇ ਬੋਲਦਿਆਂ ਕਿਹਾ ਕਿ ਅਸੀਂ ਸਰਕਾਰ ਨੂੰ ਸਖਤ ਚੇਤਾਵਨੀ ਦਿੰਦੇ ਹਾਂ ਕਿ ਇਸ ਤਰ੍ਹਾਂ ਦੀਆਂ ਹਰਕਤਾਂ ਅਸੀਂ ਨਹੀਂ ਹੋਣ ਦਿਆਂਗੇ ਅਤੇ ਅਸੀਂ ਇਸ ਬੀਬੀ ਦੀ ਜ਼ਮੀਨ 'ਤੇ ਕਬਜ਼ਾ ਵੀ ਕਦੇ ਨਹੀਂ ਹੋਣ ਦਿਆਂਗੇ। ਕਿਸਾਨ ਆਗੂਆਂ ਨੇ ਅੱਗੇ ਬੋਲਦਿਆਂ ਕਿਹਾ ਕਿ 22 ਜਨਵਰੀ ਨੂੰ ਪੂਰੇ ਜ਼ਿਲ੍ਹੇ ਦੀ ਇੱਕ ਮੀਟਿੰਗ ਰੱਖੀ ਗਈ ਹੈ ਅਤੇ ਉਸ ਵਿੱਚ ਇਹ ਵਿਚਾਰ ਕੀਤਾ ਜਾਵੇਗਾ ਕਿ ਇਸ ਸੰਘਰਸ਼ ਨੂੰ ਅੱਗੇ ਕਿਸ ਤਰ੍ਹਾਂ ਚਲਾਉਣਾ ਹੈ ਅਤੇ ਕਿਸ ਤਰ੍ਹਾਂ ਬੀਬੀ ਬਲਬੀਰ ਕੌਰ ਦੀ ਜ਼ਮੀਨ ਨੂੰ ਬਚਾਉਣਾ ਹੈ। ਅੱਜ ਦੇ ਇਸ ਪੁਤਲਾ ਸਾੜਨ ਦੇ ਪ੍ਰੋਗਰਾਮ ਵਿੱਚ ਬਹੁਤ ਸਾਰੇ ਕਿਸਾਨ ਆਗੂ ਹਾਜ਼ਰ ਸਨ ਅਤੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਮਨਜੀਤ ਸਿੰਘ ਕਰਮੂਵਾਲਾ, ਹਰਜਿੰਦਰ ਸਿੰਘ ਚੰਬਾ, ਦਰਸ਼ਨ ਸਿੰਘ ਰੱਤੋਕੇ, ਨਿਰਵੈਲ ਸਿੰਘ ਧੁੰਨ, ਕੁਲਵਿੰਦਰ ਸਿੰਘ ਦਦੇਹਰ, ਨਿਸ਼ਾਨ ਸਿੰਘ ਆਦਿ ਆਗੂ ਹਾਜ਼ਰ ਸਨ।

ਸੰਧੂਆਂ ਸਕੂਲ ਦੇ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ

ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੁਠੇੜੀ ਵਿਖੇ ਹੋਏ ਯੂਥ ਫੈਸਟ ਵਿੱਚ ਸਰਕਾਰੀ ਹਾਈ ਸਕੂਲ ਸੰਧੂਆਂ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਾਜ ਵਜਾਉਣ ਵੰਨਗੀ ਵਿੱਚ ਪਹਿਲਾਂ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਸਕੂਲ ਇੰਚਾਰਜ ਸ਼ੈਲੀ ਵਰਮਾ ਨੇ ਦੱਸਿਆ ਕਿ ਉਨ੍ਹਾਂ ਦੇ ਸਕੂਲ ਵਿਦਿਆਰਥੀਆਂ ਸਿਮਰਨਦੀਪ ਸਿੰਘ ,ਪਰਵਿੰਦਰ ਸਿੰਘ, ਮਨਿੰਦਰ ਸਿੰਘ ਅਤੇ ਗੁਰਸੇਵਕ ਸਿੰਘ ਦੀ ਟੀਮ ਨੇ ਅਧਿਆਪਕ ਜਗਤਾਰ ਸਿੰਘ, ਲਾਲ ਸਿੰਘ ਅਤੇ ਮਨਪ੍ਰੀਤ ਸਿੰਘ ਦੀ ਅਗਵਾਈ ਹੇਠ ਯੂਥ ਫੈਸਟ ਦੌਰਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੁਠੇੜੀ ਵਿਖੇ ਭਾਗ ਲਿਆ ਸੀ ਅਤੇ ਉਨ੍ਹਾਂ ਸਾਜ ਵਜਾਉਣ ਵੰਨਗੀ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਉਕਤ ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਪ੍ਰਬੰਧਕਾਂ ਵੱਲੋਂ ਸਨਮਾਨਿਤ ਵੀ ਕੀਤਾ ਗਿਆ।

ਰੇਲਵੇ ਫਾਟਕ ਕੱਕਾ ਕੰਡਿਆਲਾ 'ਤੇ ਫਲਾਈ ਓਵਰ ਦਾ ਕੰਮ ਤਾਂ ਸ਼ੁਰੂ ਹੋ ਗਿਆ ਪਰ ਟ੍ਰੈਫਿਕ ਦੀ ਹਾਲਤ ਹੋਰ ਵੀ ਵਿਗੜ ਗਈ : ਮਾੜੀਮੇਘਾ

ਤਰਨਤਾਰਨ (ਨ ਜ਼ ਸ)

ਸੀਪੀਆਈ ਦੇ ਕੌਮੀ ਕੌਂਸਲ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਤਰਨਤਾਰਨ ਸ਼ਹਿਰ ਵਿੱਚ ਟ੍ਰੈਫਿਕ ਦਾ ਬਹੁਤ ਹੀ ਬੁਰਾ ਹਾਲ ਹੈ। ਰੇਲਵੇ ਫਾਟਕ ਕੱਕਾ ਕੰਡਿਆਲਾ ਤੇ ਫਲਾਈ ਓਵਰ ਬਣਨ ਦੀ ਸ਼ੁਰੂਆਤ ਹੋਣ ਨਾਲ ਟ੍ਰੈਫਿਕ ਦੀ ਹਾਲਤ ਜ਼ਿਆਦਾ ਵਿਗੜ ਗਈ ਹੈ। ਫਲਾਈ ਓਵਰ ਬਣਾਉਣ ਦੀ ਤਾਂ ਬਹੁਤ ਲੋੜ ਹੈ ਪਰ ਪਹਿਲਾਂ ਆਰਜ਼ੀ ਰਾਹ ਤਿਆਰ ਕਰਨਾ ਚਾਹੀਦਾ ਸੀ ਜੋ ਸੰਬੰਧਿਤ ਅਦਾਰੇ ਨੇ ਕੀਤਾ ਨਹੀਂ। ਜ਼ਰੂਰੀ ਕੰਮ ਕਾਜ ਵਾਲੇ ਮਰੀਜ਼ ਅਤੇ ਵਿਦਿਆਰਥੀਆਂ ਨੂੰ ਬਹੁਤ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਭਾਵੇਂ ਹੁਣ ਤਰਨਤਾਰਨ ਤੋਂ ਹਟਵੇਂ ਪਿੰਡਾਂ ਵਾਲਿਆਂ ਨੇ ਦੂਰ ਦੁਰਾਡੇ ਜਾਣ ਵਾਸਤੇ ਆਪਣੇ ਆਰਜ਼ੀ ਰਸਤੇ ਲੱਭ ਲਏ ਹਨ ਪਰ ਕੁੱਝ ਪਿੰਡ ਜੋ ਤਰਨਤਾਰਨ ਸ਼ਹਿਰ ਦੀ ਗ੍ਰਿਫਤ ਵਿੱਚ ਹਨ ਉਨ੍ਹਾਂ ਨੂੰ ਤਾਂ ਸ਼ਹਿਰ ਜਾਂ ਪਹਿਲੇ ਰਸਤਿਆਂ ਦੇ ਨਜ਼ਦੀਕ ਤੋਂ ਹੀ ਰੁਕਦੇ ਰੁਕਾਉਂਦੇ ਲੰਘਣਾ ਪੈ ਰਿਹਾ ਹੈ। ਇਸ ਲਈ ਪ੍ਰਬੰਧਕ ਹੁਣ ਵੀ ਜਲਦੀ ਆਰਜ਼ੀ ਰਸਤਾ ਤਿਆਰ ਕਰਨ ਜਿਸ ਰਾਹੀਂ ਸਾਰੀ ਟ੍ਰੈਫਿਕ ਆ ਜਾ ਸਕੇ। ਤਰਨਤਾਰਨ ਸ਼ਹਿਰ ਅੰਮ੍ਰਿਤਸਰ-ਹਰੀਕੇ ਹਾਈਵੇ 'ਤੇ ਹੈ ਅਤੇ ਹਰੀਕੇ ਤੋਂ ਅੱਗੇ ਸਾਰਾ ਮਾਲਵਾ ਖੇਤਰ ਹੈ ਜੋ ਅੰਮ੍ਰਿਤਸਰ ਪਹੁੰਚਦਾ ਹੈ। ਮਾੜੀਮੇਘਾ ਨੇ ਕਿਹਾ ਕਿ ਤਰਨਤਾਰਨ ਸ਼ਹਿਰ ਅੰਦਰ ਤੇ ਗੁਰਦੁਆਰਾ ਸਾਹਿਬ ਜਾਣ ਲਈ ਜੰਡਿਆਲਾ ਸਾਈਡ ਵਾਲੇ ਗੇਟ ਤੋਂ ਜਿਹੜਾ ਰਸਤਾ ਜਾਂਦਾ ਹੈ ਇਸ ਅੱਗੇ ਰੇਲਵੇ ਫਾਟਕ ਹੈ। ਜਦੋਂ ਫਾਟਕ ਬੰਦ ਹੁੰਦਾ ਹੈ ਤੇ ਫਾਟਕ ਖੁੱਲ੍ਹਣ ਤੇ ਲੰਘਣ ਲਈ ਲੰਮਾ ਸਮਾਂ ਲੱਗ ਜਾਂਦਾ ਹੈ। ਮਾੜੀਮੇਘਾ ਨੇ ਕਿਹਾ ਇਸ ਫਾਟਕ 'ਤੇ ਫਲਾਈਓਵਰ ਬਣਾਉਣ ਵਾਸਤੇ ਇਹ ਮਸਲਾ ਲੱਗਭਗ 5 ਸਾਲ ਪਹਿਲਾਂ ਮੈਂ ਜ਼ਿਲ੍ਹਾ ਸ਼ਿਕਾਇਤ ਨਿਵਾਰਨ ਕਮੇਟੀ ਵਿੱਚ ਰੱਖਿਆ ਪਰ ਇਹ ਕਹਿ ਕੇ ਟਾਲ ਦਿੱਤਾ ਗਿਆ ਕਿ ਉਹ ਰਸਤਾ ਤੰਗ ਹੈ, ਉਥੇ ਪੁਲ ਬਣ ਨਹੀਂ ਸਕਦਾ। ਹਾਲਾਤ ਇਹ ਹਨ ਕਿ ਸੜਕ ਦੇ ਦੋਹਾਂ ਪਾਸਿਆਂ ਦੇ ਦੁਕਾਨਦਾਰ ਪੁਲ ਨਹੀਂ ਬਣਨ ਦੇਣਾ ਚਾਹੁੰਦੇ। ਦੁਕਾਨਦਾਰਾਂ ਦੇ ਮੁਤਾਬਕ ਉਨ੍ਹਾਂ ਦਾ ਗਾਹਕ ਘੱਟਦਾ ਹੈ। ਪਰ ਹੁਣ ਤਾਂ ਪੁਲ ਬਣਾਉਣ ਦੀ ਨਵੀਂ ਟੈਕਨੀਕ ਹੈ। ਅੱਜਕਲ੍ਹ ਦੁਕਾਨਦਾਰਾਂ ਦੀ ਸਮੱਸਿਆ ਨੂੰ ਸਾਹਮਣੇ ਰੱਖਦੇ ਹੋਏ ਸ਼ਹਿਰਾਂ/ਕਸਬਿਆਂ ਵਿੱਚ ਪਿੱਲਰਾਂ 'ਤੇ ਪੁਲ ਬਣ ਰਹੇ ਹਨ, ਜਿਸ ਨਾਲ ਪੁਲ ਥੱਲਿਉਂ ਆਵਾਜਾਈ ਵੀ ਬਣੀ ਰਹਿੰਦੀ ਹੈ ਤੇ ਪਾਰਕਿੰਗ ਦਾ ਕੰਮ ਵੀ ਲਿਆ ਜਾਂਦਾ ਹੈ। ਇਸ ਲਈ ਇਸ ਰੇਲਵੇ ਫਾਟਕ 'ਤੇ ਵੀ ਫਲਾਈਓਵਰ ਪੁਲ ਬਣਾਉਣਾ ਅਤੀ ਜ਼ਰੂਰੀ ਹੈ।

ਰੋਟਰੀ 3070 ਦੇ ਗਵਰਨਰ ਡਾ. ਪੀ ਐੱਸ ਗਰੋਵਰ ਨੇ ਰੋਟਰੀ ਨਾਰਥ ਦੇ ਕੰਮਾਂ ਦਾ ਕੀਤਾ ਨਿਰੀਖਣ

ਅੰਮ੍ਰਿਤਸਰ (ਅਰੋੜਾ)

ਰੋਟਰੀ ਇੰਟਰਨੈਸ਼ਨਲ ਵੱਲੋਂ ਨਿਰਧਾਰਿਤ ਨਿਯਮਾਂ ਦੇ ਅਨੁਸਾਰ ਰੋਟਰੀ ਦੇ ਪਿਛਲੇ ਸਾਲ ਦੇ ਦੌਰਾਨ ਕੀਤੇ ਗਏ ਦੇਸ਼ ਅਤੇ ਸਮਾਜ ਭਲਾਈ ਕੰਮਾਂ ਦਾ ਨਿਰੀਖਣ ਕਰਨ ਅਤੇ ਉਨ੍ਹਾਂ ਦੇ ਪ੍ਰਾਜੈਕਟਾਂ ਅਤੇ ਬੈਠਕਾਂ ਦੇ ਦੌਰਾਨ ਕੀਤੇ ਗਏ ਖਰਚ ਦਾ ਲੇਖਾ-ਜੋਖਾ ਅਤੇ ਅੱਗੇ ਦੀ ਰੂਪ-ਰੇਖਾ ਦੇ ਬਾਰੇ ਜਾਣਕਾਰੀ ਲੈਣ ਦੀ ਪ੍ਰਥਾ ਦੇ ਅਨੁਸਾਰ ਰੋਟਰੀ 3070 ਦੇ ਗਵਰਨਰ ਡਾ. ਪੀ. ਐੱਸ. ਗਰੋਵਰ ਵੱਲੋਂ ਰੋਟਰੀ ਕਲੱਬ ਅੰਮ੍ਰਿਤਸਰ ਨਾਰਥ ਦੇ ਕੰਮ ਕਾਜ ਦਾ ਨਿਰੀਖਣ ਕੀਤਾ ਗਿਆ। ਕਲੱਬ ਦੇ ਚੇਅਰਮੈਨ ਅਤੇ ਸੀਨੀਅਰ ਰੋਟੇਰੀਅਨ ਡਾ. ਜੀ. ਐੱਸ. ਮਦਾਨ, ਕਲੱਬ ਦੇ ਸੰਪਾਦਕ ਸਾਬਕਾ ਸਹਾਇਕ ਗਵਰਨਰ ਰਸਜੀਤ ਸਿੰਘ ਖੇੜਾ, ਐੱਮ. ਓ. ਸੀ. ਆਰ. ਐਸ. ਚੱਠਾ ਦੀ ਦੇਖ-ਰੇਖ ਵਿੱਚ ਰਾਮ ਬਾਗ ਸਥਿਤ ਅੰਮ੍ਰਿਤਸਰ ਕਲੱਬ ਦੇ ਗਵਰਨਰ ਦੇ ਸਨਮਾਨ ਲਈ ਇੱਕ ਸਮਾਗਮ ਦਾ ਆਯੋਜਨ ਕੀਤਾ ਗਿਆ।ਸਮਾਗਮ ਵਿੱਚ ਰੋਟਰੀ 3070 ਦੇ ਆਉਣ ਵਾਲੇ ਗਵਰਨਰ ਅਨਿਲ ਸਿੰਗਲਾ ਅਤੇ ਰੋਟਰੀ ਦੇ ਸਹਾਇਕ ਗਵਰਨਰ ਬੈਸਟ ਰੋਟੇਰੀਅਨ ਐਵਾਰਡ ਪ੍ਰਾਪਤ ਇੰਜੀ. ਅਸ਼ੋਕ ਸ਼ਰਮਾ ਅਤੇ ਦੋ ਵਾਰ ਬੈਸਟ ਪ੍ਰਧਾਨ ਦਾ ਸਨਮਾਨ ਪ੍ਰਾਪਤ ਕਰਨ ਵਾਲੇ ਸਹਾਇਕ ਗਵਰਨਰ ਸਾਬਕਾ ਖਜਾਨਾ ਅਫ਼ਸਰ ਵਿਜੇ ਭਸੀਨ ਖਾਸ ਤੌਰ 'ਤੇ ਸ਼ਾਮਿਲ ਹੋਏ।ਸਭ ਤੋਂ ਪਹਿਲਾਂ ਕਲੱਬ ਦੇ ਪ੍ਰਧਾਨ ਡਾ. ਰਜਿੰਦਰਪਾਲ ਸਿੰਘ, ਸਕੱਤਰ ਗੁਰਮੀਤ ਸਿੰਘ ਹੀਰਾ ਨੇ ਸੰਯੁਕਤ ਰੂਪ ਨਾਲ ਕਲੱਬ ਦੇ ਵੱਲੋਂ ਕੀਤੇ ਗਏ ਦੇਸ਼ ਅਤੇ ਸਮਾਜ ਭਲਾਈ ਦੇ ਕੰਮਾਂ ਦੇ ਬਾਰੇ ਜਾਣਕਾਰੀ ਦਿੱਤੀ। ਉਸ ਤੋਂ ਬਾਅਦ ਡਾ. ਜੀ. ਐੱਸ. ਮਦਾਨ ਨੇ ਰੋਟਰੀ ਕੇ. ਡੀ. ਡਾਇਲਿਸਿਸ ਸੈਂਟਰ ਅਤੇ ਕਲੱਬ ਦੇ ਸਥਾਈ ਪ੍ਰਾਜੈਕਟ ਬਿਮਲਾ ਨੰਦਾ, ਮੁਫ਼ਤ ਸਿਲਾਈ ਕਢਾਈ ਕਮਿਊਨਿਟੀ ਸੈਂਟਰ ਅਤੇ 9 ਤੋਂ 14 ਸਾਲ ਦੀਆਂ ਬੱਚੀਆਂ ਨੂੰ ਕੈਂਸਰ ਮੁਕਤ ਕੀਤੇ ਜਾਣ ਲਈ ਚਲਾਈ ਮੁਹਿੰਮ ਅਤੇ ਰੋਟਰੀ ਦੇ ਆਕਸੀਜਨ ਬੈਂਕ ਦੇ ਬਾਰੇ ਦੱਸਿਆ।ਰੋਟੇਰੀਅਨ ਆਰ. ਐੱਸ. ਚੱਠਾ ਨੇ ਗਵਰਨਰ ਪੀ. ਐੱਸ. ਗਰੋਵਰ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਡਾ. ਗਰੋਵਰ ਇੱਕ ਚੰਗੇ ਗਰਵਨਰ ਹੀ ਨਹੀ, ਇੱਕ ਚੰਗੇ ਗਾਇਕ, ਇੱਕ ਚੰਗੇ ਡਾਕਟਰ, ਚੰਗੇ ਮੰਚ ਸੰਚਾਲਕ ਅਤੇ ਚੰਗੇ ਮੰਚ ਅਦਾਕਾਰ ਵੀ ਹਨ ਜਿਨ੍ਹਾਂ ਨੇ ਆਪਣੀਆਂ ਵਿਸ਼ੇਸ਼ਤਾਵਾਂ ਨਾਲ ਕਈ ਸਨਮਾਨ ਪ੍ਰਾਪਤ ਕੀਤੇ ਹਨ। ਉਨ੍ਹਾਂ ਨੇ ਕਿਹਾ ਕਿ ਕਲੱਬ ਵਿੱਚ ਚੰਗੇ ਸਮਾਜ ਸੇਵਕ, ਚੰਗੇ ਗਾਇਕ ਅਤੇ ਚੰਗੇ ਰੋਟੇਰੀਅਨ ਦੀ ਭਰਮਾਰ ਹੈ।ਰੋਟਰੀ ਨੂੰ ਅਜਿਹੇ ਸਮਾਜ ਸੇਵਕਾਂ ਅਤੇ ਮੈਂਬਰਾਂ ਦੀ ਹਮੇਸ਼ਾ ਜ਼ਰੂਰਤ ਬਣੀ ਰਹਿੰਦੀ ਹੈ।ਰੋਟਰੀ ਦੇ ਵੱਲੋਂ ਮੁੱਖ ਮਹਿਮਾਨ ਡਾ. ਗਰੋਵਰ, ਬਲਵਿੰਦਰ ਕੌਰ ਗਰੋਵਰ ਅਤੇ ਖਾਸ ਮਹਿਮਾਨ ਅਨਿਲ ਸਿੰਗਲ, ਸਹਾਇਕ ਗਵਰਨਰ ਇੰਜੀ. ਅਸ਼ੋਕ ਸ਼ਰਮਾ ਨੂੰ ਸਨਮਾਨਿਤ ਵੀ ਕੀਤਾ ਗਿਆ।ਇਸ ਮੌਕੇ ਮਹਿਲਾ ਰੋਟੇਰੀਅਨ ਮਨਿੰਦਰ ਕੌਰ, ਸਾਬਕਾ ਪ੍ਰਧਾਨ ਰਮੇਸ਼ ਕੱਕੜ, ਆਉਣ ਵਾਲੇ ਪ੍ਰਧਾਨ ਵਰੁਣ ਕੱਕੜ, ਮੀਤ ਪ੍ਰਧਾਨ ਅਸ਼ੋਕ ਗਰੋਵਰ, ਕਰਨਲ ਅਨੇਜਾ, ਗੀਟਾ ਕੱਕੜ, ਸੁਰਿੰਦਰ ਕੱਕੜ, ਰੋਟੇਰੀਅਨ ਜੇ. ਐੱਸ. ਸੋਖੀ, ਵਿਪਨ ਲੂੰਬਾ, ਟੀ. ਪੀ. ਐੱਸ. ਚਾਵਲਾ, ਨਿਰਮਲ ਸਿੰਘ, ਹਰਜਿੰਦਰ ਕੌਰ ਚੱਠਾ, ਗਾਇਕਾ ਕਾਜਲ ਕੱਕੜ, ਦਲਜੀਤ ਕੌਰ, ਹਰਪ੍ਰੀਤ ਸਿੰਘ ਅਰੋੜਾ, ਅਰਬਿੰਦ ਸਿੰਘ, ਰੋਟਰੀ ਕਲੱਬ ਨਾਰਥ ਦੇ ਸਮੂਹ ਮੈਂਬਰ ਪਰਿਵਾਰਾਂ ਸਮੇਤ ਮੌਜੂਦ ਸਨ।ਇਸ ਮੌਕੇ ਮੂੰਗਫਲੀ, ਰਿਓੜੀਆਂ, ਖਜੂਰ, ਭੁੱਗਾ, ਗੱਚਕ ਆਦਿ ਦਾ ਪ੍ਰਸ਼ਾਦ ਵੀ ਵੰਡਿਆ ਗਿਆ।

ਭਾਜਪਾ ਆਗੂ ਰਵੀਕਰਨ ਸਿੰਘ ਕਾਹਲੋਂ ਰਮੇਸ਼ ਮਹਾਜਨ ਦੇ ਘਰ ਪਹੁੰਚੇ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਬੀਤੇ ਦਿਨੀਂ ਡੇਰਾ ਬਾਬਾ ਨਾਨਕ ਦੇ ਮੇਨ ਬਾਜ਼ਾਰ ਵਿੱਚ ਰਮੇਸ਼ ਜਨਰਲ ਸਟੋਰ ਦੇ ਮਾਲਕ ਉਪਰ ਦੋ ਅਣਪਛਾਤੇ ਹਮਲਾਵਰਾਂ ਵੱਲੋਂ ਗੋਲੀ ਚਲਾਏ ਜਾਣ ਦੀ ਘਟਨਾ ਵਾਪਰਨ ਉਪਰੰਤ ਅੱਜ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਰਵੀਕਰਨ ਸਿੰਘ ਕਾਹਲੋਂ ਉਨ੍ਹਾਂ ਦੇ ਗ੍ਰਹਿ ਗਲੀ ਹਾਂਡਿਆਂ ਵਾਲੀ ਵਿਖੇ ਪਹੁੰਚੇ ਤੇ ਰਮੇਸ਼ ਮਹਾਜਨ ਨਾਲ ਇਸ ਘਟਨਾ ਸਬੰਧੀ ਜਾਣਕਾਰੀ ਹਾਸਿਲ ਕਰਨ ਉਪਰੰਤ ਇਸ ਮੰਦਭਾਗੀ ਘਟਨਾ ਦੀ ਕਰੜੇ ਸ਼ਬਦਾਂ ਵਿੱਚ ਨਿੰਦਾ ਕੀਤੀ ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੱਸਿਆ ਕਿ ਉਨ੍ਹਾਂ ਵੱਲੋਂ ਇਸ ਸਬੰਧੀ ਐੱਸਐੱਸਪੀ ਬਟਾਲਾ ਨਾਲ ਗੱਲਬਾਤ ਕਰਕੇ ਪੀੜਤ ਪਰਿਵਾਰ ਨੂੰ ਇਨਸਾਫ਼ ਦੇਣ ਦੀ ਮੰਗ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪਬਲਿਕ ਦੀ ਜਾਨ ਮਾਲ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵਿਸ਼ੇਸ਼ ਪ੍ਰਬੰਧ ਕਰੇ ਤਾਂ ਜੋ ਕਾਰੋਬਾਰੀ ਲੋਕ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰ ਸਕਣ ।ਇਸ ਮੌਕੇ ਉਨ੍ਹਾਂ ਨਾਲ ਨਗਰ ਕੌਂਸਲ ਡੇਰਾ ਬਾਬਾ ਨਾਨਕ ਦੇ ਸਾਬਕਾ ਪ੍ਰਧਾਨ ਐਡਵੋਕੇਟ ਪ੍ਰਮੀਤ ਸਿੰਘ ਬੇਦੀ ਵੀ ਮੌਜੂਦ ਸਨ ।

ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਸਰਕਲ ਵਰਕਿੰਗ ਕਮੇਟੀ ਗੁਰਦਾਸਪੁਰ ਦੀ ਇਕੱਤਰਤਾ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)

ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਸਰਕਲ ਵਰਕਿੰਗ ਕਮੇਟੀ ਗੁਰਦਾਸਪੁਰ ਦੀ ਮੀਟਿੰਗ ਸਰਕਲ ਪ੍ਰਧਾਨ ਕਾਮਰੇਡ ਬਲਵਿੰਦਰ ਉਦੀਪੁਰ ਦੀ ਪ੍ਰਧਾਨਗੀ ਹੇਠ 66 ਕੇ ਵੀ ਬਿਜਲੀ ਘਰ ਸੈਦਮੁਬਾਰਕ ਬਟਾਲਾ ਵਿਖੇ ਹੋਈ। ਮੀਟਿੰਗ ਦੌਰਾਨ ਬਿਜਲੀ ਕਾਮਿਆਂ ਦੀਆਂ ਮੰਗਾਂ ਤੇ ਵਿਚਾਰ ਚਰਚਾ ਕੀਤੀ ਗਈ ਅਤੇ ਪਾਵਰਕੌਮ ਦੀ ਮੈਨੇਜਮੈਂਟ ਕੋਲੋਂ ਮੰਗ ਕੀਤੀ ਗਈ ਕਿ ਮੀਟਿੰਗ ਦੌਰਾਨ ਹੋਈਆਂ ਸ

ਨਵਾਂ ਜ਼ਮਾਨਾ
ਬੁੱਧਵਾਰ, 22 ਜਨਵਰੀ 2025

ਪ੍ਰੀਖਿਆ ਮੌਕੇ ਬੋਝ—ਪਰੀਕਸ਼ਾ ਪੇ ਚਰਚਾ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਹਰ ਸਾਲ 'ਪਰੀਕਸ਼ਾ ਪੇ ਚਰਚਾ' ਪ੍ਰੋਗਰਾਮ ਕਰਦੇ ਹਨ, ਜਿਸ ਦੌਰਾਨ ਦੇਸ਼ ਭਰ ਦੇ ਵਿਦਿਆਰਥੀਆਂ, ਅਧਿਆਪਕਾਂ ਤੇ ਮਾਪਿਆਂ ਨਾਲ ਚਰਚਾ ਕਰਦੇ ਹਨ ਕਿ ਬੋਰਡ ਤੇ ਦਾਖਲਾ ਪ੍ਰੀਖਿਆ ਦੌਰਾਨ ਵਿਦਿਆਰਥੀ ਕਿਵੇਂ ਤਨਾਅ-ਮੁਕਤ ਰਹਿਣ। ਇਸ ਵਾਰ ਵੀ ਫਰਵਰੀ ਦੇ ਪਹਿਲੇ ਹਫਤੇ ਉਹ ਇਹ ਚਰਚਾ ਕਰਨਗੇ। ਪ੍ਰੋਗਰਾਮ ਦਾ ਮਕਸਦ ਤਾਂ ਵਿਦਿਆਰਥੀਆਂ ਨੂੰ ਤਨਾਅ-ਮੁਕਤ ਕਰਨ ਦਾ ਹੈ ਪਰ ਦੇਸ਼ ਦੇ ਸਭ ਤੋਂ ਵੱਡੇ ਸਕੂਲ ਬੋਰਡ ਸੀ ਬੀ ਐੱਸ ਈ ਨੇ ਇਸ ਦੀ ਤਿਆਰੀ ਲਈ ਜਿਹੜਾ ਸਰਕੂਲਰ ਜਾਰੀ ਕੀਤਾ, ਉਹ ਤਨਾਅ ਵਧਾਉਣ ਵਾਲਾ ਹੈ, ਜਿਸ ਨੇ ਮਾਪਿਆਂ ਦੇ ਨਾਲ-ਨਾਲ ਅਧਿਆਪਕਾਂ ਨੂੰ ਵੀ ਪ੍ਰੇਸ਼ਾਨ ਕੀਤਾ ਹੋਇਆ ਹੈ। ਬੋਰਡ ਨੇ ਆਪਣੇ ਨਾਲ ਮੁਲਹਿਕ ਸਕੂਲਾਂ ਦੇ ਨਾਲ-ਨਾਲ ਕੇਂਦਰੀ ਵਿਦਿਆਲਿਆ ਸੰਗਠਨ ਤੇ ਨਵੋਦਿਆ ਵਿਦਿਆਲਿਆ ਸਮਿਤੀ ਵੱਲੋਂ ਚਲਾਏ ਜਾਂਦੇ ਸਕੂਲਾਂ ਨੂੰ ਕਿਹਾ ਹੈ ਕਿ ਉਹ 12 ਜਨਵਰੀ ਤੋਂ 23 ਜਨਵਰੀ ਤੱਕ ਪ੍ਰੋਗਰਾਮ ਕਰਕੇ ਉਸ ਦੀਆਂ ਤਸਵੀਰਾਂ ਨੋਟਿਸ ਵਿੱਚ ਦੱਸੇ ਲਿੰਕ 'ਤੇ ਘੱਲਣ। ਵਿਦਿਆਰਥੀ ਇਨ੍ਹਾਂ ਈਵੈਂਟਾਂ ਦੌਰਾਨ ਸੈਲਫੀਆਂ ਲੈ ਕੇ ਸੋਸ਼ਲ ਮੀਡੀਆ 'ਤੇ ਪੋਸਟ ਕਰਨ। ਸਕੂਲਾਂ ਨੂੰ ਕਿਹਾ ਗਿਆ ਹੈ ਕਿ ਉਹ 'ਪ੍ਰੀਖਿਆ' ਦੇ ਥੀਮ 'ਤੇ ਗੇਮ ਸੈਸ਼ਨ ਕਰਨ, ਪੋਸਟਰ ਬਣਾਉਣ, ਨੁੱਕੜ ਨਾਟਕ ਕਰਨ, ਕਵਿਤਾਵਾਂ ਲਿਖਣ, ਯੋਗ ਤੇ ਸਾਧਨਾ ਸੈਸ਼ਨਾਂ 'ਚ ਸ਼ਾਮਲ ਹੋਣ ਅਤੇ ਪ੍ਰੇਰਨਾਦਾਇਕ ਫਿਲਮਾਂ ਦੇਖਣ।

ਦਿੱਲੀ ਯੂਨੀਵਰਸਿਟੀ ਕੋਰਟ ਦੇ ਮੈਂਬਰ ਅਤੇ ਆਲ ਇੰਡੀਆ ਪੇਰੈਂਟਸ ਐਸੋਸੀਏਸ਼ਨ ਦੇ ਪ੍ਰਧਾਨ ਅਸ਼ੋਕ ਅਗਰਵਾਲ ਦਾ ਕਹਿਣਾ ਹੈ ਕਿ ਏਨੀਆਂ ਸਰਗਰਮੀਆਂ ਤਨਾਅ ਘਟਾਉਣ ਦੀ ਥਾਂ ਵਿਦਿਆਰਥੀਆਂ ਤੇ ਅਧਿਆਪਕਾਂ 'ਤੇ ਬੋਝ ਹੀ ਪਾ ਰਹੀਆਂ ਹਨ। ਪ੍ਰੀਖਿਆਵਾਂ ਸਿਰ 'ਤੇ ਹਨ ਅਤੇ ਇਸ ਸਮੇਂ ਵਿਦਿਆਰਥੀਆਂ ਨੂੰ ਤਿਆਰੀ ਦਾ ਸਮਾਂ ਚਾਹੀਦਾ ਹੈ। ਇਹ ਸਰਗਰਮੀਆਂ ਕਿਸੇ ਹੋਰ ਸਮੇਂ ਕਰਾਈਆਂ ਜਾ ਸਕਦੀਆਂ ਸਨ। ਇਸ ਸਮੇਂ ਕਰਾਉਣੀਆਂ ਉਲਟ ਅਸਰ ਕਰਨਗੀਆਂ। ਅਧਿਆਪਕਾਂ ਦਾ ਕਹਿਣਾ ਹੈ ਕਿ ਉਨ੍ਹਾਂ ਦੀ ਹਾਲਤ ਵਿਦਿਆਰਥੀਆਂ ਨਾਲੋਂ ਵੀ ਮਾੜੀ ਹੈ, ਕਿਉਂਕਿ ਉਹ ਇਹ ਸਰਗਰਮੀਆਂ ਕਰਾਉਣ ਲਈ ਪਾਬੰਦ ਹਨ, ਜਦਕਿ ਵਿਦਿਆਰਥੀਆਂ ਲਈ ਪ੍ਰੀਖਿਆ ਦੀ ਤਿਆਰੀ ਵਾਸਤੇ ਇਹ ਨਾਜ਼ੁਕ ਸਮਾਂ ਹੈ। ਉਹ ਉਨ੍ਹਾਂ ਵੱਲ ਬਹੁਤਾ ਧਿਆਨ ਨਹੀਂ ਦੇ ਸਕਣਗੇ। ਸਰਕਾਰ ਨੇ ਅਧਿਆਪਕਾਂ 'ਤੇ ਇੱਕ ਹੋਰ ਬੋਝ ਪਾਇਆ ਹੋਇਆ ਕਿ ਉਹ ਸਾਲ ਵਿੱਚ 80 ਘੰਟੇ ਟਰੇਨਿੰਗ ਪ੍ਰੋਗਰਾਮਾਂ ਵਿੱਚ ਹਿੱਸਾ ਲੈਣਗੇ। ਪਹਿਲਾਂ ਹਰ ਅਧਿਆਪਕ ਪੰਜ ਸਾਲ ਵਿੱਚ 21 ਦਿਨ ਆਫਲਾਈਨ ਟਰੇਨਿੰਗ ਲੈਂਦਾ ਸੀ। ਇਸ ਤੋਂ ਇਲਾਵਾ ਅਧਿਆਪਕਾਂ ਨੂੰ ਸਮੇਂ-ਸਮੇਂ 'ਤੇ ਸਰਕਾਰ ਤੇ ਸੀ ਬੀ ਐੱਸ ਈ ਵੱਲੋਂ ਦੱਸੀਆਂ ਜਾਂਦੀਆਂ ਸਰਗਰਮੀਆਂ ਵਿੱਚ ਹਿੱਸਾ ਲੈਣਾ ਪੈਂਦਾ ਹੈ। ਅਧਿਆਪਕਾਂ 'ਤੇ ਪਾਏ ਜਾ ਰਹੇ ਬੋਝ ਨਾਲ ਵਿਦਿਆਰਥੀਆਂ ਦੀ ਪੜ੍ਹਾਈ ਦਾ ਵੀ ਨੁਕਸਾਨ ਹੁੰਦਾ ਹੈ। ਸੀ ਬੀ ਐੱਸ ਈ ਬੋਰਡ ਨੂੰ ਹਾਕਮਾਂ ਨੂੰ ਖੁਸ਼ ਕਰਨ ਦੀ ਥਾਂ ਵਿਦਿਆਰਥੀਆਂ ਤੇ ਅਧਿਆਪਕਾਂ ਵੱਲ ਧਿਆਨ ਦੇਣਾ ਚਾਹੀਦਾ ਹੈ, ਕਿਉਂਕਿ ਉਸ ਦਾ ਬੁਨਿਆਦੀ ਕੰਮ ਇਹੀ ਹੈ।

ਕੀ ਅਧਿਆਪਕ ਠੇਕੇ 'ਤੇ ਭਰਤੀ ਕਰਕੇ ਭਾਰਤ ਬਣ ਸਕੇਗਾ ਵਿਸ਼ਵ ਗੁਰੂ

ਚਰਨ ਸਿੰਘ ਸਰਾਭਾ

ਭਾਰਤ ਦੀ ਸਮੁੱਚੀ ਆਰਥਿਕ ਨੀਤੀ ਅਤੇ ਵਿਕਾਸ ਦੀ ਦਿਸ਼ਾ ਸੰਬੰਧੀ ਵਿਵਾਦਾਂ ਦੇ ਨਾਲ ਭਾਰਤੀ ਸਿੱਖਿਆ ਨੀਤੀ ਵੀ ਪਿਛਲੇ ਕੋਈ ਤਿੰਨ ਦਹਾਕਿਆਂ ਤੋਂ ਲਗਾਤਾਰ ਵਿਵਾਦਾਂ ਨਾਲ ਘਿਰੀ ਹੋਈ ਹੈ। ਸਕੂਲ ਪੱਧਰ ਤੋਂ ਲੈ ਕੇ ਕਾਲਜ/ਯੂਨੀਵਰਸਿਟੀ ਪੱਧਰ ਤੱਕ ਸਿੱਖਿਆ ਦੇ ਮੰਤਵਾਂ ਅਤੇ ਵਿਦਿਅਕ ਸੰਸਥਾਵਾਂ ਦੀ ਬਣਤਰ ਵਿੱਚ ਤਬਦੀਲੀਆਂ ਸੰਬੰਧੀ ਵਿਵਾਦ ਨਿਰੰਤਰ ਜਾਰੀ ਹਨ। ਸਿੱਖਿਆ ਨੀਤੀ-2020 ਵੱਲੋਂ ਇਨ੍ਹਾਂ ਵਿਵਾਦਾਂ ਨੂੰ ਖ਼ਤਮ ਕਰਨ ਦੀ ਥਾਂ ਇਨ੍ਹਾਂ ਵਿੱਚ ਹੋਰ ਵਾਧਾ ਕੀਤਾ ਹੈ। ਇਸ ਗੰਭੀਰ ਅਤੇ ਸੰਜੀਦਾ ਵਿਸ਼ੇ ਦੇ ਕਈ ਪੱਖ ਅਤੇ ਕਾਰਨ ਹਨ, ਜਿਨ੍ਹਾਂ 'ਤੇ ਵਿਚਾਰ ਕਰਨਾ ਜ਼ਰੂਰੀ ਬਣਦਾ ਹੈ।

ਪਿਛਲੇ ਦਿਨੀਂ ਸਾਲ 2025 ਦੇ ਆਰੰਭ ਵਿੱਚ ਹੀ ਸਿੱਖਿਆ ਸੰਬੰਧੀ ਕੁਝ ਖ਼ਬਰਾਂ ਛਪੀਆਂ ਸਨ। ਜਿਵੇਂ ਦੇਸ਼ ਦੇ ਪ੍ਰਾਇਮਰੀ ਸਕੂਲਾਂ ਵਿੱਚ ਘਟ ਰਹੇ ਦਾਖ਼ਲੇ ਸੰਬੰਧੀ। ਦੂਜੇ ਦੇਸ਼ ਦੇ ਸਿੱਖਿਆ ਦੇ ਐਲੀਮੈਂਟਰੀ ਪੱਧਰ ਤੱਕ ਦੇ ਸੰਵਿਧਾਨਕ ਹੱਕ ਦੇ 2009 ਵਾਲੇ ਕਾਨੂੰਨ ਵਿੱਚ ਵਿਵਸਥਾ ਬਦਲ ਕੇ ਪੰਜਵੀਂ ਅਤੇ ਅੱਠਵੀਂ ਜਮਾਤ ਪਾਸ ਕਰਨ ਲਈ ਪ੍ਰੀਖਿਆ ਪਾਸ ਕਰਨ ਸੰਬੰਧੀ। ਤੀਜਾ ਯੂ ਜੀ ਸੀ ਵੱਲੋਂ ਕੀਤੀਆਂ ਗਈਆਂ ਤਬਦੀਲੀਆਂ ਸੰਬੰਧੀ, ਯੂ ਜੀ ਸੀ ਵੱਲੋਂ ਕੀਤੀਆਂ ਗਈਆਂ ਤਬਦੀਲੀਆਂ ਸੰਬੰਧੀ ਭਾਰਤ ਦੇ ਇੱਕ ਵੱਡੇ ਪੰਜਾਬੀ ਅਖ਼ਬਾਰ ਦੇ ਮਿਤੀ 9.1.2025 ਦੀ ਸੰਪਾਦਕੀ ਦੀ ਟਿੱਪਣੀ ਸੀ, 'ਸਭ ਤੋਂ ਮਾੜਾ ਹੈ ਅਧਿਆਪਕਾਂ ਦੀਆਂ ਕੰਟਰੈਕਟ ਅਧਾਰਤ ਨਿਯੁਕਤੀਆਂ ਤੇ ਰੋਕਾਂ ਦਾ ਖ਼ਤਮ ਕਰਨਾ। ਪੁਰਾਣੀਆਂ ਹਦਾਇਤਾਂ ਸਨ ਕਿ ਸੰਸਥਾ ਆਪਣੀ ਕੁਲ ਫੈਕਲਟੀ ਦਾ 10 ਪ੍ਰਤੀਸ਼ਤ ਹਿੱਸਾ ਇਸ ਤਰ੍ਹਾਂ ਦੀਆਂ ਨਿਯੁਕਤੀਆਂ ਨਾਲ ਭਰ ਸਕਦੀ ਸੀ। ਇਹ ਸੀਮਾ ਖ਼ਤਮ ਹੋਣ ਨਾਲ ਅਹਿਮ ਅਕਾਦਮਿਕ ਅਹੁਦਿਆਂ ਦੇ ਆਰਜ਼ੀ ਨਿਯੁਕਤੀਆਂ ਵਿੱਚ ਤਬਦੀਲ ਹੋਣ ਦਾ ਖ਼ਤਰਾ ਵਧਾ ਗਿਆ ਹੈ। ਖਰਚਾ ਬਚਾਉਣ ਦੇ ਕਦਮ ਗੁਣਵੱਤਾ ਨਾਲੋਂ ਸੌਖਾਂ ਨੂੰ ਤਰਜੀਹ ਦੇ ਰਹੇ ਹਨ। ਠੇਕਾ ਅਧਾਰਤ ਨਿਯੁਕਤੀਆਂ ਹਾਲਾਂਕਿ ਤਿਕੜਮ ਹਨ। ਜਿਹੜੀਆਂ ਸੰਸਥਾ ਦੀ ਲੰਮੇਰੀ ਸਥਿਰਤਾ ਤੇ ਅਧਿਆਪਨ ਅਮਲੇ ਦੀਆਂ ਪੇਸ਼ੇਵਰ ਸੰਭਾਵਨਾਵਾਂ ਨੂੰ ਕਮਜ਼ੋਰ ਕਰਦੀਆਂ ਹਨ।' ਇਸ ਅਖ਼ਬਾਰ ਦੀ ਇਹ ਟਿੱਪਣੀ ਹੋਰ ਵਿਸ਼ੇਸ਼ ਅਧਿਐਨ ਦੀ ਮੰਗ ਕਰਦੀ ਹੈ। ਭਾਵੇਂ ਦੇਸ਼ ਦੀਆਂ ਸੰਸਥਾਵਾਂ ਵਿੱਚ ਅਧਿਆਪਕ ਅਤੇ ਸਹਾਇਕ ਅਮਲੇ ਦੀਆਂ ਠੇਕਾ ਨਿਯੁਕਤੀਆਂ ਸੰਬੰਧੀ ਇਹ ਫੈਸਲਾ ਕੋਈ ਨਵਾਂ ਨਹੀਂ ਹੈ, ਕਿਉਂਕਿ 1990 ਤੋਂ ਆਰੰਭ ਹੋਏ ਅਖੌਤੀ ਆਰਥਿਕ ਸੁਧਾਰਾਂ ਅਧੀਨ ਅਧਿਆਪਕਾਂ ਦੀਆਂ ਨਿਯੁਕਤੀਆਂ ਬਹੁਤੇ ਥਾਵਾਂ 'ਤੇ ਠੇਕਾ ਅਧਾਰਤ ਕੀਤੀਆਂ ਜਾ ਰਹੀਆਂ ਹਨ। ਇਸ ਦੇ ਵੱਧ-ਘੱਟ ਪ੍ਰਭਾਵਾਂ ਕਾਰਨ ਸਕੂਲ ਖੇਤਰ ਜਾਂ ਕਾਲਜ/ਯੂਨੀਵਰਸਿਟੀ ਪੱਧਰ ਤੱਕ ਇਹ ਵੱਖ-ਵੱਖ ਨਾਵਾਂ ਹੇਠ ਅਤੇ ਘੱਟ ਨਿਸ਼ਚਤ ਉਜਰਤਾਂ 'ਤੇ ਕੀਤੀਆਂ ਜਾ ਰਹੀਆਂ ਸਨ ਅਤੇ ਹਨ, ਜਿਨ੍ਹਾਂ ਦਾ ਅਧਿਆਪਕ ਵਰਗ ਅਤੇ ਸੰਜੀਦਾ ਸਿੱਖਿਆ ਸ਼ਾਸਤਰੀਆਂ ਵੱਲੋਂ ਵਿਰੋਧ ਕੀਤਾ ਜਾ ਰਿਹਾ ਸੀ।

ਅਧਿਆਪਕਾਂ ਦੀਆਂ ਨਿਯੁਕਤੀਆਂ ਦੀ ਠੇਕਾ ਅਧਾਰਤ ਵਿਧੀ ਅਤੇ ਸੇਵਾ ਹਾਲਤਾਂ ਸੰਬੰਧੀ ਭਾਰਤ ਦੀ ਪ੍ਰਮੁੱਖ ਸਿੱਖਿਆ ਸੰਸਥਾ 'ਐਨ ਸੀ ਈ ਆਰ ਟੀ' ਦੇ ਰਹਿ ਚੁੱਕੇ ਮੁਖੀ ਕ੍ਰਿਸ਼ਨ ਕੁਮਾਰ ਨੇ 10 ਅਕਤੂਬਰ 2014 ਦੇ 'ਹਿੰਦੁਸਤਾਨ ਟਾਈਮਜ਼' ਅਖਬਾਰ ਵਿੱਚ ਇਕ ਲੇਖ ਵਿੱਚ ਕਿਹਾ ਸੀ, 'ਭਾਰਤ ਨੇ ਅਧਿਆਪਕਾਂ ਵਿਰੁੱਧ ਜੰਗ ਛੇੜੀ ਹੋਈ ਹੈ ਅਤੇ ਇਹ ਕਿਰਿਆ ਜੋ 1990 ਦੇ ਆਰੰਭ ਤੋਂ ਆਰਥਿਕ ਸੁਧਾਰਾਂ ਦੇ ਪਰਦੇ ਹੇਠ ਆਰੰਭ ਕੀਤੀ ਗਈ ਸੀ, ਹੁਣ ਲੱਗਭੱਗ ਇਕ ਨੀਤੀ ਹੀ ਬਣ ਗਈ ਹੈ। ਇਸ ਲੇਖ ਵਿੱਚ ਇਹ ਵੀ ਦੱਸਿਆ ਗਿਆ ਸੀ ਕਿ ਉਸ ਸਮੇਂ ਦਿੱਲੀ ਯੂਨੀਵਰਸਿਟੀ ਵਿੱਚ ਲੱਗਭੱਗ 4000 ਅਧਿਆਪਕ ਠੇਕੇ 'ਤੇ ਕੰਮ ਕਰਦੇ ਸਨ ਅਤੇ ਯੂਨੀਵਰਸਿਟੀ ਜਾਣ-ਬੁੱਝ ਕੇ ਰੈਗੂਲਰ ਅਧਿਆਪਕਾਂ ਦੀ ਗਿਣਤੀ ਘਟਾ ਰਹੀ ਹੈ ਅਤੇ ਇਸ ਤਰ੍ਹਾਂ ਅਧਿਆਪਕ ਕਿੱਤਾ ਇੱਕ ਅਸੁਰੱਖਿਅਤ ਅਤੇ ਅਣਗੌਲਿਆ ਖੇਤਰ ਬਣ ਰਿਹਾ ਹੈ।

ਪਰ ਅਫ਼ਸੋਸ ਦੀ ਗੱਲ ਕਿ 2014 ਵਿੱਚ ਆਈ ਕੇਂਦਰੀ ਸਰਕਾਰ ਨੇ ਵੀ ਸਾਲ 2014-15 ਦੇ ਵਾਰਸ਼ਕ ਬਜਟ ਵਿੱਚ ਸਿੱਖਿਆ ਲਈ ਰੱਖੀਆਂ ਗਈਆਂ ਅਤੇ ਲੋਕ ਸਭਾ ਵਿੱਚ ਪਾਸ ਹੋਈਆਂ ਵਿੱਤੀ ਰਾਸ਼ੀਆਂ ਵਿੱਚ ਗੰਭੀਰ ਕੱਟਾਂ ਲਾ ਦਿੱਤੀਆਂ ਅਤੇ ਨਵੰਬਰ-ਦਸੰਬਰ 2014 ਦੇ ਮਹੀਨਿਆਂ 'ਚ ਐਲਾਨ ਕਰ ਦਿੱਤਾ ਗਿਆ ਕਿ ਆਰਥਿਕ ਸੁਧਾਰ ਜਾਰੀ ਰੱਖੇ ਜਾਣਗੇ। ਸਿੱਖਿਆ ਖੇਤਰ ਜਾਂ ਅਧਿਆਪਕਾਂ ਦੀਆਂ ਸੇਵਾ ਹਾਲਤਾਂ ਸੰਬੰਧੀ ਸੁਧਾਰਾਂ ਵਾਲੀ ਕੋਈ ਗੱਲ ਤੱਕ ਨਹੀਂ ਕੀਤੀ ਗਈ। ਸਾਲ 2015 ਵਿੱਚ ਭਾਰਤ ਵਿੱਚ ਨਵੀਂ ਸਿੱਖਿਆ ਨੀਤੀ ਬਣਾਉਣ ਸੰਬੰਧੀ ਚਰਚਾ ਆਰੰਭ ਕੀਤੀ ਗਈ। ਇਨ੍ਹਾਂ ਹਾਲਤਾਂ ਵਿੱਚ ਹੀ 24.5.2015 ਦੇ 'ਦਾ ਹਿੰਦੂ' ਅਖਬਾਰ ਵਿੱਚ ਛਪੀ ਖ਼ਬਰ ਅਨੁਸਾਰ ਕ੍ਰਿਸ਼ਨ ਕੁਮਾਰ ਨੇ ਫਿਰ ਕਿਹਾ, 'ਅਧਿਆਪਕਾਂ ਵਿਰੁੱਧ ਜੰਗ ਜੋ 1990 ਦੇ ਮੱਧ ਤੋਂ ਛੇੜੀ ਗਈ ਸੀ, ਅੱਜ ਵੀ ਭਾਰਤ ਦੇ ਵਧੇਰੇ ਸੂਬਿਆਂ ਵਿੱਚ ਜਾਰੀ ਹੈ ਅਤੇ ਜਾਪਦਾ ਹੈ ਕਿ ਸਰਕਾਰ ਨੇ ਇਸ ਨੂੰ ਪੂਰੀ ਤਰ੍ਹਾਂ ਅਣਗੌਲਿਆਂ ਕੀਤਾ ਹੋਇਆ ਹੈ।'

ਇਸ ਤਰ੍ਹਾਂ ਸਾਲ 2014-15 ਉਪਰੰਤ ਵੀ ਦੇਸ਼ ਭਰ ਵਿੱਚ ਵੱਖ-ਵੱਖ ਸੂਬਿਆਂ ਵਿੱਚ ਅਧਿਆਪਕਾਂ ਦੇ ਵੱਖ-ਵੱਖ ਪੱਧਰਾ ਅਤੇ ਵਿਸ਼ਿਆਂ ਦੀਆਂ ਹਜ਼ਾਰਾਂ ਆਸਾਮੀਆਂ ਖਾਲੀ ਹੋਣ ਅਤੇ ਕਈ ਲੱਖ ਅਧਿਆਪਕ ਠੇਕੇ 'ਤੇ ਕੰਮ ਕਰਦੇ ਹੋਣ ਦੀਆਂ ਖ਼ਬਰਾਂ ਪ੍ਰੈੱਸ ਵਿੱਚ ਛਪਦੀਆਂ ਰਹੀਆਂ। 2009 ਦੇ ਸਾਲ ਵਿੱਚ ਬਣਾਏ ਗਏ ਐਲੀਮੈਂਟਰੀ ਸਿੱਖਿਆ ਦੇ ਕਾਨੂੰਨ ਵਿੱਚ ਕਿਹਾ ਗਿਆ ਸੀ ਕਿ 2013 ਦੇ ਸਾਲ ਤੱਕ ਸਾਰੇ ਠੇਕਾ ਅਧਿਆਪਕ ਰੈਗੂਲਰ ਕਰ ਦਿੱਤੇ ਜਾਣਗੇ ਅਤੇ ਇਸ ਤੋਂ ਅੱਗੇ ਠੇਕਾ ਅਧਾਰਤ ਨਿਯੁਕਤੀਆਂ ਬੰਦ ਕਰ ਦਿੱਤੀਆਂ ਜਾਣਗੀਆਂ, ਪਰ ਹੁਣ ਦੀ ਸਾਡੀ ਜਾਣਕਾਰੀ ਅਨੁਸਾਰ ਇਹ ਫੈਸਲਾ ਸੰਬੰਧਤ ਸਕੂਲਾਂ ਵਿੱਚ ਵੀ ਲਾਗੂ ਨਹੀਂ ਕੀਤਾ ਗਿਆ ਅਤੇ ਬਾਕੀ ਸਭ ਪੱਧਰਾਂ 'ਤੇ ਵੀ ਪਰਨਾਲਾ ਉਥੇ ਦਾ ਉਥੇ ਹੀ ਹੈ।

ਪਿਛਲੇ ਦਹਾਕਿਆਂ ਵਿੱਚ ਅਧਿਆਪਕ ਨਿਯੁਕਤੀਆਂ ਅਤੇ ਸੇਵਾ ਹਾਲਤਾਂ ਸੰਬੰਧੀ ਗਲਤ ਨੀਤੀਆਂ ਅਤੇ ਤਰਜੀਹਾਂ ਨੂੰ ਪਹਿਲ ਦੇ ਕੇ ਜੋ ਵੱਡਾ ਨੁਕਸਾਨ ਕੀਤਾ ਗਿਆ ਹੈ, ਨੂੰ ਪੂਰਾ ਕਰਨਾ ਸੌਖਾ ਕੰਮ ਨਹੀਂ। ਅਧਿਆਪਕਾਂ ਦੀ ਘਾਟ ਦੇ ਸੰਕਟ ਨੂੰ ਦੂਰ ਕਰਨ ਲਈ ਅਧਿਆਪਕ ਨਿਯੁਕਤੀਆਂ ਤੇਜ਼ੀ ਨਾਲ ਕਰਨ ਅਤੇ ਚੰਗੇਰੇ ਢੰਗ ਅਪਣਾਉਣ ਦੀ ਵੱਡੀ ਲੋੜ ਹੈ ਅਤੇ ਅਧਿਆਪਕਾਂ ਦੀਆਂ ਸੇਵਾ ਹਾਲਤਾਂ ਵਿੱਚ ਵਿਸ਼ੇਸ਼ ਸੁਧਾਰ ਕਰਨ ਦੀ ਵੀ ਜ਼ਰੂਰੀ ਲੋੜ ਹੈ।

ਅਸੀਂ ਸਭ ਜਾਣ ਚੁੱਕੇ ਹਾਂ ਕਿ ਕੇਂਦਰ ਸਰਕਾਰ ਵੱਲੋਂ ਲਿਆਂਦੀ ਗਈ ਸਿੱਖਿਆ ਨੀਤੀ-2020 ਵੀ ਇਸ ਸੰਬੰਧੀ ਚੁੱਪ ਰਹੀ ਹੈ। ਜਦੋਂ ਕਿ ਸਾਡੀ ਜਾਣਕਾਰੀ ਅਤੇ ਪ੍ਰੈੱਸ ਦੀਆਂ ਖ਼ਬਰਾਂ ਵਿੱਚ 18.8.2020 ਦੇ 'ਹਿੰਦੁਸਤਾਨ ਟਾਈਮਜ਼' ਵਿੱਚ ਛਪੇ ਇਕ ਲੇਖ ਅਨੁਸਾਰ ਨਵੀਂ ਸਿੱਖਿਆ ਨੀਤੀ ਸੰਬੰਧੀ ਡਰਾਫਟ ਰਿਪੋਰਟ 2019 ਵਿੱਚ ਸਪੱਸ਼ਟ ਕਿਹਾ ਗਿਆ ਸੀ ਕਿ ਠੇਕਾ ਅਧਾਰਤ ਟੀਚਰਜ਼ ਪੈਰਾ-ਟੀਚਰਜ਼ ਦੀਆਂ ਨਿਯੁਕਤੀਆਂ ਵਿੱਚ ਇਹ ਵਿਤਕਰੇ ਵਾਲਾ ਪ੍ਰਬੰਧ ਪ੍ਰਾਇਮਰੀ ਪੱਧਰ ਤੋਂ ਲੈ ਕੇ ਕਾਲਜ/ਯੂਨੀਵਰਸਿਟੀ ਪੱਧਰ ਤੱਕ ਬੰਦ ਕਰ ਦਿੱਤਾ ਜਾਵੇਗਾ, ਪਰ ਸਿੱਖਿਆ ਨੀਤੀ 2020 ਵਿੱਚ ਅਧਿਆਪਕਾਂ ਦੀਆਂ ਠੇਕੇ 'ਤੇ ਨਿਯੁਕਤੀਆਂ ਬੰਦ ਕਰਨ ਅਤੇ ਸਾਰੇ ਅਧਿਆਪਕਾਂ ਦੀਆਂ ਸੇਵਾ ਹਾਲਤਾਂ ਇਕਸਾਰ ਕਰਨ ਸੰਬੰਧੀ ਕੋਈ ਜ਼ਿਕਰ ਤੱਕ ਨਹੀਂ ਹੈ, ਜਦੋਂ ਕਿ ਸਿੱਖਿਆ ਨੀਤੀ-2020 ਨੂੰ ਅੰਤਮ ਰੂਪ ਦੇਣ ਸਮੇਂ ਵੀ ਦੇਸ਼ ਭਰ ਵਿੱਚ ਪ੍ਰਾਇਮਰੀ ਤੋਂ ਲੈ ਕੇ ਕਾਲਜ ਪੱਧਰ ਤੱਕ ਲੱਖਾਂ ਅਧਿਆਪਕਾਂ ਦੇ ਠੇਕੇ 'ਤੇ ਕੰਮ ਕਰਨ ਦੀਆਂ ਖ਼ਬਰਾਂ ਪ੍ਰੈੱਸ ਵਿੱਚ ਨਿਰੰਤਰ ਛਪ ਰਹੀਆਂ ਸਨ, ਪਰ ਹੁਣ ਯੂਨੀਵਰਸਿਟੀ ਪੱਧਰ 'ਤੇ ਠੇਕਾ ਅਧਿਆਪਕਾਂ ਦੀਆਂ 10 ਪ੍ਰਤੀਸ਼ਤ ਨਿਯੁਕਤੀਆਂ ਕਰ ਸਕਣ ਵਾਲੀ ਹੱਦ ਖ਼ਤਮ ਕਰਕੇ ਸਥਿਤੀ ਨੂੰ ਹੋਰ ਗੰਭੀਰ ਬਣਾ ਦਿੱਤਾ ਗਿਆ ਹੈ। ਇੱਥੇ ਇਹ ਸਾਂਝਾ ਕੀਤਾ ਜਾਂਦਾ ਹੈ ਕਿ 1964-66 ਵਾਲੇ ਕੋਠਾਰੀ ਕਮਿਸ਼ਨ, 1966 ਵਾਲੀ ਪੈਰਿਸ ਵਿਖੇ ਹੋਈ ਅੰਤਰਦੇਸੀ ਕਾਨਫ਼ਰੰਸ, ਜਿਸ ਵਿੱਚ ਭਾਰਤ ਵੀ ਸ਼ਾਮਲ ਸੀ ਅਤੇ 1983 ਦੇ ਚਟੋਪਾਧਿਆ ਕਮਿਸ਼ਨ ਦੀਆਂ ਸਿਫਾਰਸ਼ਾਂ ਵਿੱਚ ਕਿਹਾ ਗਿਆ ਸੀ ਕਿ ਅਧਿਆਪਕ ਨੂੰ ਸਿੱਖਿਆ ਖੇਤਰ ਦਾ ਕੇਂਦਰੀ ਬਿੰਦੂ ਮੰਨਦੇ ਹੋਏ ਇਹ ਜ਼ਰੂਰੀ ਹੈ ਕਿ ਸਿੱਖਿਆ ਨੀਤੀ ਨਿਰਧਾਰਤ ਕਰਦੇ ਸਮੇਂ, ਪਾਠਕ੍ਰਮ ਨਿਸ਼ਚਤ ਕਰਦੇ ਸਮੇਂ ਅਤੇ ਵਿਭਾਗ ਦੇ ਪ੍ਰਬੰਧਕੀ ਖੇਤਰ ਸੰਬੰਧੀ ਫੈਸਲੇ ਕਰਦੇ ਸਮੇਂ ਅਧਿਆਪਕ ਜਥੇਬੰਦੀਆਂ ਨੂੰ ਵਿਸ਼ਵਾਸ ਵਿੱਚ ਲਿਆ ਜਾਵੇ। ਇਸ ਤੋਂ ਬਿਨਾਂ ਅਧਿਆਪਕ ਵਰਗ ਲਈ ਵਿਸ਼ੇਸ਼ ਬਣਦੀਆਂ ਉਜਰਤਾਂ ਅਤੇ ਚੰਗੇਰੀਆਂ ਸੇਵਾ ਹਾਲਤਾਂ ਅਤੇ ਅਧਿਆਪਨ ਇਸ ਵਿੱਚ ਖੁਦਮੁਖਤਿਆਰੀ ਯਕੀਨੀ ਬਣਾਈ ਜਾਵੇ ਤਾਂ ਜੋ ਅਧਿਆਪਕ ਵਿਦਿਆਰਥੀ ਦੇ ਸਰਬਪੱਖੀ ਵਿਕਾਸ ਵੱਲ ਆਪਣਾ ਧਿਆਨ ਕੇਂਦਰਤ ਕਰ ਸਕਣ। ਕੋਠਾਰੀ ਸਿੱਖਿਆ ਕਮਿਸ਼ਨ ਨੇ ਤਾਂ ਅਧਿਆਪਕ ਦੀ ਭੂਮਿਕਾ ਨੂੰ ਮੁੱਖ ਰੱਖਦਿਆਂ ਅਧਿਆਪਕ ਨੂੰ ਕੌਮ ਦਾ ਨਿਰਮਾਤਾ ਤੱਕ ਕਿਹਾ ਸੀ ਅਤੇ ਅਧਿਆਪਨ ਕਿੱਤੇ ਦੀ ਮਹੱਤਤਾ ਨੂੰ ਪਹਿਲ ਦਿੰਦਿਆਂ ਭਾਰਤ ਦੇ ਦੂਜੇ ਰਾਸ਼ਟਰਪਤੀ ਡਾਕਟਰ ਡਾ. ਰਾਧਾ ਕ੍ਰਿਸ਼ਨਨ ਨੇ ਆਪ ਦਾ ਜਨਮ ਦਿਨ 5 ਸਤੰਬਰ ਅਧਿਆਪਨ ਕਿੱਤੇ ਨੂੰ ਹੀ ਸਮਰਪਿਤ ਕਰ ਦਿੱਤਾ ਸੀ। ਇਸੇ ਕਾਰਨ ਹੀ ਅੱਜ ਭਾਰਤ ਵਿੱਚ ਹਰ ਸਾਲ 5 ਸਤੰਬਰ ਦਾ ਦਿਨ ਅਧਿਆਪਕ ਦਿਵਸ ਵਜੋਂ ਮਨਾਇਆ ਜਾਂਦਾ ਹੈ। ਸੰਸਾਰ ਭਰ ਦਾ ਤਜਰਬਾ ਦਸਦਾ ਹੈ ਕਿ ਅੱਜ ਸੰਸਾਰ ਵਿੱਚ ਉਹੀ ਦੇਸ਼

22-JAN-PAGE-5.qxd 1/21/2025 10:45 PM Page 1

ਮਾਮਲਾ ਪਿੰਡ ਦਾਨ ਸਿੰਘ ਵਾਲਾ 'ਚ ਸਮਾਜ ਵਿਰੋਧੀਆਂ ਵੱਲੋਂ ਵਰਤਾਏ ਕਹਿਰ ਦਾ

ਜੋਗਾ ਤੇ ਐਡਵੋਕੇਟ ਸੋਹੀ ਦੀ ਅਗਵਾਈ 'ਚ ਵਫਦ ਡੀ ਸੀ ਤੇ ਐੱਸ ਐੱਸ ਪੀ ਨੂੰ ਮਿਲਿਆ

ਤਲਵੰਡੀ ਸਾਬੋ (ਜਗਦੀਪ ਗਿੱਲ)

ਇੱਥੋਂ 22 ਕਿਲੋਮੀਟਰ ਦੂਰ ਪਿੰਡ ਦਾਨ ਸਿੰਘ ਵਾਲਾ ਦੀ ਜੀਵਨ ਸਿੰਘ ਵਾਲਾ ਬਸਤੀ ਵਿੱਚ ਮਜ਼ਬੀ ਸਿੱਖ ਭਾਈਚਾਰੇ ਦੇ ਗਰੀਬ ਪਰਵਾਰਾਂ ਉੱਤੇ ਸਮਾਜ ਵਿਰੋਧੀ ਜਰਾਇਮ ਪੇਸ਼ਾ ਦਰਜਨਾਂ ਅਨਸਰਾਂ ਵੱਲੋਂ ਰਾਤ ਨੂੰ ਕਾਤਲਾਨਾ ਹਮਲੇ ਕਰਕੇ 5 ਮਜ਼ਦੂਰਾਂ ਨੂੰ ਜ਼ਖ਼ਮੀ ਕਰ ਦੇਣ, ਪੌਣੀ ਦਰਜਨ ਘਰਾਂ ਨੂੰ ਪੈਟਰੋਲ ਬੰਬਾਂ ਨਾਲ ਅੱਗ ਲਾ ਕੇ ਸਾੜ ਦੇਣ ਅਤੇ ਇਨਵਰਟਰ, ਟੀ ਵੀ, ਗੈਸ ਸਿਲੰਡਰ ਲੁੱਟ ਲੈਣ ਤੇ ਦਰਜਨਾਂ ਬੱਕਰੀਆਂ ਤੇ ਪਠੋਰੇ ਚੁੱਕ ਕੇ ਲੈ ਜਾਣ ਦੀ ਦਹਿਸ਼ਤਗਰਦ ਕਾਰਵਾਈ ਖਿਲਾਫ ਸੀ ਪੀ ਆਈ ਤੇ ਖੇਤ ਮਜ਼ਦੂਰ ਸਭਾ ਦਾ ਸਮੂਹਿਕ ਵਫ਼ਦ ਡੀ ਸੀ ਤੇ ਐੱਸ ਐੱਸ ਪੀ ਬਠਿੰਡਾ ਨੂੰ ਮਿਲਿਆ। ਸੀ ਪੀ ਆਈ ਦੇ ਸੀਨੀਅਰ ਸੂਬਾਈ ਆਗੂ ਜਗਜੀਤ ਸਿੰਘ ਜੋਗਾ ਤੇ ਖੇਤ ਮਜ਼ਦੂਰ ਸਭਾ ਦੇ ਕੌਮੀ ਆਗੂ ਸੁਰਜੀਤ ਸਿੰਘ ਸੋਹੀ ਦੀ ਅਗਵਾਈ ਵਿੱਚ ਮਿਲੇ ਇਸ ਵਫ਼ਦ ਨੇ ਮੰਗ ਪੱਤਰ ਵਿੱਚ ਮੰਗ ਕੀਤੀ ਕਿ ਲੁੱਟੇ ਗਏ ਸਮਾਨ ਤੇ ਬੱਕਰੀਆਂ ਦੀ ਬਰਾਮਦਗੀ ਕਰਵਾਈ ਜਾਵੇ, ਹੁਕਮਰਾਨ ਪਾਰਟੀ ਨਾਲ ਸਬੰਧਤ ਮੌਕੇ ਦੇ ਸਰਪੰਚ ਜਿਸ ਦੀ ਹਮਲਾਵਰਾਂ ਨਾਲ ਮਿਲੀਭੁਗਤ ਹੈ, ਉੱਤੇ ਹਮਲੇ ਦੀ ਸਾਜ਼ਿਸ਼ ਰਚਣ ਤੇ ਸ਼ਹਿ ਦਾ ਕੇਸ ਬਣਾਇਆ ਜਾਵੇ, ਪਾਲਤੂ ਬੇਜ਼ੁਬਾਨ ਗਊ ਨੂੰ ਤਲਵਾਰ ਨਾਲ ਜ਼ਖਮੀ ਕਰਨ ਤੇ ਐਸ ਸੀ ਐਕਟ ਦੀ ਧਾਰਾ ਜੋੜੀ ਜਾਵੇ। ਹਥਿਆਰਾਂ ਦੀ ਤਾਕਤ ਨਾਲ ਬੱਕਰੀਆਂ ਤੇ ਸਮਾਨ ਦੀ ਲੁੱਟ ਦਾ ਕੇਸ ਵਿੱਚ ਵਾਧਾ ਕੀਤਾ ਜਾਵੇ। ਗਊ ਅਤੇ ਜ਼ਖ਼ਮੀ ਗਰੀਬ ਮਜ਼ਦੂਰਾਂ ਦਾ ਸਰਕਾਰੀ ਖ਼ਰਚੇ ਉੱਤੇ ਇਲਾਜ ਕਰਵਾਇਆ ਜਾਵੇ ਅਤੇ ਹਰ ਪੀੜਤ ਪਰਵਾਰ ਨੂੰ 10 ਲੱਖ ਰੁਪਏ ਦੀ ਸਰਕਾਰੀ ਸਹਾਇਤਾ ਕੀਤੀ ਜਾਵੇ।

ਵਫ਼ਦ ਵਿੱਚ ਬਸਤੀ ਦੀਆਂ ਸ਼ਾਮਲ ਪੀੜਤ ਔਰਤਾਂ ਨੇ ਕਿਹਾ ਕਿ ਉਹਨਾਂ ਨੂੰ ਹਰ ਰੋਜ਼ ਮੁੱਖ ਦੋਸ਼ੀ ਦੇ ਪਰਵਾਰਕ ਮੈਂਬਰ ਹੋਰ ਵੀ ਮਾਲੀ ਤੇ ਜਿਸਮਾਨੀ ਨੁਕਸਾਨ ਪਹੁੰਚਾਉਣ ਦੀਆਂ ਧਮਕੀਆਂ ਦੇ ਰਹੇ ਹਨ। ਉਹਨਾਂ ਆਪਣੇ ਪਰਵਾਰਾਂ ਦੀ ਸੁਰੱਖਿਆ ਦੀ ਗਰੰਟੀ ਮੰਗੀ। ਵਫ਼ਦ ਨੇ ਦੋਸ਼ ਲਾਇਆ ਕਿ ਮੌਕੇ ਦੇ ਹੁਕਮਰਾਨ ਪਾਰਟੀ ਦੇ ਵਿਧਾਇਕ ਦਾ ਮੁਜਰਮਾਂ ਨੂੰ ਥਾਪੜਾ ਹੋਣ ਕਰਕੇ ਪੁਲਸ ਦਬਾਅ ਹੇਠ ਕੰਮ ਕਰ ਰਹੀ ਹੈ। ਡੀ ਸੀ ਤੇ ਐਸ ਐਸ ਪੀ ਦਫ਼ਤਰਾਂ ਵਿੱਚ ਹਾਜ਼ਰ ਨਾ ਹੋਣ ਕਾਰਨ ਉਹਨਾਂ ਦੇ ਗੰਡਰਾਂ ਨੇ ਮੰਗ ਪੱਤਰ ਵਸੂਲ ਪਾਏ ਅਤੇ ਸਬੰਧਤ ਥਾਣੇ ਦੇ ਇੰਸਪੈਕਟਰ ਨੂੰ ਬੁਲਾ ਕੇ ਉਸ ਨਾਲ ਵਫ਼ਦ ਦੀ ਮੁਲਾਕਾਤ ਕਰਵਾ ਕੇ ਜਲਦ ਕਾਰਵਾਈ ਕਰਨ ਦਾ ਭਰੋਸਾ ਦਿੱਤਾ ਅਤੇ ਕਿਹਾ ਕਿ ਡੀ ਸੀ ਨੇ ਪਰਵਾਰਾਂ ਨੂੰ ਯੋਗ ਮੁਆਵਜ਼ਾ ਦਿਵਾਉਣ ਲਈ ਸਰਕਾਰ ਨਾਲ ਰਾਬਤਾ ਰੱਖਿਆ ਹੋਇਆ ਹੈ। ਕਮਿਊਨਿਸਟ ਤੇ ਖੇਤ ਮਜ਼ਦੂਰ ਆਗੂਆਂ ਨੇ ਐਲਾਨ ਕੀਤਾ ਕਿ ਜੇਕਰ ਪ੍ਰਸ਼ਾਸਨ ਤੇ ਸਰਕਾਰ ਨੇ ਇਨਸਾਫ ਨਾ ਦਿੱਤਾ ਤਾਂ 26 ਜਨਵਰੀ ਨੂੰ ਗਣਤੰਤਰ ਦਿਵਸ ਮੌਕੇ ਪ੍ਰੋਟੈਸਟ ਮਾਰਚ ਕਰਕੇ ਕੌਮੀ ਝੰਡਾ ਲਹਿਰਾਉਣ ਆਏ ਮੰਤਰੀ ਨੂੰ ਮੰਗ ਪੱਤਰ ਦਿੱਤਾ ਜਾਵੇਗਾ।ਵਫ਼ਦ ਵਿੱਚ ਪੀੜਤਾਂ ਵੱਲੋਂ ਕੇਵਲ ਸਿੰਘ, ਰਣਜੀਤ ਸਿੰਘ, ਗੋਰਾ ਸਿੰਘ ਤੇ ਕਰਮਜੀਤ ਕੌਰ ਸ਼ਾਮਲ ਹੋਏ। ਖੇਤ ਮਜ਼ਦੂਰ ਸਭਾ ਪੰਜਾਬ ਦੇ ਮੀਤ ਸਕੱਤਰ ਨਾਨਕ ਚੰਦ, ਆਤਮਾ ਸਿੰਘ ਗਹਿਲੇਵਾਲ, ਮਿਠੂ ਸਿੰਘ ਬੰਗੀ, ਠਾਕੁਰ ਸਿੰਘ ਕੋਟਸ਼ਮੀਰ, ਕਾਕਾ ਸਿੰਘ ਬਠਿੰਡਾ, ਮਿਠੂ ਸਿੰਘ ਬੀੜ ਤਲਾਬ, ਹਰਬੰਸ ਸਿੰਘ ਜੋਧਪੁਰ ਰੁਮਾਣਾ, ਗੁਰਜੰਟ ਸਿੰਘ, ਬਲਜਿੰਦਰ ਸਿੰਘ ਜੋਗਾਨੰਦ ਤੇ ਦਰਜਨਾਂ ਹੋਰ ਕਾਮਰੇਡ ਜੋਗਾ ਤੇ ਸੋਹੀ ਨਾਲ ਵਫ਼ਦ ਵਿਚ ਹਾਜ਼ਰ ਸਨ।

ਅਮਿਤ ਸ਼ਾਹ ਵੱਲੋਂ ਡਾ. ਅੰਬੇਡਕਰ ਖਿਲਾਫ ਟਿੱਪਣੀਆਂ ਨੂੰ ਲੈ ਕੇ ਪਾਤੜਾਂ 'ਚ ਰੋਸ ਮਾਰਚ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾਕਟਰ ਭੀਮ ਰਾਓ ਅੰਬੇਡਕਰ ਖਿਲਾਫ ਆਪਣੇ ਭਾਸ਼ਣ ਦੌਰਾਨ ਕੀਤੀਆਂ ਗਈਆਂ ਤਲਖ ਟਿੱਪਣੀਆਂ ਨੂੰ ਲੈ ਕੇ ਦੇਸ਼ ਭਰ ਅੰਦਰ ਰੋਸ ਦੀ ਲਹਿਰ ਪਾਈ ਜਾ ਰਹੀ ਹੈ। ਇਸ ਦੌਰਾਨ ਕਾਂਗਰਸ ਪਾਰਟੀ ਵੱਲੋਂ ਵਿਰੋਧ ਪ੍ਰਦਰਸ਼ਨਾਂ ਦੇ ਦਿੱਤੇ ਸੱਦੇ ਤਹਿਤ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੀ ਕਾਂਗਰਸ ਪਾਰਟੀ ਵੱਲੋਂ ਵਿਸ਼ਾਲ ਰੋਸ ਮੁਜ਼ਾਹਰਾ ਕੀਤਾ ਗਿਆ। ਰੋਸ ਮੁਜ਼ਾਹਰੇ ਦੀ ਸ਼ੁਰੂਆਤ ਅਨਾਜ ਮੰਡੀ ਪਾਤੜਾਂ ਤੋਂ ਕਰਨ ਉਪਰੰਤ ਸ਼ਹਿਰ ਦੇ ਜਾਖਲ ਰੋਡ, ਮੇਨ ਬਾਜ਼ਾਰ, ਸ਼ਹੀਦ ਭਗਤ ਸਿੰਘ ਚੌਕ, ਪੁਰਾਣਾ ਬੱਸ ਸਟੈਂਡ ਤੋਂ ਹੁੰਦੇ ਹੋਏ ਕਾਂਗਰਸੀ ਵਰਕਰਾਂ ਨੇ ਟੈਕਸੀ ਸਟੈਂਡ ਪਾਤੜਾਂ ਤੱਕ ਨਾਅਰੇਬਾਜ਼ੀ ਕਰਦਿਆਂ ਰੋਸ ਪ੍ਰਦਰਸ਼ਨ ਕੀਤਾ। ਰੋਸ ਪ੍ਰਦਰਸ਼ਨ ਦੀ ਅਗਵਾਈ ਕਰ ਰਹੇ ਕਾਂਗਰਸ ਦੇ ਹਲਕਾ ਇੰਚਾਰਜ ਦਰਬਾਰਾ ਸਿੰਘ ਬਣਵਾਲਾ ਨੇ ਕਿਹਾ ਕਿ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਨੇ ਆਪਣੀ ਦੂਰਅੰਦੇਸ਼ੀ ਸੋਚ ਨਾਲ ਦੇਸ਼ ਵਾਸੀਆਂ ਨੂੰ ਬਰਾਬਰਤਾ ਦਾ ਅਧਿਕਾਰ ਦਿੱਤਾ ਪਰ ਭਾਰਤੀ ਜਨਤਾ ਪਾਰਟੀ ਦੀ ਅਗਵਾਈ ਵਾਲੀ ਕੇਂਦਰੀ ਹਕੂਮਤ ਦੇਸ਼ ਨੂੰ ਤੋੜਨ ਦੇ ਰਾਹ ਉੱਤੇ ਚਲਦਿਆਂ ਨਫ਼ਰਤ ਦੇ ਬੀਜ ਬਣ ਰਹੀ ਹੈ। ਉਨ੍ਹਾਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਦੇ ਅਪਮਾਨ ਕਰਨ ਬਦਲੇ ਤੁਰੰਤ ਦੇਸ਼ ਵਾਸੀਆਂ ਤੋਂ ਮਾਫੀ ਮੰਗੇ ਜਾਣ ਦੀ ਮੰਗ ਕਰਦਿਆਂ ਕਿਹਾ ਕਿ ਭਾਰਤ ਵੱਖ-ਵੱਖ ਧਰਮਾਂ ਤੇ ਜਾਤਾਂ ਦਾ ਦੇਸ਼ ਹੈ ਜਿੱਥੇ ਅਣਗਿਣਤ ਧਰਮਾਂ ਤੇ ਜਾਤਾਂ ਦੇ ਲੋਕ ਆਪਸ ਵਿੱਚ ਮਿਲਜੁਲ ਕੇ ਰਹਿੰਦੇ ਹਨ ਪਰ ਬਦਕਿਸਮਤੀ ਦੀ ਗੱਲ ਹੈ ਕਿ ਭਾਜਪਾ ਦੇ ਸਾਸ਼ਨ ਕਾਲ ਦੌਰਾਨ ਦੇਸ਼ ਵਾਸੀਆਂ ਦੀਆਂ ਭਾਵਨਾਵਾਂ ਭੜਕਾਉਣ ਦੀਆਂ ਲਗਾਤਾਰ ਕੋਸ਼ੀਆਂ ਹਰਕਤਾਂ ਕਰਕੇ ਦੇਸ਼ ਨੂੰ ਅਸਥਿਰਤਾ ਵੱਲ ਧੱਕਿਆ ਜਾ ਰਿਹਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਾਕ ਪ੍ਰਧਾਨ ਰਣਜੀਤ ਸਿੰਘ ਮਤੋਲੀ, ਸ਼ਹਿਰੀ ਪ੍ਰਧਾਨ ਰਾਕੇਸ਼ ਕੁਮਾਰ ਹੈਪੀ, ਮੋਹਰ ਸਿੰਘ ਜਿਉਣਪੁਰਾ, ਸਿਕੰਦਰ ਸਿੰਘ ਦੁਤਾਲ, ਨਿਰਮਲ ਸਿੰਘ ਪੰਨੂ, ਕੁਲਵੰਤ ਰਾਏ ਸ਼ਰਮਾ, ਧੰਨਾ ਸਿੰਘ ਕਲਵਾਣੂ, ਪਵਨ ਪਟਵਾਰੀ, ਅੰਮ੍ਰਿਤ ਅਨਮੋਲ, ਪੂਰਨ ਚੰਦ, ਰਮੇਸ਼ ਸ਼ਰਮਾ, ਰਿਪਲ ਗਰਗ, ਮਲਕੀਤ ਸਿੰਘ ਘੱਗਾ, ਲਾਭ ਕੌਰ ਆਦਿ ਹਾਜ਼ਰ ਸਨ।

ਖੇਤ ਮਜ਼ਦੂਰ ਯੂਨੀਅਨ ਵੱਲੋਂ ਸੂਬਾਈ ਸੱਦੇ ਤਹਿਤ ਡੀ ਸੀ ਦਫਤਰ ਮੋਗਾ ਅੱਗੇ ਧਰਨੇ ਦਾ ਐਲਾਨ

ਬੱਧਨੀ ਕਲਾਂ (ਲਵਲੀ ਮਾਛੀਕੇ)

ਪੰਜਾਬ ਖੇਤ ਮਜ਼ਦੂਰ ਯੂਨੀਅਨ ਜ਼ਿਲ੍ਹਾ ਕਮੇਟੀ ਮੋਗਾ ਦੀ ਮੀਟਿੰਗ ਮੇਜਰ ਸਿੰਘ ਕਾਲੇਕੇ ਪ੍ਰਧਾਨ ਜ਼ਿਲ੍ਹਾ ਮੋਗਾ ਦੀ ਪ੍ਰਧਾਨਗੀ ਹੇਠ ਬੱਧਨੀ ਕਲਾਂ ਵਿਖੇ ਹੋਈ, ਜਿਸ ਵਿੱਚ ਵੱਖ-ਵੱਖ ਪਿੰਡਾਂ ਦੇ ਆਗੂ ਤੇ ਵਰਕਰ ਹਾਜ਼ਰ ਹੋਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਮਜ਼ਦੂਰ ਆਗੂਆਂ ਦਰਸਨ ਸਿੰਘ ਹਿੰਮਤਪੁਰਾ, ਜੁਗਰਾਜ ਸਿੰਘ ਕੁੱਸਾ, ਅੰਗਰੇਜ਼ ਸਿੰਘ ਮੱਦੋਕੇ ਨੇ ਦੱਸਿਆ ਹੈ ਕਿ ਪੰਜਾਬ 'ਚ ਬਣੀ ਆਪ ਦੀ ਭਗਵੰਤ ਮਾਨ ਸਰਕਾਰ ਤਾਂ ਪਹਿਲੀਆਂ ਸਰਕਾਰਾਂ ਵਾਂਗ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ। ਇਸ ਵਲੋਂ ਜਿੱਥੇ ਹੋਰ ਤਬਕਿਆਂ ਨਾਲ ਹਰ ਪੱਖੋਂ ਧੱਕਾ ਕੀਤਾ ਜਾ ਰਿਹਾ ਹੈ ਉੱਥੇ ਬੇ-ਜ਼ਮੀਨੇ ਮਜ਼ਦੂਰਾਂ ਨੂੰ ਵੀ ਪੂਰੀ ਤਰ੍ਹਾਂ ਅੱਖੋਂ ਪਰੋਖੇ ਕੀਤਾ ਗਿਆ ਹੈ ਜੋ ਹਰ ਸਰਕਾਰ ਦੀ ਨਫਰਤ ਅਤੇ ਵਿਤਕਰਿਆਂ ਦਾ ਹੀ ਸਾਹਮਣਾ ਕਰਦੇ ਆ ਰਹੇ ਹਨ। ਮਜ਼ਦੂਰ ਆਗੂਆਂ ਨੇ ਸਦੀਆਂ ਤੋਂ ਜਬਰ ਦਾ ਸ਼ਿਕਾਰ ਹੁੰਦੇ ਆ ਰਹੇ ਸਾਰੇ ਮਜ਼ਦੂਰ ਵੀਰਾਂ-ਭੈਣਾਂ ਨੂੰ ਅਪੀਲ ਵੀ ਕੀਤੀ ਕਿ ਆਓ ਜਥੇਬੰਦ ਹੋ ਕੇ ਸੰਘਰਸ਼ ਤੇਜ਼ ਕਰੀਏ। ਮੀਟਿੰਗ 'ਚ ਫੈਸਲਾ ਕੀਤਾ ਗਿਆ ਕਿ ਭਖਦੀਆਂ ਮਜ਼ਦੂਰ ਮੰਗਾਂ ਲਾਗੂ ਕਰਵਾਉਣ ਲਈ 31 ਜਨਵਰੀ 2025 ਨੂੰ ਡੀ. ਸੀ. ਮੋਗਾ ਦੇ ਦਫਤਰ ਮੂਹਰੇ ਇੱਕ ਰੋਜ਼ਾ ਧਰਨਾ ਦੇ ਕੇ ਮੰਗ ਕੀਤੀ ਜਾਵੇਗੀ ਕਿ ਸਿਖਰਾਂ ਛੂਹ ਰਹੀ ਮਹਿੰਗਾਈ ਨੂੰ ਨੱਥ ਪਾਈ ਜਾਵੇ, ਸਰਵ-ਜਨਕ ਜਨਤਕ ਵੰਡ ਪ੍ਰਣਾਲੀ ਤਹਿਤ ਹਰ ਗਰੀਬ ਪਰਿਵਾਰ ਨੂੰ ਹਰ ਤਰ੍ਹਾਂ ਦਾ ਸਸਤਾ ਰਾਸ਼ਨ ਡਿਪੂਆਂ ਰਾਹੀਂ ਦੇਣ ਦੀ ਕਾਨੂੰਨਨ ਗਰੰਟੀ ਕੀਤੀ ਜਾਵੇ, ਹਰ ਗਰੀਬ ਪਰਿਵਾਰ ਲਈ ਗੈਸ ਸਿਲੰਡਰ ਸਸਤਾ ਕੀਤਾ ਜਾਵੇ, ਨਵਜਨਮੇ ਬੱਚੇ ਅਤੇ ਰਹਿੰਦੇ ਵਿਅਕਤੀਆਂ ਦੇ ਨਾਮ ਰਾਸ਼ਨ ਕਾਰਡ 'ਚ ਤੁਰੰਤ ਦਰਜ ਕੀਤੇ ਜਾਣ, ਬੇ-ਘਰੇ ਤੇ ਲੋੜਵੰਦ ਗਰੀਬ ਪਰਿਵਾਰਾਂ ਨੂੰ ਦਸ-ਦਸ ਮਰਲੇ ਦੇ ਪਲਾਟ ਜਲਦੀ ਜਾਰੀ ਕੀਤੇ ਜਾਣ, ਮਕਾਨ ਉਸਾਰੀ ਲਈ ਪੰਜ ਲੱਖ ਰੁਪਏ ਦੀ ਗਰਾਂਟ ਜਾਰੀ ਕੀਤੀ ਜਾਵੇ, ਮਨਰੇਗਾ ਕਾਨੂੰਨ ਤਹਿਤ ਹਰ ਬਾਲਗ ਨੂੰ ਪੂਰਾ ਸਾਲ ਕੰਮ ਦਿੱਤਾ ਜਾਵੇ, ਕਾਨੂੰਨ ਅਨੁਸਾਰ ਕੰਮ ਸਾਰੇ ਪਿੰਡਾਂ ਚ ਤੁਰੰਤ ਸ਼ੁਰੂ ਕੀਤਾ ਜਾਵੇ ਅਤੇ ਦਿਹਾੜੀ 700 ਰੁਪਏ ਲਾਗੂ ਕੀਤੀ ਜਾਵੇ, ਬੇ-ਜ਼ਮੀਨੇ ਮਜ਼ਦੂਰਾਂ/ਕਿਸਾਨਾਂ ਨੂੰ ਸਹਿਕਾਰੀ ਸਭਾਵਾਂ 'ਚ ਬਿਨਾਂ ਸ਼ਰਤ ਮੈਂਬਰ ਬਣਾਇਆ ਜਾਵੇ ਅਤੇ ਕਰਜ਼ੇ ਜਾਰੀ ਕੀਤੇ ਜਾਣ, ਮਜ਼ਦੂਰਾਂ ਵੱਲ ਖੜੇ ਪੁਰਾਣੇ ਤੇ ਨਵੇਂ ਬਿਜਲੀ ਬਿੱਲ ਮੁਆਫ ਕੀਤੇ ਜਾਣ, ਪੈਨਸ਼ਨ, ਸਿਹਤ ਸੇਵਾਵਾਂ, ਸਿੱਖਿਆ, ਹਜ਼ਾਰ ਰੁਪਏ ਦੀ ਗਰੰਟੀ ਚੋਣ ਵਾਅਦੇ ਅਨੁਸਾਰ ਲਾਗੂ ਕੀਤੀ ਜਾਵੇ। ਇਸ ਸਮੇਂ ਸ਼ਿੰਗਾਰਾ ਸਿੰਘ ਮੱਦੋਕੇ, ਹਾਕਮ ਸਿੰਘ ਕਾਲੇਕੇ, ਗੋਰਾ ਸਿੰਘ ਘੋਲੀਆਂ ਖੁਰਦ, ਜੋਧਾ ਸਿੰਘ ਕੁੱਸਾ, ਬਸੰਤ ਸਿੰਘ ਮੀਨੀਆਂ, ਨਿਰਮਲ ਸਿੰਘ ਦੌਧਰ ਆਦਿ ਹਾਜ਼ਰ ਸਨ।

ਕਾਤਰਾਂ

ਲੇਖਕਾਂ ਨੂੰ ਸਾਹਿਤਕ ਕਿਰਤਾਂ ਭਾਸ਼ਾ ਵਿਭਾਗ ਨੂੰ ਭੇਜਣ ਦਾ ਸੱਦਾ

ਤਲਵੰਡੀ ਸਾਬੋ (ਜਗਦੀਪ ਗਿੱਲ)-ਜ਼ਿਲ੍ਹਾ ਭਾਸ਼ਾ ਅਫ਼ਸਰ ਸ੍ਰੀ ਕੀਰਤੀ ਕਿਰਪਾਲ ਨੇ ਦੱਸਿਆ ਕਿ ਭਾਸ਼ਾ ਵਿਭਾਗ ਪੰਜਾਬ ਵੱਲੋਂ ਸੱਤ ਦਹਾਕਿਆਂ ਤੋਂ ਛਾਪੇ ਜਾਂਦੇ ਮਾਸਿਕ ਰਸਾਲੇ 'ਜਨ ਸਾਹਿਤ' ਤੇ 'ਪੰਜਾਬੀ ਦੁਨੀਆ' ਰਾਹੀਂ ਵਿਦਵਾਨਾਂ, ਖੋਜਾਰਥੀਆਂ, ਆਲੋਚਕਾਂ ਤੇ ਸਾਹਿਤਕਾਰਾਂ ਦੀਆਂ ਮਿਆਰੀ ਰਚਨਾਵਾਂ ਪਾਠਕਾਂ ਦੇ ਸਨਮੁੱਖ ਪੇਸ਼ ਕੀਤੀਆਂ ਜਾਂਦੀਆਂ ਹਨ।ਇਸ ਦੇ ਨਾਲ ਹੀ ਉਕਤ ਰਸਾਲਿਆਂ 'ਚ ਨਾਮਵਰ ਲਿਖਾਰੀਆਂ ਜਾਂ ਹੋਰਨਾਂ ਸਖ਼ਸ਼ੀਅਤਾਂ ਦੀਆਂ ਸਾਹਿਤਕ, ਸਮਾਜਿਕ ਜਾਂ ਦੇਸ਼ ਪ੍ਰਤੀ ਘਾਲਣਾਵਾਂ ਬਾਰੇ ਵਿਸ਼ੇਸ਼ ਅੰਕ ਵੀ ਕੱਢੇ ਜਾਂਦੇ ਹਨ।ਉਨ੍ਹਾਂ ਜ਼ਿਲ੍ਹਾ ਬਠਿੰਡਾ ਦੇ ਸਮੂਹ ਲੇਖਕਾਂ ਨੂੰ 'ਜਨ ਸਾਹਿਤ ਰਸਾਲੇ ਲਈ ਲੇਖ/ਕਵਿਤਾ/ਗ਼ਜ਼ਲ/ਕਹਾਣੀਆਂ/ਰੇਖਾ ਚਿੱਤਰ/ਮੁਲਾਕਾਤਾਂ ਆਦਿ ਅਤੇ 'ਪੰਜਾਬੀ ਦੁਨੀਆ' ਰਸਾਲੇ ਲਈ ਖੋਜ ਨਿਬੰਧ (ਰਿਸਰਚ ਪੇਪਰ) ਭੇਜਣ ਦਾ ਸੱਦਾ ਦਿੱਤਾ।ਜ਼ਿਲ੍ਹਾ ਭਾਸ਼ਾ ਅਫ਼ਸਰ ਨੇ ਅੱਗੇ ਦੱਸਿਆ ਕਿ ਜ਼ਿਲ੍ਹੇ ਨਾਲ ਸੰਬੰਧਤ ਲਿਖਾਰੀ ਆਪਣੀਆਂ ਰਚਨਾਵਾਂ (ਦੋਵੇਂ ਅੰਕਾਂ ਲਈ ਘੱਟੋ ਘੱਟ ਇੱਕ-ਇੱਕ ਰਚਨਾ) ਵਿਭਾਗ ਦੇ ਮੁੱਖ ਦਫ਼ਤਰ ਦੇ ਪਤੇ ਭਾਗ ਦੀ ਈ-ਮੇਲ punjabirasala.pblanguages@gmail.com 'ਤੇ ਭੇਜਣੀ ਯਕੀਨੀ ਬਣਾਉਣ।

ਕਿਸਾਨਾਂ ਨਾਲ ਮੀਟਿੰਗ ਸ਼ੱਕ ਦੇ ਘੇਰੇ 'ਚ

ਮੂਣਕ (ਰਾਜਪਾਲ ਸਿੰਗਲਾ)-ਕੇਂਦਰ ਦੇ ਨਾਲ ਕਿਸਾਨਾਂ ਦੇ ਗੱਲਬਾਤ ਨੂੰ ਲੈ ਕੇ ਜੋ ਡੈਡਲੋਕ ਬਣਿਆ ਹੋਇਆ ਸੀ, ਉਹ ਟੁੱਟ ਚੁੱਕਾ ਹੈ ਤੇ 14 ਫਰਵਰੀ ਨੂੰ ਹੁਣ ਕਿਸਾਨਾਂ ਦੇ ਨਾਲ ਕੇਂਦਰ ਸਰਕਾਰ ਗੱਲਬਾਤ ਸ਼ੁਰੂ ਕਰੇਗੀ।ਜਗਜੀਤ ਸਿੰਘ ਡੱਲੇਵਾਲ ਹੁਣ ਦੀ ਮੈਡੀਕਲ ਟਰੀਟਮੈਂਟ ਲੈਣ ਨੂੰ ਲੈ ਕੇ ਹਾਮੀ ਭਾਰ ਦਿੱਤੀ। ਉਨ੍ਹਾਂ ਦਾ ਟ੍ਰੀਟਮੈਂਟ ਹੈ, ਜਿਹੜਾ ਉਹ ਸ਼ੁਰੂ ਕਰ ਦਿੱਤਾ ਗਿਆ ਹੈ।ਪਰ ਇਹ ਸਭ ਦੇ ਵਿਚਾਲੇ ਡਾਕਟਰ ਸਵੈਮਾਨ ਜਿਨ੍ਹਾਂ ਦੇ ਨਾਲ ਲਗਾਤਾਰ ਖਨੌਰੀ ਬਾਰਡਰ ਉੱਤੇ ਇਸ ਪੂਰੇ ਅੰਦੋਲਨ ਦੇ ਦੌਰਾਨ ਮੌਜੂਦ ਰਹੀ, ਉਨ੍ਹਾਂ ਵੱਲੋਂ ਵੱਡਾ ਬਿਆਨ ਦਿੱਤਾ ਗਿਆ ਹੈ।ਡਾਕਟਰ ਸਵੈਮਾਨ ਦਾ ਕਹਿਣਾ ਹੈ ਕਿ ਕੇਂਦਰ ਸਰਕਾਰ ਵੱਲੋਂ ਕਿਸਾਨਾਂ ਨੂੰ ਗੁਮਰਾਹ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਦਵਾਈ ਉੱਤੇ ਜ਼ਿਆਦਾ ਦੇਰ ਤੱਕ ਕਿਸੇ ਵੀ ਸ਼ਖਸ ਨੂੰ ਜਿਉਂਦਾ ਨਹੀਂ ਰੱਖਿਆ ਜਾ ਸਕਦਾ। ਉਨ੍ਹਾਂ ਨੇ ਕਿਹਾ ਜੇਕਰ ਕੇਂਦਰ ਨੂੰ ਇੰਨਾ ਫਿਕਰਾ ਹੈ ਤਾਂ ਜਗਜੀਤ ਸਿੰਘ ਡੱਲੇਵਾਲ ਨਾਲ ਅੱਜ-ਕੱਲ੍ਹ ਦੇ ਵਿੱਚ ਗੱਲਬਾਤ ਕਰਕੇ ਮਸਲੇ ਦੇ ਵਿੱਚ ਅੱਗੇ ਵਧਣਾ ਚਾਹੀਦਾ ਸੀ, ਪਰ ਉਨ੍ਹਾਂ ਕਿਹਾ ਕਿ ਉਹ ਇਸ ਮਾਮਲੇ ਦੇ ਵਿੱਚ ਕਿਸਾਨਾਂ ਨੂੰ ਗੁੰਮਰਾਹ ਕੀਤਾ ਜਾ ਰਿਹਾ ਕਿ ਟਰੀਟਮੈਂਟ ਦੇ ਜ਼ਰੀਏ ਡੱਲੇਵਾਲ ਨੂੰ ਬਚਾਇਆ ਜਾ ਸਕਦਾ।

ਜੱਖਲਾਂ ਦੇ ਕਬੱਡੀ ਕੱਪ ਦੀਆਂ ਤਿਆਰੀਆਂ ਮੁਕੰਮਲ

ਧੂਰੀ (ਸੁਖਦੇਵ ਧੂਰੀ)-ਸਵ. ਰਣਜੀਤ ਸਿੰਘ ਜੱਖਲਾਂ, ਸਵ. ਸੰਦੀਪ ਸਿੰਘ ਗਿੱਲ ਜੱਖਲਾਂ, ਸਵ. ਦਰਸ਼ਨ ਸਿੰਘ ਕਹੇਰੂ ਦੀ ਨਿੱਘੀ ਯਾਦ ਨੂੰ ਸਮਰਪਤ ਮੀਰੀ ਪੀਰੀ ਸਪੋਰਟਸ ਐਂਡ ਵੈਲਫੇਅਰ ਕਲੱਬ

22- January - Page - 6.qxd 1/21/2025 10:48 PM Page 1

ਸ਼ਲਾਘਾਯੋਗ ਕੰਮ ਕਰਨ ਵਾਲੇ ਕਰਮਚਾਰੀਆਂ ਦਾ ਹੋਵੇਗਾ ਸਨਮਾਨ-ਮਹਾਜਨ

ਜਲੰਧਰ, (ਸੁਰਿੰਦਰ ਕੁਮਾਰ) —ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਮਿਤ ਮਹਾਜਨ ਨੇ ਦੱਸਿਆ ਕਿ 26 ਜਨਵਰੀ ਨੂੰ ਗਣਤੰਤਰ ਦਿਵਸ 'ਤੇ ਜ਼ਿਲ੍ਹਾ ਪੱਧਰੀ ਸਮਾਗਮ ਗੁਰੂ ਗੋਬਿੰਦ ਸਿੰਘ ਸਟੇਡੀਅਮ ਜਲੰਧਰ ਵਿਖੇ ਮਨਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸਮਾਗਮ ਦੌਰਾਨ ਜ਼ਿਲ੍ਹੇ ਦੇ ਸੁਤੰਤਰਤਾ ਸੰਗਰਾਮੀਆਂ ਤੇ ਵੱਖ-ਵੱਖ ਖੇਤਰਾਂ ਵਿੱਚ ਵਿਲੱਖਣ ਕਾਰਗੁਜ਼ਾਰੀ ਵਾਲੀਆਂ ਸਖਸ਼ੀਅਤਾਂ ਦਾ ਸਨਮਾਨ ਕੀਤਾ ਜਾਵੇਗਾ।ਸ਼ਲਾਘਾਯੋਗ ਕੰਮ ਕਰਨ ਵਾਲੇ ਕਰਮਚਾਰੀਆਂ ਨੂੰ ਵੀ ਸਨਮਨਿਆ ਜਾਵੇਗਾ। ਵਿਭਾਗਾਂ ਦੇ ਮੁਖੀਆਂ ਨੂੰ ਅਜਿਹੇ ਕਰਮਚਾਰੀਆਂ ਦੀ ਸਿਫਾਰਿਸ਼ 20 ਜਨਵਰੀ ਤੱਕ ਭੇਜਣ ਲਈ ਨਿਰਦੇਸ਼ ਦਿੱਤੇ ਗਏ ਸਨ।ਆਖਰੀ ਮਿਤੀ ਤੱਕ 65 ਸਿਫਾਰਿਸ਼ਾਂ ਪ੍ਰਾਪਤ ਹੋਈਆਂ ਹਨ, ਜਿਨ੍ਹਾਂ ਵਿਚੋਂ ਮੈਰਿਟ ਦੇ ਅਧਾਰ 'ਤੇ ਅੰਤਿਮ ਸੂਚੀ ਤਿਆਰ ਕੀਤੀ ਜਾਵੇਗੀ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਵਿਭਾਗਾਂ ਵੱਲੋਂ ਵਿਕਾਸ ਕਾਰਜਾਂ ਨੂੰ ਦਰਸਾਉਂਦੀਆਂ ਝਾਕੀਆਂ ਕੱਢੀਆਂ ਜਾਣਗੀਆਂ। ਇਸ ਤੋਂ ਇਲਾਵਾ ਵੱਖ-ਵੱਖ ਸਕੂਲਾਂ ਦੇ ਬੱਚਿਆਂ ਵੱਲੋਂ ਦੇਸ਼ ਭਗਤੀ ਦੇ ਰੰਗ ਵਿੱਚ ਰੰਗਿਆ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ ਅਤੇ ਸ਼ਾਨਦਾਰ ਮਾਰਚ ਪਾਸਟ ਵੀ ਖਿੱਚ ਦਾ ਕੇਂਦਰ ਹੋਵੇਗਾ।

ਵਿਧਾਇਕ ਸੁਖਾਨੰਦ ਦੀ ਅਗਵਾਈ 'ਚ ਹੋਵੇਗਾ ਸ਼ਹਿਰ ਦਾ ਵਿਕਾਸ : ਸੋਨੀਆ ਗੁਪਤਾ

ਬਾਘਾ ਪੁਰਾਣਾ, (ਮਨੀ ਸਿੰਗਲਾ)- ਬੀਤੇ ਦਿਨੀਂ ਨਗਰ ਕੌਂਸਲ ਬਾਘਾ ਪੁਰਾਣਾ ਦੀ ਪ੍ਰਧਾਨ ਚੁਣੇ ਜਾਣ ਦੇ ਬਾਅਦ ਅੱਜ ਨਗਰ ਕੌਂਸਲ ਪ੍ਰਧਾਨ ਸੋਨੀਆ ਗੁਪਤਾ ਅਤੇ ਵਾਈਸ ਪ੍ਰਧਾਨ ਰਣਜੀਤ ਸਿੰਘ ਟੀਟੂ ਨੇ ਸ਼ਹਿਰ ਦੇ ਸਾਰੇ ਵਾਰਡਾਂ ਦੇ ਕੌਂਸਲਰਾਂ ਦੀ ਵਿਸ਼ੇਸ਼ ਮੀਟਿੰਗ ਬੁਲਾਈ ਗਈ। ਇਸ ਮੀਟਿੰਗ ਵਿਚ ਸ਼ਹਿਰ ਅੰਦਰ ਪਿਛਲੇ ਲੰਮੇ ਸਮੇਂ ਤੋਂ ਲਟਕਦੇ ਕੰਮਾਂ ਨੂੰ ਪੂਰਾ ਕਰਨ ਸਮੇਤ ਸ਼ਹਿਰ ਵਾਸੀਆਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਦਾ ਮੁੱਦਾ ਸਰਗਰਮ ਰਿਹਾ, ਉਥੇ ਹੀ ਸ਼ਹਿਰ ਅੰਦਰ ਸਾਫ-ਸਫਾਈ ਨੂੰ ਯਕੀਨੀ ਬਣਾਉਣ ਲਈ ਵੀ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਨਗਰ ਕੌਂਸਲ ਪ੍ਰਧਾਨ ਸੋਨੀਆ ਗੁਪਤਾ ਨੇ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸਮੂਹ ਕੌਂਸਲਰਾਂ ਨੂੰ ਕਿਹਾ ਕਿ ਪਹਿਲਾਂ ਤਾਂ ਉਹ ਸਾਰੇ ਆਪਣੇ ਆਪਣੇ ਵਾਰਡ ਵਿਚ ਜਾ ਕੇ ਵਾਰਡ ਵਾਸੀਆਂ ਦੇ ਰੂਬਰੂ ਹੋ ਕੇ ਉਨ੍ਹਾਂ ਦੀਆਂ ਜ਼ਮੀਨੀ ਪੱਧਰ ਤੋਂ ਜਾਣੂ ਹੋਣ ਤਾਂ ਜੋ ਕੌਂਸਲਰ ਨੂੰ ਪਤਾ ਹੋਵੇ ਕਿ ਉਸ ਦੇ ਵਾਰਡ ਵਿਚ ਕਿਸ ਚੀਜ਼ ਦੀ ਘਾਟ ਹੈ ਅਤੇ ਉਨ੍ਹਾਂ ਦੀ ਸਭ ਤੋਂ ਵੱਡੀ ਸਮੱਸਿਆ ਕੀ ਹੈ ਤਾਂ ਜੋ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੇ ਧਿਆਨ ਵਿਚ ਲਿਆ ਕੇ ਉਸ ਦਾ ਪਹਿਲ ਦੇ ਅਧਾਰ 'ਤੇ ਕਰਵਾਇਆ ਜਾਵੇ। ਮੀਟਿੰਗ ਵਿਚ ਸ਼ਹਿਰ ਨੂੰ ਸਾਫ ਸਫਾਈ ਪੱਖੋਂ ਸਾਫ਼ ਰੱਖਣ ਦਾ ਮੁੱਦਾ ਵੀ ਮੀਟਿੰਗ ਵਿਚ ਭਖਿਆ ਰਿਹਾ। ਪ੍ਰਧਾਨ ਸੋਨੀਆ ਗੁਪਤਾ ਨੇ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕਿਹਾ ਕਿ ਜੋ ਸ਼ਹਿਰ ਵਾਸੀਆਂ ਨੇ ਆਪਣੇ 'ਤੇ ਭਰੋਸਾ ਪ੍ਰਗਟਾਇਆ ਹੈ ਉਸ ਨੂੰ ਕਦੇ ਟੁੱਟਣ ਨਹੀਂ ਦੇਣਾ ਅਤੇ ਆਪਣੇ ਵੱਲੋਂ ਉਹ ਸਾਰੇ ਕੰਮ ਕੀਤੇ ਜਾਣਗੇ ਜੋ ਸ਼ਹਿਰ ਵਾਸੀਆਂ ਦੀਆਂ ਪਿਛਲੇ ਲੰਮੇ ਸਮੇਂ ਤੋਂ ਮੰਗ ਹੈ। ਮੀਟਿੰਗ ਦੇ ਬਾਅਦ ਪੱਤਰਕਾਰਾਂ ਦੇ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਸੋਨੀਆ ਗੁਪਤਾ ਅਤੇ ਸੀਨੀਅਰ ਵਾਇਸ ਪ੍ਰਧਾਨ ਰਣਜੀਤ ਸਿੰਘ ਟੀਟੂ ਨੇ ਕਿਹਾ ਕਿ ਉਨ੍ਹਾਂ ਦੀ ਸਮੁੱਚੀ ਟੀਮ ਸ਼ਹਿਰ ਦੇ ਸਰਬਪੱਖੀ ਵਿਕਾਸ ਲਈ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਾਰੀ ਟੀਮ ਆਪਣੇ ਆਪਣੇ ਵਾਰਡ ਵਿਚ ਇਮਾਨਦਾਰੀ ਨਾਲ ਕੰਮ ਕਰੇਗੀ ਅਤੇ ਵਾਰਡਾਂ ਵਿਚ ਜਾ ਕੇ ਲੋਕਾਂ ਦੀਆਂ ਸਮੱਸਿਆਵਾਂ ਸੁਣਨਗੇ ਅਤੇ ਉਨ੍ਹਾਂ ਦੇ ਹੱਲ ਵੀ ਕੀਤੇ ਜਾਣਗੇ। ਅਖੀਰ ਵਿਚ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਲਗਾਤਾਰ ਪੰਜਾਬ 'ਚ ਰਿਕਾਰਡ ਤੋੜ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਉਨ੍ਹਾਂ ਵਿਕਾਸ ਕਾਰਜਾਂ ਨੂੰ ਦੇਖਦੇ ਹੋਏ ਲੋਕਾਂ ਦਾ ਸਰਕਾਰ ਪ੍ਰਤੀ ਆਧਾਰ ਵਧਦਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜਿਸ ਤਰ੍ਹਾਂ ਆਮ ਆਦਮੀ ਪਾਰਟੀ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸਮੁੱਚੇ ਪੰਜਾਬ 'ਚ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਉਥੇ ਹੀ ਵਿਧਾਇਕ ਸੁਖਾਨੰਦ ਵੱਲੋਂ ਲਗਾਤਾਰ ਹਲਕੇ 'ਚ ਕਰੋੜਾਂ ਰੁਪਇਆਂ ਦੀ ਲਾਗਤ ਨਾਲ ਵਿਕਾਸ ਕਾਰਜ ਕਰਵਾਏ ਜਾ ਰਹੇ ਹਨੈ। ਉਨ੍ਹਾਂ ਕਿਹਾ ਕਿ ਜਿਹੜਾ ਵਿਕਾਸ ਪਿਛਲੀਆਂ ਰਵਾਇਤੀ ਪਾਰਟੀਆਂ ਨੇ ਹਲਕਾ ਬਾਘਾ ਪੁਰਾਣਾ ਵਿਚ ਨਹੀਂ ਸੀ ਕਰਵਾਇਆ, ਉਹ ਵਿਕਾਸ ਹੁਣ ਵਿਧਾਇਕ ਵੱਲੋਂ ਮੁੱਖ ਮੰਤਰੀ ਮਾਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਕਰਵਾਇਆ ਜਾ ਰਿਹਾ। ਬਾਘਾ ਪੁਰਾਣਾ ਹਲਕੇ ਦੇ ਸ਼ਹਿਰਾਂ ਦੇ ਨਾਲ ਪਿੰਡਾਂ ਵਿਚ ਵੀ ਵਿਕਾਸ ਕਾਰਜ ਜੰਗੀ ਪੱਧਰ 'ਤੇ ਕਰਵਾਏ ਜਾ ਰਹੇ ਹਨ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਪਵਨ ਗੁਪਤਾ, ਸੋਨੀਆ ਰਾਣੀ ਕੌਂਸਲਰ, ਕੌਂਸਲਰ ਮਨਦੀਪ ਕੱਕੜ, ਮੁਖਤਿਆਰ ਸਿੰਘ, ਜਗਜੀਤ ਸਿੰਘ ਸੀਰਾ ਬਰਾੜ, ਕੌਂਸਲਰ ਧਰਮਿੰਦਰ ਸਿੰਘ ਰੱਖੜਾ, ਗਗਨ ਚੱਡਾ , ਗੁਰਪ੍ਰੀਤ ਮਨਚੰਦਾ ਸ਼ਹਿਰੀ ਪ੍ਰਧਾਨ, ਜਸਵੰਤ ਮਿੱਟੂ ਆਦਿ ਹਾਜ਼ਰ ਸਨ।

31 ਤੱਕ ਲੋਕਾਂ ਨੂੰ ਸੜਕੀ ਨਿਯਮਾਂ ਬਾਰੇ ਕੀਤਾ ਜਾ ਰਿਹੈ ਜਾਗਰੂਕ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)— ਦੀਪਕ ਪਾਰਿਕ, ਆਈ.ਪੀ.ਐਸ., ਸੀਨੀਅਰ ਕਪਤਾਨ ਪੁਲਸ ਜ਼ਿਲ੍ਹਾ ਐਸ.ਏ.ਐਸ.ਨਗਰ ਵੱਲੋ ਕੌਮੀ ਰੋਡ ਸੇਫਟੀ ਮਹੀਨਾ 01 ਜਨਵਰੀ ਤੋਂ 31 ਜਨਵਰੀ ਤੱਕ ਹਰ ਸਾਲ ਦੀ ਤਰ੍ਹਾ ਜ਼ਿਲ੍ਹਾ ਐਸ.ਏ.ਐਸ ਨਗਰ ਦੀ ਟ੍ਰੈਫਿਕ ਪੁਲਸ ਵੱਲੋਂ ਮਨਾਇਆ ਜਾ ਰਿਹਾ ਹੈ। ਜਿਸ ਦੀ ਲੜੀ ਵਿੱਚ 21 ਜਨਵਰੀ ਨੂੰ ਕਰਨੈਲ ਸਿੰਘ, ਪੀ.ਪੀ.ਐਸ, ਉਪ ਕਪਤਾਨ, ਪੁਲਸ ਟ੍ਰੈਫਿਕ ਵੱਲੋਂ ਸੀ.ਜੀ.ਸੀ, ਲਾਂਡਰਾ ਕਾਲਜ ਦੇ ਵਿਦਿਆਰਥੀਆਂ ਨਾਲ ਫੇਜ਼ 3/5 ਦੀਆਂ ਲਾਈਟਾਂ ਅਤੇ ਹੋਰ ਵੱਖ-ਵੱਖ ਚੌਕਾਂ 'ਤੇ ਪੁਹੰਚ ਕੇ ਮਨਾਇਆ ਗਿਆ। ਟ੍ਰੈਫਿਕ ਨਿਯਮਾਂ ਦੇ ਉਲੰਘਣਾ ਕਰਨ ਵਾਲੇ ਵਹੀਕਲ ਚਾਲਕਾਂ ਨੂੰ ਕਰਨੈਲ ਸਿੰਘ ਵੱਲੋਂ ਅਪੀਲ ਕੀਤੀ ਗਈ ਕਿ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਨਾ ਕੀਤੀ ਜਾਵੇ।ਇਸ ਦੇ ਨਾਲ ਹੀ ਨਸ਼ਿਆਂ ਖਿਲਾਫ ਅਤੇ ਟ੍ਰੈਫਿਕ ਨਿਯਮਾਂ ਦੀ ਜਾਗਰੂਕਤਾ ਸਬੰਧੀ ਚਲਾਈ ਗਈ ਮੁਹਿੰਮ ਤਹਿਤ ਸ਼ਿਵਾਲਿਕ ਸਕੂਲ, ਫੇਜ਼-6, ਮੋਹਾਲੀ ਵਿਦਿਆਰਥੀਆਂ ਨੂੰ ਨਸ਼ਿਆਂ ਦੀ ਵਰਤੋਂ ਨਾ ਕਰਨ ਸਬੰਧੀ ਅਤੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਸਬੰਧੀ ਇੱਕ ਵਿਸ਼ੇਸ਼ ਸੈਮੀਨਾਰ ਲਗਾ ਕੇ ਜਾਗਰੂਕ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਜੇਕਰ ਕੋਈ ਵਿਅਕਤੀ ਕਿਸੇ ਐਕਸੀਡੈਂਟ ਹੋਏ ਵਿਅਕਤੀ ਦੀ ਮਦਦ ਕਰਦਾ ਹੈ ਤਾਂ ਉਸਨੂੰ 2000 ਰੁਪਏ ਸਰਕਾਰ ਵੱਲੋ (ਫ਼ਰਿਸ਼ਤੇ ਸਕੀਮ ਤਹਿਤ) ਦਿੱਤੇ ਜਾਣਗੇ। ਉਪ ਕਪਤਾਨ ਪੁਲਸ ਟ੍ਰੈਫਿਕ ਨੇ ਅੰਤ ਵਿੱਚ ਸਾਰਿਆਂ ਦੀ ਹਾਜਰੀ ਵਿੱਚ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਹੀਕਲ ਚਾਲਕਾਂ ਨੂੰ ਗੁਲਾਬ ਦੇ ਫੁੱਲ ਅਤੇ ਚਾਕਲੇਟਸ ਦੇ ਕੇ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਨਾ ਕਰਨ ਸਬੰਧੀ ਪ੍ਰੇਰਿਤ ਕੀਤਾ। ਇਸ ਤੋਂ ਇਲਾਵਾ ਸਾਰੇ ਵਹੀਕਲ ਚਾਲਕਾਂ ਨੂੰ ਸਮਝਾਇਆ ਗਿਆ ਕਿ ਤੁਸੀ ਆਪਣੇ-ਆਪਣੇ ਪਰਵਾਰਕ ਮੈਬਰਾਂ ਨੂੰ ਇਸ ਸੈਮੀਨਾਰ ਤੋਂ ਮਿਲੀ ਸਿੱਖਿਆ ਸਬੰਧੀ ਜਾਣੂ ਕਰਵਾਓ ਅਤੇ ਆਪਣੇ ਪਰਵਾਰਕ ਮੈਂਬਰੰ ਨੂੰ ਸ਼ਰਾਬ ਪੀ ਕੇ ਗੱਡੀ ਨਾ ਚਲਾਉਣ ਅਤੇ ਤੇਜ ਰਫਤਾਰ ਨਾਲ ਗੱਡੀ ਨਾ ਚਲਾਉਣ ਸਬੰਧੀ ਜਾਗਰੂਕ ਕਰੋ ਅਤੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਕਰੋ।

ਪ੍ਰਾਪਰਟੀ ਟੈਕਸ ਜਮ੍ਹਾਂ ਨਾ ਕਰਵਾਉਣ 'ਤੇ ਦੁਕਾਨਾਂ ਹੋਣਗੀਆਂ ਸੀਲ: ਕਮਿਸ਼ਨਰ ਨਗਰ ਨਿਗਮ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)— ਨਗਰ ਨਿਗਮ ਦੀ ਕਮਿਸ਼ਨਰ ਡਾ. ਅਮਨਦੀਪ ਕੌਰ ਨੇ ਦੱਸਿਆ ਕਿ ਸਰਕਾਰ ਵਲੋਂ ਸਮੇਂ-ਸਮੇਂ 'ਤੇ ਜ਼ੁਰਮਾਨਾ ਅਤੇ ਵਿਆਜ ਮਾਫੀ ਦੀਆਂ ਵਿਸ਼ੇਸ਼ ਯੋਜਨਾਵਾਂ ਲਾਗੂ ਕੀਤੀਆਂ ਹਨ ਜਿਸ ਨਾਲ ਨਾਗਰਿਕਾਂ ਨੂੰ ਬਕਾਇਆ ਪ੍ਰਾਪਰਟੀ ਟੈਕਸ ਜਮ੍ਹਾਂ ਕਰਨ ਦਾ ਸੁਨਹਿਰੀ ਮੌਕੇ ਦਿੱਤਾ ਗਿਆ। ਇਨ੍ਹਾਂ ਯੋਜਨਾਵਾਂ ਤਹਿਤ ਵੱਡੀ ਗਿਣਤੀ ਵਿਚ ਲੋਕਾਂ ਨੇ ਉਤਸ਼ਾਹਪੂਰਵਕ ਆਪਣਾ ਟੈਕਸ ਜਮ੍ਹਾਂ ਕੀਤਾ। ਹਾਲਾਂਕਿ ਕੁਝ ਇਸ ਤਰ੍ਹਾਂ ਦੇ ਡਿਫਾਲਟਰ ਪਾਏ ਗਏ ਹਨ ਜਿਨ੍ਹਾਂ ਨੇ ਬੀਤੇ ਕਈ ਸਾਲਾਂ ਤੋਂ ਆਪਣਾ ਪ੍ਰਾਪਰਟੀ ਟੈਕਸ ਨਹੀਂ ਭਰਿਆ। ਇਸ ਤਰ੍ਹਾਂ ਦੇ ਡਿਫਾਲਟਰਾਂ ਖਿਲਾਫ ਨਗਰ ਨਿਗਮ ਨੇ ਸਖ਼ਤ ਕਾਰਵਾਈ ਕਰਦੇ ਹੋਏ ਪੁਰਾਣੇ ਟਾਂਡਾ ਰੋਡ ਅਤੇ ਪੀਪਲਾਂਵਾਲਾ ਇਲਾਕੇ ਵਿਚ ਦੋ ਦੁਕਾਨਾਂ ਨੂੰ ਸੀਲ ਕਰ ਦਿੱਤਾ ਹੈ। ਇਹ ਕਾਰਵਾਈ ਨਿਯਮਤ ਤੌਰ 'ਤੇ ਜਾਰੀ ਰਹੇਗੀ।ਕਮਿਸ਼ਨਰ ਨਗਰ ਨਿਗਮ ਨੇ ਕਿਹਾ ਕਿ ਸਾਰੇ ਨਾਗਰਿਕਾਂ ਨੂੰ ਜਲਤ ਤੋਂ ਜਲਦ ਆਪਣਾ ਪ੍ਰਾਪਰਟੀ ਟੈਕਸ ਨਗਰ ਨਿਗਮ ਦਫ਼ਤਰ ਵਿਚ ਜਮ੍ਹਾਂ ਕਰ ਦੇਣਾ ਚਾਹੀਦਾ ਹੈ ਤਾਂ ਜੋ ਉਨ੍ਹਾਂ ਨੂੰ ਜ਼ੁਰਮਾਨੇ ਅਤੇ ਵਿਆਜ ਦਾ ਵਾਧੂ ਬੋਝ ਨਾ ਝਲਣਾ ਪਵੇ। ਨਗਰ ਨਿਗਮ ਨੇ ਨਾਗਰਿਕਾਂ ਦੀ ਸਹੂਲਤ ਲਈ ਦਫ਼ਤਰ ਵਿਚ ਵਿਸ਼ੇਸ਼ ਕਾਂਊਂਟਰ ਸਥਾਪਿਤ ਕੀਤੇ ਹਨ ਜਿਥੇ ਉਹ ਆਪਣਾ ਟੈਕਸ ਜਮ੍ਹਾਂ ਕਰ ਸਕਦੇ ਹਨ। ਇਸ ਤੋਂ ਇਲਾਵਾ ਟੈਕਸ ਆਨਲਾਈਨ ਪੋਰਟਲ https://mseva.lgpunjab.gov.in 'ਤੇ ਵੀ ਜਮ੍ਹਾਂ ਕੀਤਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਜੋ ਲੋਕ ਲੰਬੇ ਸਮੇਂ ਤੋਂ ਟੈਕਸ ਜਮ੍ਹਾਂ ਨਹੀਂ ਕਰ ਰਹੇ ਹਨ ਉਨ੍ਹਾਂ ਨੂੰ ਨਗਰ ਨਿਗਮ ਵਲੋਂ ਨੋਟਿਸ ਜਾਰੀ ਕੀਤਾ ਗਿਆ ਹੈ। ਇਸ ਤਰ੍ਹਾਂ ਦੇ ਡਿਫਾਲਟਰਾਂ ਨੂੰ ਆਖਰੀ ਮੌਕਾ ਦਿੰਦੇ ਹੋਏ ਅਪੀਲ ਕੀਤੀ ਗਈ ਹੈ ਕਿ ਉਹ ਜਲਦ ਤੋਂ ਜਲਦ ਆਪਦਾ ਬਕਾਇਆ ਟੈਕਸ ਜਮ੍ਹਾਂ ਕਰਵਾਉਣ। ਜੇਕਰ ਇਸ ਤਰ੍ਹਾਂ ਨਹੀਂ ਕੀਤਾ ਗਿਆ ਤਾਂ ਨਗਰ ਨਿਗਮ ਵਲੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਸਰਬੱਤ ਦਾ ਭਲਾ ਟਰੱਸਟ ਨੇ ਵਿਦਿਆਰਥੀਆਂ ਲਈ ਦਿੱਤੀ ਵਿੱਤੀ ਸਹਾਇਤਾ

ਸ੍ਰੀ ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ)—ਸਰਬੱਤ ਦਾ ਭਲਾ ਟਰੱਸਟ ਦੀ ਮਹੱਤਵਪੂਰਨ ਪਹਿਲ ਅਨੁਸਾਰ, ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਲੋੜਵੰਦ ਵਿਦਿਆਰਥੀਆਂ ਦੀ ਸਹਾਇਤਾ ਲਈ 57,500 ਰੁਪਏ ਦੀ ਰਕਮ ਦਾਨ ਕੀਤੀ ਗਈ। ਇਸ ਯੋਗਦਾਨ ਦਾ ਮਕਸਦ ਲੋੜਵੰਦ ਵਿਦਿਆਰਥੀਆਂ ਦੀ ਪੜ੍ਹਾਈ ਜਾਰੀ ਰੱਖਣ ਯਕੀਨੀ ਬਣਾਉਣਾ ਹੈ।ਟਰੱਸਟ ਦੇ ਮੁੱਖੀ ਡਾ ਐੱਸ ਪੀ ਸਿੰਘ ਓਬਰਾਏ ਨੇ ਕਿਹਾ ਕਿ ਗਰੀਬੀ ਕਦੇ ਵੀ ਵਿਦਿਆਰਥੀਆਂ ਦੇ ਸੁਪਨਿਆਂ ਦੇ ਰਾਹ ਵਿੱਚ ਰੁਕਾਵਟ ਨਹੀਂ ਬਣਨੀ ਚਾਹੀਦੀ। ਟਰੱਸਟ ਹਮੇਸ਼ਾ ਹੀ ਵਿਦਿਆਰਥੀਆਂ ਦੇ ਬਿਹਤਰ ਭਵਿੱਖ ਲਈ ਸਮਰਪਿਤ ਰਹੇਗਾ।ਇਸ ਮੌਕੇ 'ਤੇ ਡਾ. ਭੁਪਿੰਦਰ ਕੌਰ ਡਾਇਰੈਕਟਰ ਸੰਨੀ ਓਬਰਾਏ ਵਿਵੇਕ ਸਦਨ ਸ੍ਰੀ ਅਨੰਦਪੁਰ ਸਾਹਿਬ ਨੇ ਕਾਲਜ ਦੇ ਪੰਜਾਬੀ ਵਿਭਾਗ ਦੇ ਮੁਖੀ ਡਾਕਟਰ ਗੁਰਪ੍ਰੀਤ ਅਤੇ ਮਨਪ੍ਰੀਤ ਨੂੰ ਚੋਕ ਸੌਂਪਿਆ।ਡਾ. ਜਸਬੀਰ ਸਿੰਘ, ਪ੍ਰਿੰਸੀਪਲ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਨੇ ਡਾ. ਓਬਰਾਏ ਅਤੇ ਟਰੱਸਟ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਹ ਵਿੱਤੀ ਸਹਾਇਤਾ ਲੋੜਵੰਦ ਵਿਦਿਆਰਥੀਆਂ ਦੇ ਜੀਵਨ 'ਚ ਮੋੜ ਲਿਆਉਣ ਲਈ ਬਹੁਤ ਮਹੱਤਵਪੂਰਨ ਹੈ।

PUBLIC NOTICE

We are engaged in the trading of Exide batteries and also manage scrapped batteries. We hereby announce that scrapped batteries are available for disposal. Interested parties with proper authorization for handling hazardous waste are invited to contact us for further details. Kay Kay electronics. Plot 414, industrial area, Phase-9, Mohali- 9814030646

PUBLIC NOTICE

(A) It is to put the General Public on notice that Avtarsingh S/o kultarasinghGujjrawali, Ibrahimpura PO Ajnala, Distt Amritsar owner of Commercial property bearing Adrash Nagar Vakia Rakba Ajnala Distt Amritsar (Baba BudhaJi Dairy) having dimensions as Length from North House Of Harbhajan Singh, South Gali 12 ft East: Shop narinder Kumar West: Jaswinder Singh Shop, that is Situated At AbadiAjnala, Tehsil Ajnala vides Sale Deed Dated: 10/May/2023 as Document no. 2023-24/91/1/278 has approached Equitas Small Finance Bank Limited,Branch office at shop No. 99 national shopping complex 2nd floor near hide market civil hospital gt road amritsar, 143001, with a request to extent Loan against the mortgage of the above property. Anybody having objection in respect of the said property or regarding creation of mortgage with my client, may raise their objections within 7 Days from the date of this publication, to the below mentioned address. Dinesh Arora Advocate Distt. Couts Amritsar Advocate Dinesh Arora M.No-9779304041

COURT NOTICE

(U/o 5 Rule 20 CPC)
In the Court of
Sh. Gurinder Singh
Judicial Magistrate 1st class, Ludhiana
CNR No. PBLD03-033151-2020
Next Date :- 24-02-2025
Amanjot Kaur
Vs.
Kartik
Detail of offence :
Notice To :
Rajat S/o Ram karishan
R/o 10/145, Dr. Amdedkar Nagar, Gaushala Road, Mandi Mullnapur, District Ludhiana
In above titled cases, the accused could not be served. It is ordered that accused should appear in person or through counsel on 24.02.2025 at 10:00 a.m.
For details logon to https://highcourtchd.gov.in/?mod=district_notice&district=mogacourt
Judicial Magistrate 1st class, Ludhiana
Dated this day of 16-01-2025

COURT NOTICE

(U/o 5 Rule 20 CPC)
In The Court of
Sh. Vineet Kumar Narang
Additional Principal Judge , Family Court-II, Jalandhar
CNR No. : PBJL01-015349-2024
Next Date:- 04.02.2025
Harpreet Singh
S/o Gurmeet Singh R/o Village Bhagwanpur, Distt. Jalandhar
V/S
1) Mandeep Kaur
W/o Harpreet Singh D/o Satnam Singh presently R/o Village Dhilwan, Distt. Kapurthala
2. General Public
Petition Under Guardian and Wards Act.
Publication Issued To: General Public :- General Public
In above titled case, the defendant(s)/ respondent(s) could not be served. It is ordered that defendant(s)/respondent(s) should appear in person or through counsel on 04-02-2025 at 10:00 a.m.
For details logon to https://highcourtchd.gov.in/?mod=district_notice&district=Jalandhar
Additional Principal Judge , Family Court-II, Jalandhar
Dated, this day of 21-01-2025

COURT NOTICE

(U/o 5 Rule 20 CPC)
In the Court of
Sh. Sandeep Kumar Singla
Matrimonial Cases Special Courts, Patiala
CNR No. PBPT01-009228-2023
Next Date :- 25-02-2025
Mandeep Kaur
Vs.
Beant Singh
Publication Issued to :
Beant Singh
Father : Nahar Singh
Village Shekhpur, Tehsil and Patiala
In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 25.02.2025 at 10:00 A.M.
For details logon to https://highcourtchd.gov.in/?mod=district_notice&district=mogac

22-JAN-PAGE-7.qxd 1/21/2025 10:45 PM Page 1

ਵਿਪੁਲ ਨਾਰੰਗ ਬਣੇ ਇੰਡੀਅਨ ਰੈੱਡ ਕਰਾਸ ਦਾ ਪੈਟਰਨ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਸਮਾਜ ਸੇਵਕ ਵਿਪੁਲ ਨਾਰੰਗ ਇੰਡੀਅਨ ਰੈੱਡ ਕਰਾਸ ਫ਼ਿਰੋਜ਼ਪੁਰ ਦੇ ਸਰਪ੍ਰਸਤ ਬਣ ਗਏ ਹਨ।ਉਨ੍ਹਾਂ ਨੂੰ ਫਿਰੋਜ਼ਪੁਰ ਦੀ ਡਿਪਟੀ ਕਮਿਸ਼ਨਰ ਦੀਪ ਸ਼ਿਖਾ ਸ਼ਰਮਾ ਦੁਆਰਾ ਇੰਡੀਅਨ ਰੈੱਡ ਕਰਾਸ ਸੋਸਾਇਟੀ ਦੁਆਰਾ ਜਾਰੀ ਸਰਟੀਫਿਕੇਟ ਨਾਲ ਸਨਮਾਨਤ ਕੀਤਾ ਗਿਆ।ਉਨ੍ਹਾਂ ਦਾ ਸਨਮਾਨ ਕਰਦੇ ਹੋਏ ਦਿਵਿਆ ਆਈਐੱਸ ਐੱਸਡੀਐੱਮ ਫਿਰੋਜ਼ਪੁਰ, ਨਿਧੀ ਕੁਮੁਦ ਪੀਸੀਐੱਸ ਏਡੀਸੀ ਅਤੇ ਅਸ਼ੋਕ ਬਹਿਲ ਸਕੱਤਰ ਇੰਡੀਅਨ ਰੈੱਡ ਕਰਾਸ ਫਿਰੋਜ਼ਪੁਰ ਵੀ ਉਨ੍ਹਾਂ ਦੇ ਨਾਲ ਮੌਜੂਦ ਸਨ।ਸਾਰਿਆਂ ਨੇ ਵਿਪੁਲ ਨਾਰਾਇਣ ਨੂੰ ਪੈਟਰਨ ਬਣਾਉਣ 'ਤੇ ਵਧਾਈ ਦਿੱਤੀ।ਵਿਪੁਲ ਨਾਰੰਗ ਨੇ ਸਾਰਿਆਂ ਦਾ ਧੰਨਵਾਦ ਕੀਤਾ। ਵਿਪੁਲ ਨਾਰੰਗ, ਇੱਕ ਸਮਾਜ ਸੇਵਕ ਜੋ ਯੌਸ ਮੈਨ ਵਜੋਂ ਜਾਣਿਆ ਜਾਂਦਾ ਹੈ, ਹਮੇਸ਼ਾ ਕਿਸੇ ਵੀ ਲੋੜਵੰਦ ਦੀ ਮਦਦ ਕਰਨ ਲਈ ਤਿਆਰ ਰਹਿੰਦਾ ਹੈ।ਵਿਪੁਲ ਨਾਰੰਗ ਸਮਾਜ ਸੇਵਕ ਨੂੰ ਯੌਸ ਮੈਨ ਨਾਮ ਇਸ ਲਈ ਦਿੱਤਾ ਗਿਆ ਹੈ ਕਿਉਂਕਿ ਉਹ ਕਿਸੇ ਵੀ ਸਮੇਂ ਲੋਕਾਂ ਦੀ ਮਦਦ ਕਰਨ ਲਈ ਤਿਆਰ ਰਹਿੰਦਾ ਹੈ। ਦੁਰਲੱਭ ਏ-ਟਾਈਪ ਗਰੁੱਪ ਹੋਣ ਕਰਕੇ ਉਹ 50 ਤੋਂ ਵੱਧ ਵਾਰ ਖ਼ੂਨਦਾਨ ਕਰ ਚੁੱਕਾ ਹੈ।

ਕੋਟਕਪੂਰਾ 'ਚ ਕਿਸੇ ਨਵੀਂ ਤੇ ਢੁੱਕਵੀਂ ਥਾਂ 'ਤੇ ਬਣੇਗਾ ਤਹਿਸੀਲ ਕੰਪਲੈਕਸ : ਸੰਧਵਾਂ

ਫ਼ਰੀਦਕੋਟ/ਕੋਟਕਪੂਰਾ (ਐਲਿਗਜੈਂਡਰ ਡਿਸੂਜਾ)-ਤਹਿਸੀਲ ਕੰਪਲੈਕਸ ਵਿਖੇ ਐਸਡੀਐਮ ਦਫ਼ਤਰ ਨਾਲ ਸਬੰਧਤ ਅਧਿਕਾਰੀਆਂ, ਕੁਮਚਾਰੀਆਂ, ਨੋਟਰੀ ਪਬਲਿਕ, ਅਸ਼ਟਾਮ ਫਰੋਸ਼, ਪ੍ਰਾਪਰਟੀ ਡੀਲਰਾਂ ਅਤੇ ਹੋਰ ਵੱਖ-ਵੱਖ ਕੰਮ ਕਾਜ ਕਰਨ ਵਾਲਿਆਂ ਵੱਲੋਂ ਹਰ ਸਾਲ ਦੀ ਤਰਾਂ ਇਸ ਵਾਰ ਵੀ ਸੁਖਮਨੀ ਸਾਹਿਬ ਦੇ ਪਾਠ ਅਤੇ ਗੁਰਬਾਣੀ ਕੀਰਤਨ ਕਰਾਇਆ ਗਿਆ।ਐਸਡੀਐਮ ਵਰਿੰਦਰ ਸਿੰਘ ਤੇ ਨਾਇਬ ਤਹਿਸੀਲਦਾਰ ਹਰਿੰਦਰਪਾਲ ਸਿੰਘ ਬੇਦੀ ਦੀ ਅਗਵਾਈ ਵਿੱਚ ਕਰਾਏ ਗਏ ਧਾਰਮਿਕ ਸਮਾਗਮ ਦੌਰਾਨ ਬੀਬੀ ਨਿਰਮਲਜੀਤ ਕੌਰ ਦੇ ਰਾਗੀ ਜੱਥੇ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ, ਬਾਬਾ ਪੂਰਨ ਸਿੰਘ ਵੱਲੋਂ ਅਰਦਾਸ ਬੇਨਤੀ ਤੇ ਭਾਈ ਜੋਗਿੰਦਰ ਸਿੰਘ ਨੇ ਪਵਿੱਤਰ ਹੁਕਮਨਾਮਾ ਲਿਆ।ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਉਚੇਚੇ ਤੌਰ 'ਤੇ ਪੁੱਜੇ ਐਡਵੋਕੇਟ ਬੀਰਇੰਦਰ ਸਿੰਘ ਨੇ ਸਾਰੀਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਸਪੀਕਰ ਸੰਧਵਾਂ ਦਾ ਵਾਅਦਾ ਦੁਹਰਾਉਂਦਿਆਂ ਆਖਿਆ ਕਿ ਸ਼ਹਿਰ ਵਿੱਚ ਕਿਸੇ ਢੁੱਕਵੀਂ ਥਾਂ 'ਤੇ ਨਵਾਂ ਤਹਿਸੀਲ ਕੰਪਲੈਕਸ ਬਣਾਉਣ ਦੀ ਤਜਵੀਜ਼ ਹੈ, ਜਿਸ ਉੱਪਰ ਬਕਾਇਦਾ ਵਿਚਾਰ ਚਰਚਾ ਚੱਲ ਰਹੀ ਹੈ।ਉਨ੍ਹਾਂ ਆਖਿਆ ਕਿ ਸਪੀਕਰ ਸੰਧਵਾਂ ਵਲੋਂ ਕੁਝ ਕੁ ਅਜਿਹੀਆਂ ਸੰਸਥਾਵਾਂ ਤੇ ਜਥੇਬੰਦੀਆਂ ਦੀ ਮੱਦਦ ਕਰਨ ਮੌਕੇ ਗ੍ਰਾਂਟ ਰਾਸ਼ੀ ਦੇ ਚੈੱਕ ਭੇਟ ਕੀਤੇ ਗਏ ਤਾਂ ਸਬੰਧਤ ਸੰਸਥਾਵਾਂ ਅਤੇ ਜਥੇਬੰਦੀਆਂ ਦੇ ਆਗੂਆਂ ਨੇ ਖੁਦ ਮੰਨਿਆ ਕਿ ਸਪੀਕਰ ਸੰਧਵਾਂ ਕਥਨੀ ਤੇ ਕਰਨੀ ਦੇ ਪੂਰੇ ਹਨ, ਕਿਉਂਕਿ ਇਸ ਤੋਂ ਪਹਿਲਾਂ ਕਈ ਲੀਡਰਾਂ ਵਲੋਂ ਸਹਾਇਤਾ ਰਾਸ਼ੀ ਦੇਣ ਦੇ ਐਲਾਨ, ਵਾਅਦੇ ਤੇ ਦਾਅਵੇ ਤਾਂ ਕੀਤੇ ਗਏ, ਪਰ ਅੱਜ ਤੱਕ ਉਨ੍ਹਾਂ ਤੱਕ ਇਕ ਪੈਸਾ ਵੀ ਨਹੀਂ ਪੁੱਜਾ।ਐਡਵੋਕੇਟ ਬੀਰਇੰਦਰ ਸਿੰਘ ਨੇ ਇਸ ਸ਼ੁਭ ਮੌਕੇ ਭ੍ਰਿਸ਼ਟਾਚਾਰ ਮੁਕਤ ਸਮਾਜ ਦੀ ਸਿਰਜਣਾ ਕਰਨ ਦੀ ਅਪੀਲ ਕਰਦਿਆਂ ਆਖਿਆ ਕਿ ਇਸ ਵਿੱਚ ਹਰ ਮਹਿਕਮੇ ਦਾ ਅਧਿਕਾਰੀ ਅਤੇ ਕਰਮਚਾਰੀ ਬਣਦਾ ਯੋਗਦਾਨ ਪਾ ਸਕਦਾ ਹੈ।ਬਾਬਾ ਪੂਰਨ ਸਿੰਘ ਨੇ ਆਖਿਆ ਕਿ ਜੇਕਰ ਵਾਹਿਗੁਰੂ ਨੂੰ ਅੰਗ-ਸੰਗ ਰੱਖਾਂਗੇ ਅਰਥਾਤ ਗੁਰੂ ਨਾਲ ਜੁੜ ਕੇ ਰਹਾਂਗੇ ਤਾਂ ਬੁਰਾਈਆਂ ਤੋਂ ਨਿਜ਼ਾਤ ਮਿਲਣੀ ਸੁਭਾਵਕ ਹੈ। ਸਟੇਜ ਸੰਚਾਲਨ ਕਰਦਿਆਂ ਗੁਰਿੰਦਰ ਸਿੰਘ ਮਹਿੰਦੀਰੱਤਾ ਅਤੇ ਸਰਨ ਕੁਮਾਰ ਨੇ ਸਾਰਿਆਂ ਦੀ ਜਾਣ-ਪਛਾਣ ਕਰਵਾਈ।

ਡਾਂਸ ਮੁਕਾਬਲੇ ਦਾ ਹਿੱਸਾ ਬਣਨ ਵਾਲੇ ਬੱਚਿਆਂ ਨੂੰ ਸਨਮਾਨਤ ਕੀਤਾ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਐਮ.ਸੀ.ਆਰ ਮੈਮੋਰੀਅਲ ਆਰੀਆ ਸਕੂਲ ਤੇ ਲਰਨਿੰਗ ਐਵੇਨਿਊ ਵੱਲੋਂ ਸਕੂਲ ਡਾਂਸ ਮੁਕਾਬਲੇ ਕਰਾਏ ਗਏ, ਜਿਸ ਵਿੱਚ 100 ਤੋਂ ਵਧੇਰੇ ਬੱਚਿਆਂ ਨੇ ਲਹਿਰਾਗਾਗਾ, ਸੁਨਾਮ, ਪਾਤੜਾਂ, ਸੰਗਰੂਰ, ਲੁਧਿਆਣਾ, ਬਠਿੰਡਾ ਅਤੇ ਧੂਰੀ ਤੋਂ ਸ਼ਮੂਲੀਅਤ ਕੀਤੀ।ਇਨ੍ਹਾਂ ਮੁਕਾਬਲਿਆਂ ਵਿੱਚ ਹਰਵਿੰਦਰ ਸਿੰਘ, ਰੇਣੂ, ਰਿਧੀ, ਸੁਮਿਤ ਅਤੇ ਕਰਨ ਨੇ ਬਤੌਰ ਜੱਜਾਂ ਦੀ ਭੂਮਿਕਾ ਨਿਭਾਉਂਦਿਆਂ ਜੇਤੂਆਂ ਨੂੰ ਪ੍ਰਸ਼ੰਸਾ ਪੱਤਰ, ਟਰਾਫ਼ੀ ਤੇ ਨਕਦ ਇਨਾਮ ਦੇ ਕੇ ਸਨਮਾਨਤ ਕੀਤਾ।ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਸ਼ੁਭਮ ਸ਼ਰਮਾ ਤੇ ਅਨਿਲ ਇਨਕਲੇਵ ਧੂਰੀ ਦੇ ਡਾਇਰੈਕਟਰ ਨੀਤੂ ਸਿੰਗਲਾ, ਰਿਪਲ ਗੁਪਤਾ ਨੇ ਆਏ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ।ਇਸ ਤੋਂ ਇਲਾਵਾ, ਸ਼ਿਵ ਗੰਗਾ ਪਲਾਸਟਿਕ ਇੰਡਸਟਰੀ ਨੇ ਵੀ ਬਹੁਤ ਯੋਗਦਾਨ ਪਾਇਆ।ਲਰਨਿੰਗ ਐਵੇਨਿਊ ਦੇ ਐਮਡੀ ਰੁਕੂ ਗਰਗ, ਜੋ ਆਪਣੇ ਸੰਸਥਾਨ ਵਿੱਚ ਵਿਦਿਆਰਥੀਆਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਤਿਆਰ ਕਰਦੀ ਹੈ ਤੇ ਪਹਿਲੀ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਟਿਊਸ਼ਨ ਕਲਾਸਾਂ ਦੇ ਕੇ ਉਨ੍ਹਾਂ ਦੇ ਟੀਚਿਆਂ ਨੂੰ ਪ੍ਰਾਪਤ ਕਰਨ ਵਿੱਚ ਮਦਦ ਕਰਦੀ ਹੈ, ਨੇ ਇਸ ਪ੍ਰੋਗਰਾਮ ਵਿੱਚ ਆਪਣੀ ਭੂਮਿਕਾ ਬਹੁਤ ਵਧੀਆ ਢੰਗ ਨਾਲ ਨਿਭਾਈ।ਸੰਸਥਾ ਨੂੰ ਨਿ: ਸੁਆਰਥ ਸੇਵਾਵਾਂ ਅਤੇ ਸਹਿਯੋਗ ਦੇ ਰਹੀ ਮੈਡਮ ਆਰਤੀ ਤਲਵਾੜ ਨੇ ਵੀ ਸਮਾਗਮ ਦੀ ਸਫ਼ਲਤਾ ਲਈ ਅਹਿਮ ਰੋਲ ਅਦਾ ਕੀਤਾ।

ਪੁਲਸ ਨੇ ਚੋਰਾਂ ਨੂੰ ਕੀਤਾ ਕਾਬੂ

ਜਗਰਾਉਂ (ਸੰਜੀਵ ਅਰੋੜਾ)-ਪੁਲਸ ਜ਼ਿਲ੍ਹਾ ਲੁਧਿਆਣਾ ਦਿਹਾਤੀ ਦੇ ਐਸਐਸਪੀ ਨਵਨੀਤ ਸਿੰਘ ਬੈਂਸ ਵੱਲੋਂ ਚੋਰਾਂ ਖਿਲਾਫ਼ ਚਲਾਈ ਗਈ ਮੁਹਿੰਮ ਦੇ ਤਹਿਤ ਐਸਪੀ (ਡੀ) ਪਰਮਿੰਦਰ ਸਿੰਘ ਤੇ ਡੀਐਸਪੀ ਜਸਯੋਤ ਸਿੰਘ ਦੀ ਦਿਸ਼ਾ ਨਿਰਦੇਸ਼ ਹੇਠ ਇੰਸਪੈਕਟਰ ਅਮਰਜੀਤ ਸਿੰਘ ਨੇ ਦੱਸਿਆ ਕਿ ਬੱਸ ਸਟੈਂਡ ਚੌਕੀ ਦੇ ਇੰਚਾਰਜ ਸੁਖਵਿੰਦਰ ਸਿੰਘ ਦੀ ਅਗਵਾਈ ਹੇਠ ਏ.ਐਸ.ਆਈ. ਅਨਵਰ ਮਸੀਹ ਸਿੰਘ ਤੇ ਉਨ੍ਹਾਂ ਦੀ ਪੁਲਿਸ ਪਾਰਟੀ ਵੱਲੋਂ ਲੁੱਟਾਂ ਖੋਹਾਂ ਕਰਨ ਵਾਲੇ ਗੈਂਗ ਦੇ ਦੋ ਵਿਅਕਤੀਆਂ ਵਰਿੰਦਰ ਸਿੰਘ ਤੇ ਅੰਮ੍ਰਿਤਪਾਲ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਗਿਆ। ਬੀਤੇ ਦਿਨੀਂ ਵਰਿੰਦਰ ਸਿੰਘ ਤੇ ਅੰਮ੍ਰਿਤਪਾਲ ਸਿੰਘ ਵੱਲੋਂ ਸਿਵਲ ਹਸਪਤਾਲ ਦੇ ਨੇੜੇ ਇੱਕ ਔਰਤ ਕੋਲੋਂ ਰਾਡ ਦਿਖਾ ਕੇ ਉਸ ਦਾ ਮੋਬਾਇਲ ਫੋਨ ਖੋਹ ਲਿਆ ਸੀ, ਜਿਸ ਦੇ ਸੰਬੰਧ ਵਿੱਚ ਥਾਣਾ ਸਿਟੀ ਜਗਰਾਉਂ ਵਿੱਚ ਮੁਕੱਦਮਾ ਦਰਜ ਕੀਤਾ ਗਿਆ ਸੀ, ਜਿਸ ਵਿੱਚ ਵਰਿੰਦਰ ਸਿੰਘ ਤੇ ਅੰਮ੍ਰਿਤਪਾਲ ਸਿੰਘ ਨੂੰ ਪੁਲਸ ਵੱਲੋਂ ਗ੍ਰਿਫ਼ਤਾਰ ਕੀਤਾ ਗਿਆ। ਪੁਲਸ ਵੱਲੋਂ ਵਰਿੰਦਰ ਸਿੰਘ ਤੇ ਅੰਮ੍ਰਿਤਪਾਲ ਸਿੰਘ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ, ਜਿਸ ਪਾਸੋਂ ਡੂੰਘਾਈ ਨਾਲ ਪੁੱਛਗਿੱਛ ਜਾਰੀ ਹੈ ਅਤੇ ਹੋਰ ਵਾਰਦਾਤਾਂ ਟਰੇਸ ਹੋਣ ਦੀ ਸੰਭਾਵਨਾ ਹੈ।

ਪਿੰਡ ਦੇਵੀਵਾਲਾ 'ਚ ਕਿਸਾਨ ਸਿਖਲਾਈ ਕੈਂਪ ਲਾਇਆ

ਫ਼ਰੀਦਕੋਟ/ਕੋਟਕਪੂਰਾ (ਐਲਿਗਜੈਂਡਰ ਡਿਸੂਜਾ)-ਡਾਇਰੈਕਟਰ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ, ਪੰਜਾਬ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਡਾ. ਅਵੀਨਿੰਦਰ ਪਾਲ ਸਿੰਘ, ਜ਼ਿਲ੍ਹਾ ਸਿਖਲਾਈ ਅਫ਼ਸਰ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਡਾ. ਗੁਰਿੰਦਰਪਾਲ ਸਿੰਘ, ਡਾ. ਰੁਪਿੰਦਰ ਸਿੰਘ, ਡਾ. ਸਤਬੀਰ ਸਿੰਘ ਵੱਲੋਂ ਪਿੰਡ ਦੇਵੀਵਾਲਾ ਵਿੱਚ ਕਿਸਾਨ ਸਿਖਲਾਈ ਕੈਂਪ ਕਣਕ ਦੀ ਫ਼ਸਲ ਸਬੰਧੀ ਲਾਇਆ ਗਿਆ ਅਤੇ ਖੇਤਾਂ ਦਾ ਸਰਵੇਖਣ ਕੀਤਾ ਗਿਆ।ਸਰਵੇਖਣ ਕੀਤੇ ਗਏ ਖੇਤਾਂ ਵਿੱਚ ਦੇਖਿਆ ਗਿਆ ਕਿ ਰੇਤਲੀ ਮਿੱਟੀ ਵਾਲੇ ਖੇਤਾਂ ਵਿੱਚ ਮੈਗ਼ਨੀਜ਼ ਦੀ ਘਾਟ ਕਾਰਨ ਕਣਕ ਪੀਲੀ ਪੈ ਰਹੀ ਹੈ, ਜਿਸ ਕਾਰਨ ਕਣਕ ਦਾ ਵਾਧਾ ਰੁਕ ਜਾਂਦਾ ਹੈ ਤੇ ਕਣਕ ਦੇ ਝਾੜ ਤੇ ਮਾੜਾ ਅਸਰ ਪੈਂਦਾ ਹੈ।ਇਸ ਸਬੰਧੀ ਉਨ੍ਹਾਂ ਕਿਸਾਨਾਂ ਨੂੰ ਸਲਾਹ ਦਿੱਤੀ ਕਿ 1 ਕਿਲੋਗ੍ਰਾਮ ਮੈਗਨੀਜ਼ ਪ੍ਰਤੀ ਏਕੜ 200 ਲੀਟਰ ਵਿੱਚ ਘੋਲ ਕੇ ਤਿੰਨ ਸਪਰੇਅਰ ਲਗਾਤਾਰ ਹਫ਼ਤੇ-ਹਫ਼ਤੇ ਦੇ ਫ਼ਰਕ ਤੇ ਮੋਸਮ ਸਾਫ ਹੋਣ ਤੇ ਕੀਤੀਆਂ ਜਾਣ।ਇਸ ਤੋਂ ਇਲਾਵਾ ਕਿਸਾਨਾਂ ਨੂੰ ਪੀਲੀ ਕੁੰਗੀ ਦੇ ਹਮਲੇ ਤੋਂ ਸੁਚੇਤ ਰਹਿਣ ਲਈ ਸਲਾਹ ਦਿੱਤੀ ਗਈ ਤੇ ਦੱਸਿਆ ਗਿਆ ਕਿ ਜੇਕਰ ਕਿਤੇ ਪੀਲੀ ਕੁੰਗੀ ਦੀ ਲੱਛਣ ਦੇਖਣ ਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੀਆਂ ਸਿਫਾਰਸ਼ਾਂ ਅਨੁਸਾਰ ਉੱਲੀਨਾਸ਼ਕ ਦੀ ਸਪਰੇ ਕੀਤੀ ਜਾਵੇ।

ਟ੍ਰੈਫ਼ਿਕ ਨਿਯਮਾਂ ਦੀ ਪਾਲਣਾ ਕਰਕੇ ਸੜਕ ਹਾਦਸਿਆਂ ਤੋਂ ਹੋ ਸਕਦਾ ਬਚਾਅ : ਐਸ ਡੀ ਐਮ

ਸਮਾਣਾ (ਗੁਰਪਿਆਰ ਸਿੰਘ ਬੱਲ)-ਟ੍ਰੈਫ਼ਿਕ ਇੰਚਾਰਜ ਸੇਵਕ ਸਿੰਘ ਤੇ ਐਚ ਸੀ ਜਸਪਾਲ ਸਿੰਘ ਵੱਲੋਂ ਲਾਇਨਜ਼ ਕਲੱਬ ਗੋਲਡ ਨਾਲ ਮਿਲ ਕੇ ਬਾਬਾ ਬੰਦਾ ਸਿੰਘ ਬਹਾਦਰ ਚੌਕ ਵਿਖੇ ਸੜਕ ਸੁਰੱਖਿਆ ਮਹੀਨਾ ਮਨਾਇਆ ਗਿਆ ਤੇ ਵਾਹਨਾਂ ਦੇ ਰਿਫਲੈਕਟਰ ਲਾਏ ਗਏ ਤਾਂ ਜੁ ਸੜਕ 'ਤੇ ਜਾਂਦੇ ਸਮੇਂ ਪਿੱਛੋਂ ਆਉਂਦੇ ਵਹੀਕਲ ਨੂੰ ਪਤਾ ਲੱਗ ਸਕੇ ਕੇ ਉਸ ਦੇ ਅੱਗੇ ਕਿਹੜਾ ਵਹੀਕਲ ਜਾ ਰਿਹਾ ਹੈ, ਜਿਸ ਨਾਲ ਸੜਕ ਹਾਦਸੇ ਤੋਂ ਬਚਿਆ ਜਾ ਸਕੇ।ਐਸ ਡੀ ਐਮ ਸਮਾਣਾ ਤਰਸੇਮ ਚੰਦ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਲੋਕਾਂ ਨੂੰ ਟ੍ਰੈਫਿਕ ਨਿਯਮਾਂ ਬਾਰੇ ਸੁਚੇਤ ਕਰਦਿਆਂ ਉਨ੍ਹਾਂ ਕਿਹਾ ਕਿ ਵਾਹਨਾਂ ਦੇ ਮਗਰ ਲੱਗੀਆਂ ਲਾਈਟਾਂ ਖਰਾਬ ਹੋਣ ਤੇ ਰਿਫਲੈਕਟਰ ਨਾ ਲੱਗੇ ਹੋਣ ਕਾਰਨ ਵੀ ਕਈ ਵੱਡੇ ਹਾਦਸੇ ਵਾਪਰ ਜਾਂਦੇ ਹਨ ਅਤੇ ਇਨ੍ਹਾਂ ਰਿਫਲੈਕਟਰਾਂ ਨਾਲ ਅਜਿਹੇ ਹਾਦਸਿਆਂ ਤੋਂ ਬਚਿਆ ਜਾ ਸਕਦਾ ਹੈ।ਇਸ ਮੌਕੇ ਟ੍ਰੈਫਿਕ ਇੰਚਾਰਜ ਸੇਵਕ ਸਿੰਘ ਨੇ ਕਿਹਾ ਕਿ ਸੜਕੀ ਹਾਦਸਿਆਂ ਦਾ ਮੁੱਖ ਕਾਰਨ ਵਾਹਨ ਚਾਲਕਾਂ ਵੱਲੋਂ ਟ੍ਰੈਫਿਕ ਨਿਯਮਾਂ ਦੀ ਪਾਲਣਾ ਨਾ ਕਰਨਾ ਅਤੇ ਨਸ਼ੇ ਵਿੱਚ ਵਾਹਨ ਚਲਾਉਣਾ ਹੈ।ਇਸ ਮੌਕੇ ਲਾਇਨਜ਼ ਕਲੱਬ ਸਮਾਣਾ ਗੋਲਡ ਗੋਲਡ ਦੇ ਪ੍ਰਧਾਨ ਮੋਹਿਤ ਗਰਗ (ਤਨੂ), ਸੈਕਟਰੀ ਅਨੂਪ ਗੋਇਲ, ਕੈਸ਼ੀਅਰ ਗੌਰਵ ਅਗਰਵਾਲ, ਪੀ.ਆਰ.ਓ ਵਿਨੀਤ ਗਰਗ, ਲਵ ਮਿੱਤਲ, ਐਡਵੋਕੇਟ ਨਵਦੀਪ ਢਿੱਲੋਂ ਅਤੇ ਯੋਗਿੰਦਰ ਗੋਇਲ ਆਦਿ ਵੀ ਮੌਜੂਦ ਰਹੇ।

ਭਗਵੰਤ ਮਾਨ ਨੇ ਦਿੱਲੀ ਦੇ ਸ਼ਕੂਰਬਸਤੀ, ਤ੍ਰਿਨਗਰ ਤੇ ਮੰਗੋਲਪੁਰੀ 'ਚ ਕੀਤਾ ਰੋਡ ਸ਼ੋਅ

ਚੰਡੀਗੜ੍ਹ (ਗੁਰਜੀਤ ਬਿੱਲਾ)

ਮੁੱਖ ਮੰਤਰੀ ਭਗਵੰਤ ਮਾਨ ਨੇ ਮੰਗਲਵਾਰ ਨੂੰ ਦਿੱਲੀ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ (ਆਪ) ਦੇ ਉਮੀਦਵਾਰਾਂ ਲਈ ਸ਼ਕੂਰਬਸਤੀ, ਤ੍ਰਿਨਗਰ ਅਤੇ ਮੰਗੋਲਪੁਰੀ ਵਿੱਚ ਰੋਡ ਸ਼ੋਅ ਕੀਤਾ ਅਤੇ ਲੋਕਾਂ ਨੂੰ 'ਆਪ' ਦਾ ਸਮਰਥਨ ਕਰਨ ਦੀ ਅਪੀਲ ਕੀਤੀ।ਮਾਨ ਨੇ ਸਭ ਤੋਂ ਪਹਿਲਾਂ ਸ਼ਕੂਰਬਸਤੀ ਵਿੱਚ ਦਿੱਲੀ ਦੇ ਸਾਬਕਾ ਸਿਹਤ ਮੰਤਰੀ ਸਤੇਂਦਰ ਜੈਨ ਲਈ ਰੋਡ ਸ਼ੋਅ ਕੀਤਾ। ਫਿਰ ਉਨ੍ਹਾਂ ਤ੍ਰਿਨਗਰ ਅਤੇ ਮੰਗੋਲਪੁਰੀ ਵਿਧਾਨ ਸਭਾ ਵਿੱਚ ਵੀ ਰੋਡ ਸ਼ੋਅ ਕਰਕੇ 'ਆਪ' ਉਮੀਦਵਾਰ ਲਈ ਚੋਣ ਪ੍ਰਚਾਰ ਕੀਤਾ।ਰੋਡ ਸ਼ੋਅ ਵਿੱਚ ਵੱਡੀ ਗਿਣਤੀ ਵਿੱਚ 'ਆਪ' ਵਰਕਰ ਅਤੇ ਸਥਾਨਕ ਲੋਕ ਹਾਜ਼ਰ ਸਨ।ਲੋਕਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਦਾ ਫੁੱਲਾਂ ਦੀ ਵਰਖਾ ਕਰਕੇ ਅਤੇ ਨਾਅਰੇਬਾਜ਼ੀ ਕਰਕੇ ਸਵਾਗਤ ਕੀਤਾ।ਮਾਨ ਨੇ ਲੋਕਾਂ ਦਾ ਧੰਨਵਾਦ ਕਰਦਿਆਂ ਉਨ੍ਹਾਂ ਨੂੰ ਦਿੱਲੀ ਵਿੱਚ ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਦੀ ਅਪੀਲ ਕੀਤੀ।ਮਾਨ ਨੇ ਸਭ ਤੋਂ ਪਹਿਲਾਂ ਸ਼ਕੂਰਬਸਤੀ ਵਿੱਚ ਦਿੱਲੀ ਦੇ ਸਾਬਕਾ ਸਿਹਤ ਮੰਤਰੀ ਸਤੇਂਦਰ ਜੈਨ ਲਈ ਰੋਡ ਸ਼ੋਅ ਕੀਤਾ।ਫਿਰ ਉਨ੍ਹਾਂ ਤ੍ਰਿਨਗਰ ਅਤੇ ਮੰਗੋਲਪੁਰੀ ਵਿਧਾਨ ਸਭਾ ਵਿੱਚ ਰੋਡ ਸ਼ੋਅ

ਕਰਕੇ 'ਆਪ' ਉਮੀਦਵਾਰ ਲਈ ਚੋਣ ਪ੍ਰਚਾਰ ਕੀਤਾ।ਰੋਡ ਸ਼ੋਅ ਵਿੱਚ ਵੱਡੀ ਗਿਣਤੀ ਵਿੱਚ 'ਆਪ' ਵਰਕਰ ਅਤੇ ਸਥਾਨਕ ਲੋਕ ਹਾਜ਼ਰ ਸਨ। ਲੋਕਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਦਾ ਫੁੱਲਾਂ ਦੀ ਵਰਖਾ ਕਰਕੇ ਅਤੇ ਨਾਅਰੇ ਲਾ ਕੇ ਸਵਾਗਤ ਕੀਤਾ।ਮਾਨ ਨੇ ਲੋਕਾਂ ਦਾ ਧੰਨਵਾਦ ਕਰਦਿਆਂ ਉਨ੍ਹਾਂ ਨੂੰ ਦਿੱਲੀ ਵਿੱਚ ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਦੀ ਅਪੀਲ ਕੀਤੀ।ਸ਼ਕੂਰਬਸਤੀ ਵਿੱਚ ਰੋਡ ਸ਼ੋਅ ਦੌਰਾਨ ਭਾਜਪਾ ਦਾ ਚੋਣ ਨਿਸ਼ਾਨ ਕਮਲ ਛਾਪ ਵਾਲਾ ਗੁਬਾਰਾ ਹਵਾ ਵਿੱਚ ਲਟਕ ਰਿਹਾ ਸੀ। ਗੁਬਾਰੇ ਦੀ ਹਵਾ ਨਿਕਲ ਰਹੀ ਸੀ।ਮਾਨ ਨੇ ਇਸ 'ਤੇ ਚੁਟਕੀ ਲੈਂਦਿਆਂ ਲੋਕਾਂ ਨੂੰ ਗੁਬਾਰਾ ਦਿਖਾਉਂਦੇ ਹੋਏ ਕਿਹਾ ਕਿ ਇਹ ਸੰਕੇਤ ਹੈ ਕਿ ਦਿੱਲੀ ਵਿਧਾਨ ਸਭਾ ਚੋਣਾਂ 'ਚ ਭਾਰਤੀ ਜਨਤਾ ਪਾਰਟੀ ਦੀ ਹਵਾ ਨਿਕਲ ਚੁੱਕੀ ਹੈ। ਨਤੀ

22-Jan-PAGE--8.qxd 1/21/2025 11:09 PM Page 1

ਕਿਸਾਨਾਂ ਦੇ ਹੱਕ 'ਚ 26 ਨੂੰ ਕਪੂਰਥਲਾ 'ਚ ਟਰੈਕਟਰ ਮਾਰਚ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)- ਸੰਯੁਕਤ ਕਿਸਾਨ ਮੋਰਚਾ ਕਪੂਰਥਲਾ ਵਿੱਚ ਸ਼ਾਮਲ ਸਮੂਹ ਕਿਸਾਨ ਮਜ਼ਦੂਰ ਜਥੇਬੰਦੀਆਂ ਦੀ ਵਿਸ਼ਾਲ ਮੀਟਿੰਗ ਜਥੇਦਾਰ ਪਲਵਿੰਦਰ ਸਿੰਘ ਕਾਲਾ ਸੰਘਿਆਂ ਕਿਰਤੀ ਕਿਸਾਨ ਯੂਨੀਅਨ ਪੰਜਾਬ, ਹਰਜਿੰਦਰ ਸਿੰਘ ਰਾਣਾ ਸੈਦੋਵਾਲ ਬੀਕੇਯੂ ਡਕੌਂਦਾ ਧੰਨੇਰ ਪ੍ਰਧਾਨ ਕਪੂਰਥਲਾ ਤੇ ਤਰਸੇਮ ਸਿੰਘ ਬੰਨੇਮਲ ਜਨਰਲ ਸਕੱਤਰ ਕਿਰਤੀ ਕਿਸਾਨ ਯੂਨੀਅਨ ਕਪੂਰਥਲਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਵੱਡੀ ਗਿਣਤੀ ਆਗੂਆਂ ਤੇ ਕਿਸਾਨਾਂ ਨੇ ਸ਼ਿਰਕਤ ਕੀਤੀ। ਇਸ ਮੌਕੇ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਖੇਤੀਬਾੜੀ ਮੰਡੀਆਂ ਲਈ ਕੌਮੀ ਨੀਤੀ ਖਰੜਾ ਜਾਰੀ ਕੀਤਾ ਹੈ, ਜੋ ਕਿ ਉਨ੍ਹਾਂ ਤਿੰਨ ਖੇਤੀ ਕਾਨੂੰਨਾਂ ਤੋਂ ਵੀ ਵੱਧ ਖਤਰਨਾਕ ਹੈ। ਇਹ ਖਰੜਾ ਸਾਰੇ ਖੇਤੀਬਾੜੀ ਕਾਰਜਾਂ ਨੂੰ ਪ੍ਰਾਈਵੇਟ ਕਾਰਪੋਰੇਸ਼ਨਾਂ ਅਤੇ ਬਹੁ-ਰਾਸ਼ਟਰੀ ਕੰਪਨੀਆਂ ਨੂੰ ਸੌਂਪਣ ਦੀ ਨੀਤੀ ਹੈ। ਇਹ ਕਿਸਾਨਾਂ ਦੀ ਆਜ਼ਾਦੀ ਨੂੰ ਖਤਰੇ ਵਿੱਚ ਪਾਉਂਦਾ ਹੈ ਅਤੇ ਇਸ ਨੂੰ ਕਮਜ਼ੋਰ ਕਰਦਾ ਹੈ। ਇਹ ਕੇਂਦਰੀ ਖਰੜਾ ਕਿਸਾਨਾਂ ਨੂੰ ਹੋਰ ਕਰਜ਼ਾਈ ਅਤੇ ਗਰੀਬ ਬਣਾਵੇਗਾ ਅਤੇ ਉਨ੍ਹਾਂ ਨੂੰ ਜ਼ਮੀਨਾਂ ਅਤੇ ਸਰਕਾਰੀ ਮੰਡੀਆਂ ਦੋਵਾਂ ਤੋਂ ਵਾਂਝਾ ਕਰੇਗਾ। ਬੁਲਾਰਿਆਂ ਨੇ ਸਮੁੱਚੀਆਂ ਵਿਰੋਧੀ ਪਾਰਟੀਆਂ ਦੇ ਆਗੂਆਂ ਨੂੰ ਇਸਦੇ ਵਿਰੁੱਧ ਆਪਣੀ ਜੋਰਦਾਰ ਆਵਾਜ਼ ਸੰਸਦ ਵਿੱਚ ਉਠਾਉਣ ਦੀ ਅਪੀਲ ਕਰਦੇ ਅਤੇ ਤੁਹਾਡੀ ਰਾਜ ਵਿਧਾਨ ਸਭਾ ਨੂੰ ਵੀ ਬੇਨਤੀ ਕਰਦੇ ਹਾਂ ਕਿ ਕਿਰਪਾ ਕਰਕੇ ਇਸ ਖਰੜੇ ਨੂੰ ਰੱਦ ਕਰ ਦਿੱਤਾ ਜਾਵੇ ਅਤੇ ਇਸ ਫੈਸਲੇ ਬਾਰੇ ਤੁਰੰਤ ਕੇਂਦਰ ਸਰਕਾਰ ਨੂੰ ਸੂਚਿਤ ਕੀਤਾ ਜਾਵੇ। ਬੁਲਾਰਿਆਂ ਨੇ ਕਿਹਾ ਕਿ ਖੇਤੀ ਕਾਨੂੰਨਾਂ ਵਿਰੁੱਧ 13 ਮਹੀਨਿਆਂ ਤੱਕ ਚੱਲੇ ਦਿੱਲੀ ਬਾਰਡਰ ਅੰਦੋਲਨ ਦੇ ਅੰਤ ਵਿੱਚ ਭਾਰਤ ਦੇ ਕਿਸਾਨਾਂ ਦੀਆਂ ਮੰਗਾਂ ਨੂੰ ਮਨਜ਼ੂਰ ਕਰਨ ਤੇ ਕਾਲੇ ਖੇਤੀ ਕਾਨੂੰਨਾਂ ਨੂੰ ਵਾਪਸ ਲੈਣ ਦਾ ਵਾਅਦਾ ਕੀਤਾ। ਇਹ ਬਹੁਤ ਹੀ ਮੰਦਭਾਗੀ ਗੱਲ ਹੈ ਕਿ 4 ਸਾਲ ਬੀਤਣ ਮਗਰੋਂ ਵੀ ਸਰਕਾਰ ਇਨ੍ਹਾਂ ਲਟਕਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਅੱਗੇ ਨਹੀਂ ਵਧ ਰਹੀ। ਸਗੋਂ ਦੂਜੇ ਪਾਸੇ ਇਸ ਨੇ ਨਵੇਂ ਖੇਤੀ ਮੰਡੀਕਰਨ ਖਰੜੇ ਤੋਂ ਇਲਾਵਾ ਨਵੇਂ ਬਿਜਲੀ ਐਕਟ ਦੀਆਂ ਵਿਵਸਥਾਵਾਂ ਪੇਸ ਕੀਤੀਆਂ ਹਨ। ਆਗੂਆਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਤੱਕ ਵਿਰੋਧੀ ਸਰਕਾਰਾਂ ਦੁਆਰਾ ਭਾਰਤ ਦੇ ਕਿਸਾਨਾਂ ਪ੍ਰਤੀ ਉਪਰੋਕਤ ਲਿਖਤੀ ਵਚਨਬੱਧਤਾ ਪ੍ਰਤੀ ਵਾਅਦਾ ਖਿਲਾਫੀ ਦੀ ਯਾਦ ਦਿਵਾਉਣ ਦੀ ਅਪੀਲ ਕਰਦੇ ਹਾਂ। ਅਸੀਂ ਤੁਹਾਨੂੰ ਇਹ ਵੀ ਬੇਨਤੀ ਕਰਦੇ ਹਾਂ ਕਿ ਪ੍ਰਧਾਨ ਮੰਤਰੀ ਨੂੰ ਇਨ੍ਹਾਂ ਸਮੱਸਿਆਵਾਂ ਨੂੰ ਹੱਲ ਕਰਨ ਦੇ ਉਦੇਸ਼ ਨਾਲ ਸਾਰੀਆਂ ਕਿਸਾਨ ਜਥੇਬੰਦੀਆਂ, ਮੁੱਖ ਮੰਤਰੀਆਂ ਅਤੇ ਸਾਰੀਆਂ ਸਿਆਸੀ ਪਾਰਟੀਆਂ ਨਾਲ ਇਨ੍ਹਾਂ ਸਾਰੇ ਮੁੱਦਿਆਂ 'ਤੇ ਤੁਰੰਤ ਗੱਲਬਾਤ ਕਰਨ ਲਈ ਕਹੋ। ਇਸ ਮੌਕੇ ਆਗੂਆਂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਯੁੰਕਤ ਕਿਸਾਨ ਮੋਰਚੇ ਵੱਲੋਂ ਕੇਂਦਰ ਸਰਕਾਰ ਵੱਲੋਂ ਖੇਤੀ ਖਰੜੇ ਦੇ ਵਿਰੋਧ ਵਿਚ ਸਮੁੱਚੇ ਦੇਸ ਵਾਂਗ ਜ਼ਿਲ੍ਹਾ ਕਪੂਰਥਲਾ ਵਿੱਚ ਵੀ 26 ਜਨਵਰੀ ਨੂੰ ਤਹਿਸੀਲ ਪੱਧਰ ਤੇ ਟਰੈਕਟਰ ਮਾਰਚ ਕੱਢਿਆ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਘਬੀਰ ਸਿੰਘ ਮਹਿਰਵਾਲਾ ਸੂਬਾ ਮੀਤ ਪ੍ਰਧਾਨ ਕਿਰਤੀ ਕਿਸਾਨ ਯੂਨੀਅਨ ਪੰਜਾਬ, ਸਯੁੰਕਤ ਕਿਸਾਨ ਮੋਰਚਾ ਦੇ ਐਡ ਰਾਜਿੰਦਰ ਸਿੰਘ ਰਾਣਾ, ਤਰਸੇਮ ਸਿੰਘ ਬੰਨੇ ਮਲ, ਨਿਰਮਲ ਸਿੰਘ ਸੇਰਪੁਰ ਸੱਦਾ ਸੂਬਾਈ ਆਗੂ ਪੋਡੂ ਮਜਦੂਰ ਯੂਨੀਅਨ ਪੰਜਾਬ, ਹਰਜਿੰਦਰ ਸਿੰਘ ਰਾਣਾ ਸੈਦੋਵਾਲ, ਮਾਸਟਰ ਚਰਨ ਸਿੰਘ ਪ੍ਰਧਾਨ ਕੁਲ ਹਿੰਦ ਕਿਸਾਨ ਸਭਾ ਕਪੂਰਥਲਾ, ਸਰਵਣ ਸਿੰਘ ਕਰਮਜੀਤਪੁਰ, ਸੁਖਚੈਨ ਸਿੰਘ ਨੱਥੂ ਚਾਹਲ,ਦਿਆਲ ਸਿੰਘ ਦੀਪੇਵਾਲ, ਸਰਵਣ ਸਿੰਘ ਪ੍ਰਧਾਨ ਕੁਲ ਹਿੰਦ ਕਿਸਾਨ ਸਭਾ ਸੁਲਤਾਨ ਪੁਰ ਲੋਧੀ, ਨਿਰਵੈਰ ਸਿੰਘ ਅਤੇ ਹੋਰ ਆਗੂ ਵੀ ਹਾਜ਼ਰ ਸਨ।

ਹਰਿਆਣਾ 'ਚ ਪੁਰਾਣੇ ਵਾਹਨਾਂ ਦੀ ਹੋਵੇਗੀ ਸਕ੍ਰੈਪਿੰਗ ਤੇ ਰੀ-ਸਾਈਕਲਿੰਗ : ਰਾਓ ਨਰਬੀਰ ਸਿੰਘ

ਚੰਡੀਗੜ੍ਹ, (ਕ੍ਰਿਸ਼ਨ ਗਰਗ) ਹਰਿਆਣਾ ਸਰਕਾਰ ਨੇ ਸੂਬੇ ਵਿੱਚ ਰਜਿਸਟਰਡ ਵਾਹਨ ਸਕ੍ਰੈਪੇਜ ਅਤੇ ਰੀ-ਸਾਈਕਲਿੰਗ ਸਹੂਲਤ ਪ੍ਰੋਤਸਾਹਨ ਨੀਤੀ 2024 ਨੋਟੀਫਾਇਡ ਕੀਤੀ ਹੈ। ਇਸ ਨਾਲ ਰਾਜ ਵਿੱਚ ਪੁਰਾਣੇ ਵਾਹਨਾਂ ਦੇ ਸਕ੍ਰੈਪਿੰਗ ਤੇ ਰੀ-ਸਾਈਕਲਿੰਗ ਸਹੂਲਤ ਉਪਲਬਧ ਹੋਵੇਗੀ ਅਤੇ ਥਾਂ-ਥਾਂ ਕਬਾੜ ਵਿੱਚ ਤਬਦੀਲ ਹੋ ਚੁੱਕੇ ਵਾਹਨਾਂ ਦੇ ਪੁਰਜਿਆਂ ਦੀ ਮੁੜ ਵਰਤੋਂ ਹੋ ਸਕੇਗੀ। ਇਸ ਨਾਲ ਸੂਬੇ ਵਿੱਚ ਇਕੋ ਵਾਤਾਵਰਣ ਵਿੱਚ ਵੀ ਸੁਧਾਰ ਹੋਵੇਗਾ। ਉਦਯੋਗ ਅਤੇ ਵਪਾਰ ਮੰਤਰੀ ਰਾਓ ਨਰਬੀਰ ਸਿੰਘ ਨੇ ਇਸ ਸਬੰਧ ਵਿੱਚ ਵਿਸਥਾਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕੌਮੀ ਰਾਜਧਾਨੀ ਖੇਤਰ ਵਿੱਚ ਐਨਜੀਟੀ ਵੱਲੋਂ ਪੁਰਾਣੇ ਡੀਜ਼ਲ ਵਾਹਨਾਂ ਦੀ 10 ਤੇ ਪਟਰੋਲ ਵਾਹਨਾਂ ਦੀ 15 ਸਾਲ ਤੱਕ ਪਾਸਿੰਗ ਸੀਮਾ ਸਮੇਂ ਤੈਅ ਕਰਨ ਬਾਅਦ ਕੰਡਮ ਵਾਹਨਾਂ ਦੀ ਗਿਣਤੀ ਲਗਾਤਾਰ ਵੱਧ ਰਹੀ ਹੈ ਅਤੇ ਇਸ ਨੂੰ ਦੇਖਦੇ ਹੋਏ ਹਰਿਆਣਾ ਸਰਕਾਰ ਨੇ ਇਹ ਫੈਸਲਾ ਕੀਤਾ ਹੈ।ਉਨ੍ਹਾਂ ਨੇ ਦੱਸਿਆ ਕਿ ਸਰਕਾਰ ਦੀ ਇਸ ਪਹਿਲ ਨਾਲ ਵਾਹਨਾਂ ਦੇ ਪੁਰਜਿਆਂ ਦੀ ਰੀ-ਸਾਈਕਲਿੰਗ ਹੋਣ ਨਾਲ ਮੁੜ ਤੋਂ ਇਸਤੇਮਾਲ ਹੋ ਸਕੇਗਾ। ਇਸ ਨਾਲ ਵਾਤਾਵਰਣ ਪ੍ਰਦੂਸ਼ਿਤ ਹੋਣ ਤੋਂ ਬਚਾਅ ਹੋਵੇਗਾ ਅਤੇ ਅਰਥ ਵਿਵਸਥਾ ਵੀ ਮਜਬੂਤ ਹੋਵੇਗੀ। ਉਨ੍ਹਾਂ ਨੇ ਦੱਸਿਆ ਕਿ ਨੀਤੀ ਨੂੰ ਹਰਿਆਣਾ ਸਰਕਾਰ ਉਦਯੋਗ ਦਾ ਦਰਜਾ ਦਵੇਗੀ। ਹਰਿਆਣਾ ਵਿੱਚ ਸਥਾਪਿਤ ਕੀਤੀ ਜਾਣ ਵਾਲੀ ਨਵੀਂ ਉਦਯੋਗ ਇਕਾਈਆਂ ਨੂੰ ਪੂੰਜੀ ਗ੍ਰਾਂਟ ਜਾਂ ਰਾਜ ਜੀ ਐਸ ਟੀ ਵਿੱਚ ਪ੍ਰਤੀਪੂਰਤੀ ਦਿੱਤੀ ਜਾਵੇਗੀ।ਉਨ੍ਹਾਂ ਨੇ ਦੱਸਿਆ ਕਿ ਐਕਸੀਲੈਂਸ ਕੇਂਦਰ ਸਥਾਪਿਤ ਕਰਨ ਲਈ ਪਰਿਯੋਜਨਾ ਲਾਗਤ ਦਾ 50 ਫੀਸਦੀ ਗ੍ਰਾਂਟ ਦਿੱਤੀ ਜਾਵੇਗੀ, ਜੋ ਵੱਧ ਤੋਂ ਵੱਧ 5 ਕਰੋੜ ਰੁਪਏ ਤੱਕ ਦਾ ਹੋਵੇਗਾ। ਇਸ ਤੋਂ ਇਲਾਵਾ, ਰਾਜ ਦੇ ਨੌਜੁਆਨਾਂ ਦੇ ਸਕਿਲ ਅਤੇ ਰੁਜਗਾਰ ਉਪਲਬਧ ਕਰਾਉਣ ਵਾਲੇ 10 ਅਜਿਹੇ ਉਦਯੋਗਾਂ ਨੂੰ 50 ਲੱਖ ਰੁਪਏ ਦਾ ਗ੍ਰਾਂਟ ਵੀ ਦਿੱਤੀ ਜਾਵੇਗੀ।

ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਵੱਲੋਂ ਰੋਸ ਰੈਲੀ 11 ਮਾਰਚ ਨੂੰ : ਮੋਮੀ

ਕਾਲਾ ਸੰਘਿਆਂ (ਮਨਜੀਤ ਮਾਨ)

ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ ਯੂਨੀਅਨ ਪੰਜਾਬ (ਰਜਿ:ਨੰ.31) ਦੇ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ,ਸੂਬਾ ਜਰਨਲ ਸਕੱਤਰ ਕੁਲਦੀਪ ਸਿੰਘ ਬੁੱਢੇਵਾਲ, ਸੀਨੀਅਰ ਮੀਤ ਪ੍ਰਧਾਨ ਹਾਕਮ ਸਿੰਘ ਧਨੇਠਾ, ਸੂਬਾ ਪ੍ਰੈਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ ਤੇ ਜਸਵੀਰ ਸਿੰਘ ਸ਼ੀਰਾ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ 'ਆਪ' ਸਰਕਾਰ ਵੀ ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਹੀ ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰਨ ਲਈ ਸਬ-ਕਮੇਟੀਆਂ ਦਾ ਗਠਨ ਕਰਕੇ ਲਾਰੇ-ਲੱਪਿਆਂ ਨਾਲ਼ ਆਪਣਾ ਸਮਾਂ ਲੰਘਾ ਰਹੀ ਹੈ। ਪਿਛਲੇ ਲੰਬੇ ਅਰਸੇ ਤੋਂ ਲਗਾਤਾਰ ਨਿਗੁਣੀਆਂ ਤਨਖਾਹਾਂ 'ਤੇ ਤਨਦੇਹੀ ਨਾਲ ਸੇਵਾਵਾਂ ਦਿੰਦੇ ਆ ਰਹੇ ਇੰਨਲਿਸਟਮੈਂਟ ਅਤੇ ਆਊਟਸੋਰਸਡ ਅਤੇ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਮਰਜ਼ ਕਰਕੇ ਪੱਕਾ ਕਰਨ ਲਈ ਆਪ ਸਰਕਾਰ ਨੇ ਕੋਈ ਨੀਤੀ ਨਹੀਂ ਬਣਾਈ,ਜਿਸ ਤੋਂ ਸਾਫ਼ ਜ਼ਾਹਰ ਹੈ ਕਿ ਇਹ ਠੇਕਾ ਮੁਲਾਜ਼ਮਾਂ ਨਾਲ਼ ਨੰਗਾ-ਚਿੱਟਾ ਧੋਖਾ ਕਰ ਰਹੀ ਹੈ। ਜਿਸ ਦੇ ਵਿਰੋਧ ਵਜੋਂ 11 ਮਾਰਚ ਨੂੰ ਸ਼ਹਿਰ ਧੰਨਾ ਜ਼ਿਲ੍ਹਾ ਲੁਧਿਆਣਾ ਵਿਖੇ ਪੰਜਾਬ ਸਰਕਾਰ ਦੇ ਖ਼ਿਲਾਫ਼ ਸੂਬਾ ਪੱਧਰੀ ਰੋਸ ਰੈਲੀ ਕਰਕੇ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੂਬਾ ਆਗੂ ਜਸਵੀਰ ਸਿੰਘ

ਜਿੰਦਵੜੀ, ਭੁਪਿੰਦਰ ਸਿੰਘ ਕੁਤਬੇਵਾਲ, ਰੁਪਿੰਦਰ ਸਿੰਘ, ਬਲਜੀਤ ਸਿੰਘ ਭੱਟੀ, ਜਗਰੂਪ ਸਿੰਘ, ਮਨਪ੍ਰੀਤ ਸਿੰਘ, ਸੁਰਿੰਦਰ ਸਿੰਘ, ਉਂਕਾਰ ਸਿੰਘ, ਪ੍ਰਦੁਮਣ ਸਿੰਘ, ਤਰਜਿੰਦਰ ਸਿੰਘ ਮਾਨ, ਗੁਰਵਿੰਦਰ ਸਿੰਘ ਬਾਠ, ਮੇਜਰ ਸਿੰਘ, ਗੁਰਵਿੰਦਰ ਸਿੰਘ ਪੰਜੋਲੀ ਆਦਿ ਹਾਜ਼ਰ ਸਨ।

ਬੜਾਗੜ੍ਹ 'ਚ 14 ਕਰੋੜ ਨਾਲ ਬਣੇਗਾ ਹਾਕੀ ਦਾ ਐਸਟਰੋਟਰਫ : ਸੈਣੀ

ਚੰਡੀਗੜ੍ਹ, (ਕ੍ਰਿਸ਼ਨ ਗਰਗ)

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਅੰਬਾਲਾ ਜਿਲ੍ਹਾ ਦੇ ਪਿੰਡ ਬੜਾਗੜ੍ਹ ਵਿਚ ਪ੍ਰਬੰਧਿਤ ਹਰਿਆਣਾ ਕਬੱਡੀ ਖੇਡ ਮਹਾਕੁੰਭ ਪ੍ਰੋਗਰਾਮ 'ਚ ਐਲਾਨ ਕਰਦੇ ਹੋਏ ਖੇਡ ਸਟੇਡੀਅਮ ਬੜਾਗੜ੍ਹ ਵਿਚ 14 ਕਰੋੜ ਰੁਪਏ ਦੀ ਲਾਗਤ ਨਾਲ ਹਾਕੀ ਦਾ ਐਸਟਰੋਟਰਫ ਬਣਾਇਆ ਜਾਵੇਗਾ ਅਤੇ ਖੇਡ ਦੇ ਮੈਦਾਨ ਵਿਚ ਫਲੱਡ ਲਾਇਟਾਂ ਲਗਾਈਆਂ ਜਾਣਗੀਆਂ। ਇਸ ਤੋਂ ਇਲਾਵਾ, ਪਿੰਡ ਲਾਹਾ ਅਤੇ ਪਿੰਡ ਬਿਚਪੜੀ ਵਿਚ ਸਥਿਤ ਖੇਡ ਸਟੇਡੀਅਮਾਂ ਦੇ ਨਵੀਨੀਕਰਣ ਦੇ ਲਈ 5 ਕਰੋੜ ਰੁਪਏ ਖਰਚ ਕੀਤੇ ਜਾਣਗੇ।ਇਸ ਮੌਕੇ ਮੁੱਖ ਮੰਤਰੀ ਨੇ ਕਬੱਡੀ ਮਹਾਕੁੰਭ ਵਿਚ ਪੁਰਸ਼ ਅਤੇ ਮਹਿਲਾ ਵਰਗ ਦੇ ਪਹਿਲੇ, ਦੂਜੇ ਤੇ ਤੀਜੇ ਸਥਾਨ 'ਤੇ ਰਹੀ ਜੇਤੂ ਟੀਮਾਂ ਨੂੰ ਇਨਾਮ ਵੀ ਦਿੱਤੇ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਜੇਤੂ ਟੀਮਾਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਕਬੱਡੀ ਸਿਰਫ ਤਾਕਤ ਦੀ ਖੇਡ ਨਹੀਂ, ਸਗੋਂ ਦਿਮਾਗ ਦੀ ਖੇਡ ਵੀ ਹੈ।ਖਿਡਾਰੀਆਂ ਦੇ ਦਮਖਮ 'ਤੇ ਭਾਰਤ ਅੱਜ ਓਲੰਪਿਕ ਤੇ ਹੋਰ ਕੌਮਾਂਤਰੀ ਖੇਡ ਮੁਕਾਬਲਿਆਂ ਵਿਚ ਵੱਡੀ ਸ਼ਕਤੀ ਵਜੋ ਉਭਰ ਰਿਹਾ ਹੈ। ਇਸ ਵਿਚ ਹਰਿਆਣਾ ਦੇ ਖਿਡਾਰੀਆਂ ਦਾ ਸੱਭ ਤੋਂ ਵੱਧ ਯੋਗਦਾਨ ਰਿਹਾ ਹੈ।ਇਸ ਮੌਕੇ ਮੁੱਖ ਮੰਤਰੀ ਨੇ ਹਰਿਆਣਾ ਕਬੱਡੀ ਮਹਾਕੁੰਭ ਵਿਚ ਪਹਿਲਾ ਸਥਾਨ 'ਤੇ ਰਹੀ ਹਿਸਾਰ, ਦੂਜੇ ਸਥਾਨ 'ਤੇ ਰੋਹਤਕ ਅਤੇ ਤੀਜੇ ਸਥਾਨ 'ਤੇ ਰਹੀ ਗੁਰੂਗ੍ਰਾਮ ਤੇ ਅੰਬਾਲਾ ਦੀ ਮਹਿਲਾ ਕਬੱਡੀ ਟੀਮ ਨੂੰ ਟਰਾਫੀ ਤੇ ਪੁਰਸਕਾਰ ਦੇ ਕੇ ਸਨਮਾਨਿਤ ਕੀਤਾ।ਇਸ ਤਰ੍ਹਾ ਪੁਰਸ਼ ਕਬੱਡੀ ਮੁਕਾਬਲੇ ਦੇ ਪਹਿਲੇ ਸਥਾਨ 'ਤੇ ਰਹੀ ਗੁਰੂਗ੍ਰਾਮ, ਦੂਜੇ ਸਥਾਨ 'ਤੇ ਰਹੀ ਹਿਸਾਰ, ਤੀਜੇ ਸਥਾਨ 'ਤੇ ਰਹੀ ਰੋਹਤਕ ਤੇ ਅੰਬਾਲਾ ਦੀ ਟੀਮ ਨੂੰ ਟਰਫੀ ਤੇ ਪੁਰਸਕਾਰ ਦੇ ਕੇ ਉਨ੍ਹਾਂ ਦੀ ਹੌਸਲਾ ਅਫਜਾਈ ਕੀਤੀ।ਪਹਿਲਾ ਸਥਾਨ 'ਤੇ ਆਈ ਟੀਮ ਨੂੰ 2 ਲੱਖ ਰੁਪਏ, ਦੂਜੇ ਨੂੰ 1 ਲੱਖ ਰੁਪਏ ਤੇ ਤੀਜੇ ਸਥਾਨ 'ਤੇ ਆਉਣ ਵਾਲੇ ਟੀਮ ਨੂੰ ਕ੍ਰਮਵਾਰ 25-25 ਹਜਾਰ ਦੇ ਪੁਰਸਕਾਰ ਦਿੱਤੇ ਗਏ।

ਕੰਟੇਨਰ ਤੇ ਦੋ ਕਾਰਾਂ ਵਿਚਕਾਰ ਟੱਕਰ, ਜਾਨੀ ਨੁਕਸਾਨ ਤੋਂ ਬਚਾਅ

ਫਿਲੌਰ (ਨਿਰਮਲ)-ਤੜਕਸਾਰ ਫਿਲੌਰ ਵਿਖੇ ਲੁਧਿਆਣਾ ਨੂੰ ਜਾਣ ਵਾਲੀ ਸੜਕ ਤੇ ਇੱਕ ਕੰਟੇਨਰ ਅਤੇ ਦੋ ਕਾਰਾਂ ਵਿਚਕਾਰ ਟੱਕਰ ਹੋ ਗਈ, ਜਿਸ ਕਾਰਨ ਕਾਰ ਸਵਾਰ ਵਿਅਕਤੀਆਂ ਨੂੰ ਸੱਟਾਂ ਵੱਜੀਆਂ, ਪਰ ਜਾਨੀ ਨੁਕਸਾਨ ਹੋਣੋਂ ਬਚਾਅ ਰਿਹਾ। ਸੜਕ ਸੁਰੱਖਿਆ ਫੋਰਸ ਦੇ ਇੰਚਾਰਜ ਥਾਣੇਦਾਰ ਨੇ ਆਪਣੇ ਸਾਥੀਆਂ ਨਾਲ ਮੌਕੇ 'ਤੇ ਪੁੱਜੇ ਅਤੇ ਲੋਕਾਂ ਦੀ ਮਦਦ ਨਾਲ ਵਾਹਨਾਂ ਨੂੰ ਇੱਕ ਪਾਸੇ ਕਰਵਾ ਕੇ ਹਾਈਵੇ ਚਾਲੂ ਕਰਵਾਇਆ। ਐਕਸੀਡੈਂਟ ਕਾਰਨ ਸਿਕਸ ਲਾਈਨ 'ਤੇ ਵਾਹਨਾਂ ਦੀਆਂ ਲੰਬੀਆਂ ਕਤਾਰਾਂ ਲੱਗ ਗਈਆਂ। ਕਾਰ ਸਵਾਰ ਲੋਕ ਅੰਮ੍ਰਿਤਸਰ ਤੋਂ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਧਾਰਮਿਕ ਅਸਥਾਨ 'ਤੇ ਮੱਥਾ ਟੇਕਣ ਜਾ ਰਹੇ ਸਨ। ਫਿਲੌਰ ਪੁਲਿਸ ਵੀ ਮੌਕੇ 'ਤੇ ਪੁੱਜੀ। ਕੰਟੇਨਰ ਚਾਲਕ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇਗੀ।

ਸੀ ਟੀ ਵਰਲਡ ਸਕੂਲ ਦੇ 9ਵੀਂ ਜਮਾਤ ਦੇ ਵਿਦਿਆਰਥੀ ਵੱਲੋਂ ਪ੍ਰੇਰਨਾਦਾਇਕ ਡੈਬਿਊ ਕਿਤਾਬ ਲਾਂਚ

ਜਲੰਧਰ (ਸ਼ੈਲੀ ਐਲਬਰਟ)

ਸੀ ਟੀ ਵਰਲਡ ਸਕੂਲ ਨੇ ਆਪਣੇ 9ਵੀਂ ਜਮਾਤ ਦੇ ਵਿਦਿਆਰਥੀ ਸੁਖਰਾਜ ਸਿੰਘ ਉੱਭਾ ਦੀ ਪ੍ਰਾਪਤੀ ਦਾ ਜਸ਼ਨ ਸਕੂਲ ਦੇ ਵਿਹੜੇ ਵਿੱਚ ਇੱਕ ਯਾਦਗਾਰੀ ਕਿਤਾਬ ਲਾਂਚ ਸਮਾਰੋਹ ਦੇ ਨਾਲ ਮਨਾਇਆ। ਸੁਖਰਾਜ ਨੇ ਆਪਣੀ ਪਹਿਲੀ ਕਿਤਾਬ, ਦਿ ਡਾਇਰੀ ਆਫ਼ ਏ ਲੇਜ਼ੀ ਕਿਡ ਦਾ ਉਦਘਾਟਨ ਕੀਤਾ, ਜੋ ਕਿ ਉਸਦੀ ਨੌਜਵਾਨ ਸਾਹਿਤਕ ਯਾਤਰਾ ਵਿੱਚ ਇੱਕ ਬੇਮਿਸਾਲ ਮੀਲ ਪੱਥਰ ਹੈ।ਇਸ ਸਮਾਗਮ ਵਿੱਚ ਸੀਟੀ ਗਰੁੱਪ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ; ਸੀਟੀ ਵਰਲਡ ਸਕੂਲ ਦੀ ਪ੍ਰਿੰਸੀਪਲ ਆਰਤੀ ਜਸਵਾਲ; ਸੁਖਰਾਜ ਦੇ ਮਾਣਮੱਤੇ ਮਾਪੇ; ਅਤੇ ਸਕੂਲ ਦੇ ਫੈਕਲਟੀ ਸ਼ਾਮਲ ਸਨ। ਚੇਅਰਮੈਨ ਚੰਨੀ ਨੇ ਇੱਕ ਪ੍ਰੇਰਨਾਦਾਇਕ ਭਾਸ਼ਣ ਨਾਲ ਸਮਾਰੋਹ ਦੀ ਸ਼ੁਰੂਆਤ ਕੀਤੀ, ਜਿਸ ਵਿੱਚ ਸੁਖਰਾਜ ਦੀ ਆਪਣੀ ਪਹਿਲੀ ਕਿਤਾਬ ਲਿਖਣ ਅਤੇ ਪ੍ਰਕਾਸ਼ਿਤ ਕਰਨ ਵਿੱਚ ਸਮਰਪਣ ਅਤੇ ਸਖ਼ਤ ਮਿਹਨਤ ਦੀ ਸ਼ਲਾਘਾ ਕੀਤੀ ਗਈ। ਸੁਖਰਾਜ ਸਿੰਘ, ਇੱਕ ਬਹੁ-ਪ੍ਰਤਿਭਾਸ਼ਾਲੀ ਵਿਦਿਆਰਥੀ, ਨਾ ਸਿਰਫ ਇੱਕ ਜੋਸ਼ੀਲਾ ਪਾਠਕ ਅਤੇ ਉਭਰਦਾ ਲੇਖਕ ਹੈ, ਸਗੋਂ ਇੱਕ ਰਿਕਾਰਡ ਧਾਰਕ ਵੀ ਹੈ। ਉਸਨੇ ਕੀਬੋਰਡ ਵਜਾਉਂਦੇ ਹੋਏ

22- jan- PAGE 9.qxd 1/21/2025 11:09 PM Page 1

ਪੀ ਐਸ ਪੀ ਸੀ ਐੱਲ ਵੱਲੋਂ ਨਵਾਂ ਰਿਕਾਰਡ ਕਾਇਮ

ਬਿਜਲੀ ਸਪਲਾਈ 'ਚ 13% ਵਾਧਾ ਦਰਜ : ਈ ਟੀ ਓ

ਚੰਡੀਗੜ੍ਹ, (ਗੁਰਜੀਤ ਬਿੱਲਾ) ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਇਥੇ ਐਲਾਨ ਕੀਤਾ ਕਿ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ ਐਸ ਪੀ ਸੀ ਐਲ) ਵੱਲੋਂ 19 ਜਨਵਰੀ, 2025 ਤੱਕ 66914 ਮਿਲੀਅਨ ਯੂਨਿਟਾਂ ਦੀ ਰਿਕਾਰਡ ਬਿਜਲੀ ਸਪਲਾਈ ਕੀਤੀ ਹੈ, ਜੋ ਪਿਛਲੇ ਸਾਲ ਦੀ ਇਸੇ ਮਿਆਦ ਦੇ ਮੁਕਾਬਲੇ 13% ਵੱਧ ਹੈ।ਉਨ੍ਹਾਂ ਕਿਹਾ ਕਿ ਇਹ ਮਹੱਤਵਪੂਰਨ ਪ੍ਰਾਪਤੀ ਬਿਜਲੀ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਪੰਜਾਬ ਦੇ ਲੋਕਾਂ ਅਤੇ ਉਦਯੋਗਾਂ ਦੀਆਂ ਵੱਧ ਰਹੀਆਂ ਬਿਜਲੀ ਦੀਆਂ ਮੰਗਾਂ ਨੂੰ ਪੂਰਾ ਕਰਨ ਲਈ ਪੀ.ਐਸ.ਪੀ.ਸੀ.ਐਲ ਵੱਲੋਂ ਕੀਤੇ ਜਾ ਰਹੇ ਯਤਨਾਂ ਨੂੰ ਦਰਸਾਉਂਦਾ ਹੈ।ਇਸ ਸੰਬੰਧੀ ਹੋਰ ਜਾਣਕਾਰੀ ਦਿੰਦਿਆਂ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਦੱਸਿਆ ਕਿ ਵਿੱਤੀ ਸਾਲ 2024-25 ਦੌਰਾਨ ਬਿਜਲੀ ਦੀ ਸੱਭ ਤੋਂ ਵੱਧ ਮੰਗ 16058 ਮੈਗਾਵਾਟ ਨੂੰ ਪੂਰਾ ਕੀਤਾ ਗਿਆ, ਜੋ ਕਿ ਪਿਛਲੇ ਵਿੱਤੀ ਸਾਲ ਨਾਲੋਂ 5 ਫੀਸਦੀ ਵੱਧ ਹੈ। ਬਿਜਲੀ ਮੰਤਰੀ ਨੇ ਕਿਹਾ ਕਿ ਪੀ.ਐਸ.ਪੀ.ਸੀ.ਐਲ ਨੇ ਪੰਜਾਬ ਦੇ ਸਾਰੇ ਵਰਗਾਂ ਦੇ ਖਪਤਕਾਰਾਂ ਨੂੰ ਬਿਨਾਂ ਕਿਸੇ ਬਿਜਲੀ ਕੱਟ ਦੇ ਨਿਰਵਿਘਨ ਬਿਜਲੀ ਸਪਲਾਈ ਨੂੰ ਯਕੀਨੀ ਬਣਾਇਆ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਪੀ.ਐਸ.ਪੀ.ਸੀ.ਐਲ ਦੁਆਰਾ ਕੀਤੇ ਢੁਕਵੇਂ ਪ੍ਰਬੰਧਾਂ ਦੇ ਕਾਰਨ ਸੰਭਵ ਹੋ ਸਕੀ, ਜੋ ਭਰੋਸੇਯੋਗ ਬਿਜਲੀ ਸਪਲਾਈ ਪ੍ਰਦਾਨ ਕਰਨ ਲਈ ਨਿਗਮ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਕੋਲੇ ਦੀ ਉਪਲਬਧਤਾ ਬਾਰੇ ਬਿਜਲੀ ਮੰਤਰੀ ਨੇ ਦੱਸਿਆ ਕਿ ਪੀ ਐਸ ਪੀ ਸੀ ਐਲ ਨਿਯਮਤ ਅਤੇ ਲੋੜੀਂਦੀ ਸਪਲਾਈ ਨੂੰ ਯਕੀਨੀ ਬਣਾ ਰਿਹਾ ਹੈ, ਜਿਸ ਦੇ ਨਤੀਜੇ ਵਜੋਂ ਤਿੰਨੋਂ ਸਰਕਾਰੀ ਥਰਮਲ ਪਲਾਂਟਾਂ ਵਿੱਚ ਸਟਾਕ ਦਾ ਚੰਗਾ ਪ੍ਰਬੰਧ ਹੈ।ਉਨ੍ਹਾਂ ਦੱਸਿਆ ਕਿ ਗੁਰੂ ਗੋਬਿੰਦ ਸਿੰਘ ਥਰਮਲ ਪਲਾਂਟ ਰੋਪੜ ਲਈ ਮੌਜੂਦਾ ਸਟਾਕ ਪੱਧਰ 42 ਦਿਨ, ਗੁਰੂ ਹਰਗੋਬਿੰਦ ਥਰਮਲ ਪਲਾਂਟ ਲਹਿਰਾ ਮੁਹੱਬਤ ਲਈ 28 ਦਿਨ ਅਤੇ ਗੁਰੂ ਅਮਰਦਾਸ ਥਰਮਲ ਪਲਾਂਟ ਗੋਇੰਦਵਾਲ ਸਾਹਿਬ ਲਈ 40 ਦਿਨ ਹੈ। ਉਨ੍ਹਾਂ ਕਿਹਾ ਕਿ ਪੀ ਐਸ ਪੀ ਸੀ ਐਲ ਆਉਣ ਵਾਲੇ ਝੋਨੇ ਦੇ ਸੀਜ਼ਨ ਦੌਰਾਨ ਲੋੜ ਅਨੁਸਾਰ ਕੋਲੇ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਹਰ ਸੰਭਵ ਯਤਨ ਕਰ ਰਿਹਾ ਹੈ।

ਗ੍ਰਹਿ ਮੰਤਰੀ ਵੱਲੋਂ ਬਾਬਾ ਸਾਹਿਬ ਬਾਰੇ ਵਰਤੀ ਭੱਦੀ ਸ਼ਬਦਾਵਲੀ ਖਿਲਾਫ ਰੋਸ ਪ੍ਰਦਰਸ਼ਨ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਬਾਬਾ ਸਾਹਿਬ ਬਾਰੇ ਵਰਤੀ ਭਦੀ ਸ਼ਬਦਾਵਲੀ ਖਿਲਾਫ ਕਾਂਗਰਸ ਹਾਈਕਮਾਂਡ ਦੇ ਦਿਸ਼ਾ ਨਿਰਦੇਸ਼ਾ ਹੇਠ ਹਲਕਾ ਚੱਬੇਵਾਲ ਵਿਖੇ ਹਲਕਾ ਇੰਚਾਰਜ ਐਡਵੋਕੇਟ ਰਣਜੀਤ ਕੁਮਾਰ ਦੀ ਸਰਪ੍ਰਸਤੀ ਵਿੱਚ 'ਜੈ ਬਾਪੂ ਜੈ ਭੀਮ ਜੈ ਸੰਵਿਧਾਨ' ਮੁਹਿਮ ਨੂੰ ਜਾਰੀ ਰੱਖਦਿਆਂ ਕਾਂਗਰਸੀ ਅਹੁਦੇਦਾਰਾਂ ਅਤੇ ਵਰਕਰ ਸਹਿਬਾਨਾਂ ਵਲੋ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਰੋਸ਼ ਪ੍ਰਦਰਸ਼ਨ ਚੱਬੇਵਾਲ ਹਲਕੇ ਦੀ ਸਮੂਹ ਲੀਡਰਸ਼ਿਪ ਅਤੇ ਵਰਕਰ ਸਾਹਿਬਾਨ ਪੁਰਾਣੀ ਦਾਣਾ ਮੰਡੀ ਤੋਂ ਲੈ ਕੇ ਮੇਨ ਬਜਾਰਾਂ ਵਿੱਚੋਂ ਨਾਅਰੇ ਲਗਾਉਂਦੇ ਬੱਸੀ ਤੱਕ ਪੈਦਲ ਮਾਰਚ ਕੀਤਾ।ਪ੍ਰਦਰਸ਼ਨ ਦੌਰਾਨ ਬੋਲਦੇ ਹੋਏ ਐਡਵੋਕੇਟ ਰਣਜੀਤ ਕੁਮਾਰ ਨੇ ਕਿਹਾ ਕੇ ਕੇਂਦਰ ਦੀ ਭਾਜਪਾ ਸਰਕਾਰ ਸੰਵਿਧਾਨ ਅਤੇ ਲੋਕਤੰਤਰ ਵਿਰੋਧੀ ਸਰਕਾਰ ਹੈ ਗ੍ਰਹਿ ਮੰਤਰੀ ਅਮਿਤ ਸ਼ਾਹ ਦਵਾਰਾ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾਕਟਰ ਅੰਬੇਡਕਰ ਜੀ ਬਾਰੇ ਵਰਤੀ ਸ਼ਬਦਾਵਲੀ ਇਸ ਤੱਥ ਨੂੰ ਸਾਬਤ ਕਰਦੀ ਹੈ ਕਾਂਗਰਸ ਪਾਰਟੀ ਬਾਬਾ ਸਾਹਿਬ ਅੰਬੇਡਕਰ ਜੀ ਦਾ, ਮਹਾਤਮਾ ਗਾਂਧੀ ਜੀ ਦਾ ਅਤੇ ਸਾਡੇ ਦੇਸ਼ ਦੇ ਸਵਿਧਾਨ ਦਾ ਅਪਮਾਨ ਬਰਦਾਸ਼ਤ ਨਹੀਂ ਕਰੇਗੀ। ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਇਸ ਗਲਤੀ ਨੂੰ ਮਣ ਕੇ ਮਾਫ਼ੀ ਮੰਗ ਕੇ ਅਸਤੀਫ਼ਾ ਦੇਣਾ ਹੀ ਪਵੇਗਾ।ਇਸ ਮੌਕੇ ਕਾਂਗਰਸ ਦੇ ਸੀਨੀਅਰ ਆਗੂ ਜੈਲਦਾਰ ਅੱਛਰਵਾਲ, ਸਮਿਤਰ ਸਿੰਘ ਸਿਕਰੀ, ਬਲਦੇਵ ਸਿੰਘ ਫੁੱਗਲਾਣਾ, ਕੁਲਵਿੰਦਰ ਬਿੱਟੂ,ਬਲਵਿੰਦਰ ਚੱਕ ਮੱਲਾ, ਰਾਮ ਲਾਲ ਜੰਡੋਲੀ, ਰਾਜੀਵ ਵਿਕੀ, ਲਵਲੀ ਬੜਲਾਂ, ਭੋਲਾ ਜੈਜੋ, ਮਨਦੀਪ ਸਾਬਕਾ ਸਰਪੰਚ, ਕੁਲਵੰਤ ਸਿੰਘ, ਭੁਪਿੰਦਰ ਸਿੰਘ,ਚਮਨ ਲਾਲ, ਨੌਜਵਾਨ ਆਗੂ ਅਮਨਦੀਪ, ਸੁਖਦੇਵ, ਰਵੀ ਬੰਬੇਲੀ, ਕੁਲਵਿੰਦਰ ਫੌਜੀ, ਪੰਕਜ ਠਾਕੁਰ, ਜੀਤੀ ਹਾਰਤਾ, ਚਰਨਜੀਤ ਸਿੰਘ, ਐਡਵੋਕੇਟ ਮੋਹਨ ਸਿੰਘ, ਐਡਵੋਕੇਟ ਨੀਰਜ, ਐਡਵੋਕੇਟ ਰਾਕੇਸ਼, ਵੈਸ਼, ਹੈਪੀ ਝੰਜੋਵਾਲ, ਗੁਲਸ਼ਨ, ਸਰਪੰਚ ਰਾਮਜੀ ਠੁੱਆਣਾ, ਪਾਲ ਰਾਮ ਹਰਬੰਸ ਆਦਿ ਹਾਜ਼ਰ ਸਨ।

ਕੋਲਕਾਤਾ 'ਚ ਆਲ ਇੰਡੀਆ ਕਿਸਾਨ ਸਭਾ ਕੇਂਦਰੀ ਕਮੇਟੀ ਦੀ ਮੀਟਿੰਗ

ਨਵੀਂ ਖੇਤੀ ਮੰਡੀਕਰਨ ਨੀਤੀ ਦਾ ਜ਼ੋਰਦਾਰ ਵਿਰੋਧ ਕਰਨ ਦਾ ਦਿੱਤਾ ਸੱਦਾ

ਕੋਲਕਾਤਾ (ਸੁਰਜੀਤ ਸਿੰਘ ਢੇਰ) ਆਲ ਇੰਡੀਆ ਕਿਸਾਨ ਸਭਾ ਕੇਂਦਰੀ ਕਮੇਟੀ ਦੀ ਮੀਟਿੰਗ ਕੋਲਕੱਤਾ ਵਿਖੇ ਕਿਸਾਨ ਸਭਾ ਦੇ ਸੂਬਾ ਦਫ਼ਤਰ ਵਿੱਚ ਸ਼ੁਰੂ ਹੋਈ।ਸਭ ਤੋਂ ਪਹਿਲਾਂ ਪ੍ਰਧਾਨ ਅਸ਼ੋਕ ਧਾਵਲੇ ਨੇ ਝੰਡਾ ਲਹਿਰਾਇਆ। ਹੱਨਨ ਮੁਲਹਾ ਅਤੇ ਮਨੋਜ ਕੁਮਾਰ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਕਿਸਾਨ ਵਿਰੋਧੀ ਨੀਤੀਆਂ ਨੂੰ ਲਾਗੂ ਕਰਨ ਲਈ ਪੱਬਾਂ ਭਾਰ ਹੈ।ਖੇਤੀ ਵਿਰੋਧੀ ਕਾਲੇ ਕਾਨੂੰਨਾਂ ਖਿਲਾਫ਼ ਦਿੱਲੀ ਵਿੱਚ ਸਾਲ ਤੋਂ ਉੱਪਰ ਕਿਸਾਨ ਅੰਦੋਲਨ ਚੱਲਿਆ ਤੇ ਕਾਨੂੰਨ ਵਾਪਸ ਲੈਣ ਲਈ ਮੋਦੀ ਨੂੰ ਮਜਬੂਰ ਹੋਣਾ ਪਿਆ।ਪਰ ਹੁਣ ਫੇਰ ਖੇਤੀ ਮੰਡੀਕਰਨ ਨੀਤੀ ਲਿਆਂਦੀ ਜਾ ਰਹੀ ਹੈ।ਜੋ ਕਿ ਮੰਡੀਆਂ ਨੂੰ ਖਤਮ ਕਰ ਦੇਵੇਗੀ। ਮੀਟਿੰਗ ਵਿੱਚ ਐਲਾਨ ਕੀਤਾ ਗਿਆ ਕਿ ਮੋਦੀ ਸਰਕਾਰ ਪੰਜਾਬ ਦੇ ਬਾਰਡਰ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਜਾਨ ਨੂੰ ਬਚਾਏ ਤੇ ਕਿਸਾਨਾਂ ਨਾਲ ਗੱਲਬਾਤ ਛੇਤੀ ਤੋਂ ਛੇਤੀ ਕਰੇ। ਕਿਸਾਨ ਆਗੂਆਂ ਨੇ ਕਿਹਾ ਕਿ ਭਾਵੇਂ ਮੋਦੀ ਸਰਕਾਰ ਨੇ 14 ਫ਼ਰਵਰੀ ਦੀ ਮੀਟਿੰਗ ਕਿਸਾਨ ਜਥੇਬੰਦੀਆਂ ਨਾਲ ਤਹਿ ਕੀਤੀ ਹੈ, ਇਹ ਬਹੁਤ ਦੂਰ ਹੈ। ਕੇਂਦਰੀ ਕਮੇਟੀ ਦੀ ਇਸ ਮੀਟਿੰਗ ਵਿੱਚ ਸੰਯੁਕਤ ਕਿਸਾਨ ਮੋਰਚਾ ਵੱਲੋਂ 26 ਜਨਵਰੀ ਦੇ ਦਿੱਤੇ ਟਰੈਕਟਰ ਮਾਰਚ ਦੇ ਸੱਦੇ ਨੂੰ ਕਾਮਯਾਬ ਕਰਨ ਵਿਚ ਕੁੱਲ ਹਿੰਦ ਕਿਸਾਨ ਸਭਾ ਕੋਈ ਕਸਰ ਬਾਕੀ ਨਹੀਂ ਛੱਡੇਗੀ।ਕਿਸਾਨ ਸਭਾ ਦੇ ਕੇਂਦਰੀ ਪ੍ਰਧਾਨ ਅਸ਼ੋਕ ਧਾਵਲੇ ਨੇ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਕਿਹਾ ਕਿ ਅੱਜ ਅਮਰੀਕੀ ਸਾਮਰਾਜਵਾਦ ਵੱਲੋਂ ਦੁਨੀਆ ਦੇ ਹਰ ਦੇਸ਼ ਵਿੱਚ ਅਰਾਜਕਤਾ ਪੈਦਾ ਕੀਤੀ ਜਾ ਰਹੀ ਹੈ। ਕਿਸਾਨਾਂ ਨੂੰ ਸਹੂਲਤਾਂ ਤੋਂ ਵਾਂਝਾ ਕੀਤਾ ਜਾ ਰਿਹਾ ਹੈ। ਵਿਸ਼ਵ ਬੈਂਕ ਅਤੇ ਆਈ ਐਮ ਐਫ ਨੇ ਅਜਿਹਾ ਵਿਸ਼ਵਵਿਆਪੀ ਵਿੱਤੀ ਸਿਸਟਮ ਬਣਾਇਆ ਹੈ। ਜੋ ਅਸਮਾਨਤਾ ਨੂੰ ਉਤਸ਼ਾਹਿਤ ਕਰਦਾ ਹੈ, ਭਾਈਚਾਰਿਆਂ ਨੂੰ ਉਜਾੜਦਾ ਹੈ ਅਤੇ ਰੋਜ਼ੀ-ਰੋਟੀ ਨੂੰ ਤਬਾਹ ਕਰਦਾ ਹੈ। ਇਸੇ ਤਰ੍ਹਾਂ, ਭਾਰਤ ਵਿੱਚ ਵੀ, ਕਿਸਾਨਾਂ ਦੇ ਅਧਿਕਾਰਾਂ 'ਤੇ ਹਮਲਾ ਕੀਤਾ ਜਾ ਰਿਹਾ ਹੈ। ਮੀਟਿੰਗ ਵਿੱਚ ਪੰਜਾਬ ਤੋਂ ਬਲਜੀਤ ਸਿੰਘ ਗਰੇਵਾਲ, ਮੇਜਰ ਸਿੰਘ ਪੁੰਨਾਵਾਲ, ਧਰਮ ਪਾਲ ਸਿੰਘ ਸੀਲ ਭਾਗ ਲੈ ਰਹੇ ਹਨ।

ਰਿਕਵਰੀ ਕੇਸਾਂ 'ਚ ਤੇਜ਼ੀ ਲਿਆਉਂਦੇ ਹੋਏ ਪੈਂਡਿੰਗ ਮਾਮਲਿਆਂ ਨੂੰ ਦਿੱਤੀ ਜਾਵੇ ਤਰਜੀਹ : ਡਿਪਟੀ ਕਮਿਸ਼ਨਰ

ਹੁਸ਼ਿਆਰਪੁਰ, (ਬਲਬੀਰ ਸਿੰਘ ਸੈਣੀ) ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ 'ਚ ਮਾਲ ਵਿਭਾਗ ਦੇ ਅਧਿਕਾਰੀਆਂ ਨਾਲ ਮਾਸਿਕ ਸਮੀਖਿਆ ਮੀਟਿੰਗ ਕਰਦਿਆਂ ਮਾਲੀ ਕੰਮਾਂ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ।ਡਿਪਟੀ ਕਮਿਸ਼ਨਰ ਨੇ ਰਿਕਵਰੀ ਮਾਮਲਿਆਂ ਵਿਚ ਤੇਜ਼ੀ ਲਿਆਉਣ 'ਤੇ ਜ਼ੋਰ ਦਿੰਦੇ ਹੋਏ ਕਿਹਾ ਕਿ ਡਿਫਾਲਟਰਾਂ ਦੀ ਸੂਚੀ ਤਿਆਰ ਕਰਕੇ ਮਿੱਥੇ ਸਮੇਂ ਅੰਦਰ ਕਾਰਵਾਈ ਕੀਤੀ ਜਾਵੇ। ਉਨ੍ਹਾਂ ਸਪੱਸ਼ਟ ਕੀਤਾ ਕਿ ਮਾਲੀਆ ਮਾਮਲਿਆਂ ਵਿਚ ਬਕਾਇਆ ਵਸੂਲਿਆਂ ਨੂੰ ਤਰਜ਼ੀਹ ਦਿੱਤੀ ਜਾਵੇ।ਉਨ੍ਹਾਂ ਸਮੂਹ ਤਹਿਸੀਲਦਾਰਾਂ ਅਤੇ ਨਾਇਬ ਤਹਿਸੀਲਦਾਰਾਂ ਨੂੰ ਹਦਾਇਤ ਕੀਤੀ ਕਿ ਮਾਲ ਅਦਾਲਤਾਂ ਵਿਚ ਲੰਬਿਤ ਪਏ ਕੇਸਾਂ ਦਾ ਨਿਪਟਾਰਾ ਜਲਦੀ ਕੀਤਾ ਜਾਵੇ।ਮਾਮਲਿਆਂ ਦੇ ਨਿਪਟਾਰੇ ਵਿਚ ਪਾਰਦਰਸ਼ਤਾ ਅਤੇ ਸਮਾਂਬੱਧਤਾ ਯਕੀਨੀ ਬਣਾਈ ਜਾਵੇ। ਉਨ੍ਹਾਂ ਲੈਂਡ ਰਿਕਵਰੀ ਨਾਲ ਸਬੰਧਤ ਬਕਾਇਆ ਰਾਸ਼ੀ ਦੀ ਪਹਿਚਾਣ ਕਰਕੇ ਕਾਰਵਾਈ ਵਿਚ ਤੇਜ਼ੀ ਲਿਆਉਣ ਦੇ ਹੁਕਮ ਦਿੱਤੇ।ਚੌਕੀਦਾਰਾਂ ਅਤੇ ਨੰਬਰਦਾਰਾਂ ਦੇ ਬਕਾਇਆ ਮਾਣਭੱਤੇ ਦੀ ਸਥਿਤੀ ਦਾ ਜਾਇਜ਼ਾ ਲੈਂਦਿਆਂ ਇਸ ਨੂੰ ਜਲਦ ਤੋਂ ਜਲਦ ਪੂਰਾ ਕਰਨ ਦੇ ਨਿਰਦੇਸ਼ ਦਿੱਤੇ ਗਏ।ਕੋਮਲ ਮਿੱਤਲ ਨੇ ਐਸ ਡੀ ਐਮਜ਼ ਨੂੰ ਪੀ ਪੀ ਐਕਟ ਤਹਿਤ ਲੰਬਿਤ ਪਏ ਮਾਮਲਿਆਂ ਦਾ ਜਲਦ ਨਿਪਟਾਰਾ ਕਰਨ ਨੂੰ ਕਿਹਾ। ਇਸ ਦੌਰਾਨ ਉਨ੍ਹਾਂ ਅਧਿਕਾਰੀਆਂ ਨੂੰ ਪੀ ਜੀ ਆਰ ਐਸ ਪੋਰਟਲ 'ਤੇ ਲੰਬਿਤ ਸ਼ਿਕਾਇਤਾਂ ਨੂੰ ਸਮੇਂ ਸਿਰ ਨਿਪਟਾਉਣ ਲਈ ਕਿਹਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪ੍ਰਸ਼ਾਸਨਿਕ ਕੰਮਕਾਜ ਵਿਚ ਪਾਰਦਰਸ਼ਤਾ ਅਤੇ ਤੇਜ਼ੀ ਲਿਆਉਦ ਲਈ ਇਹ ਜ਼ਰੂਰੀ ਹੈ ਕਿ ਸਾਰੇ ਅਧਿਕਾਰੀ ਆਪਣੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਨ।

ਬਿਨਾਂ ਕਿਸੇ ਭੇਦਭਾਵ ਦੇ ਕੀਤਾ ਜਾਵੇਗਾ ਪਿੰਡਾਂ ਦਾ ਵਿਕਾਸ : ਪਾਠਕ

ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ, ਮਨੋਜ ਲਾਡੀ) — ਹਲਕੇ ਦੇ ਪਿੰਡਾਂ ਵਿਚ ਨਵੀਆਂ ਚੁਣੀਆਂ ਗਈਆਂ ਪੰਚਾਇਤਾਂ ਵੱਲੋਂ ਵਿਕਾਸ ਸਬੰਧੀ ਜੋ ਵੀ ਪ੍ਰਸਤਾਵ ਲਿਆਂਦੇ ਜਾਣਗੇ, ਉਨ੍ਹਾਂ ਨੂੰ ਪੂਰਾ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।ਪਿੰਡਾਂ ਦਾ ਵਿਕਾਸ ਬਿਨਾਂ ਕਿਸੇ ਭੇਦਭਾਵ ਦੇ ਕੀਤਾ ਜਾਵੇਗਾ। ਇਹ ਪ੍ਰਗਟਾਵਾ ਪੰਜਾਬ ਰਾਜ ਤਕਨੀਕੀ ਸਿੱਖਿਆ ਬੋਰਡ ਦੇ ਉੱਪ ਚੇਅਰਮੈਨ ਲਲਿਤ ਮੋਹਨ ਪਾਠਕ (ਬੱਲੂ) ਨੇ ਨਵਾਂਸ਼ਹਿਰ ਦੇ ਵੱਖ-ਵੱਖ ਪਿੰਡਾਂ ਨੂੰ ਜਾਰੀ ਕੀਤੀਆਂ ਗ੍ਰਾਂਟਾਂ ਦੇ ਚੈੱਕ ਸੌਂਪਣ ਤੋਂ ਬਾਅਦ ਕੀਤਾ। ਉਨ੍ਹਾਂ ਕਿਹਾ ਕਿ ਹਲਕੇ ਦੇ ਹੋਰਨਾਂ ਪਿੰਡਾਂ ਨੂੰ ਵੀ ਜਲਦੀ ਹੀ ਵਿਕਾਸ ਫੰਡ ਜਾਰੀ ਕੀਤੇ ਜਾਣਗੇ ਅਤੇ ਪਿੰਡਾਂ ਦੇ ਵਿਕਾਸ ਵਿਚ ਤੇਜ਼ੀ ਲਿਆਂਦੀ ਜਾਵੇਗੀ।ਮਾਰਕੀਟ ਕਮੇਟੀ ਨਵਾਂਸ਼ਹਿਰ ਦੇ ਚੇਅਰਮੈਨ ਗਗਨ ਅਗਨੀਹੋਤਰੀ ਨੇ ਕਿਹਾ ਕਿ ਸਰਕਾਰ ਨੇ ਪਿਛਲੇ ਢਾਈ ਸਾਲਾਂ ਵਿਚ ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹਨ ਵਿਚ ਕੋਈ ਕਸਰ ਨਹੀਂ ਛੱਡੀ।ਇਸ ਮੌਕੇ ਤਜਿੰਦਰ ਸਿੰਘ ਤੇਜਾ, ਸਰਪੰਚ ਵਿਨੀਤ ਜਾਡਲਾ, ਭੁਪਿੰਦਰ ਸਿੰਘ ਉੜਾਪੜ, ਡਾ. ਕਮਲ, ਜਸਬੀਰ ਟਾਂਕ, ਲੱਡੂ ਮਹਾਲੋਂ, ਰਮਨ ਉਮਟ, ਦਲਜੀਤ ਸਿੰਘ ਰਸੂਲਪੁਰ, ਵਿਨੋਦ ਕੁਮਾਰ ਪਿੰਕਾ, ਮੰਗਲ ਬੈਂਸ, ਕੁਲਵੰਤ ਰਕਾਸਨ, ਗੁਰਦੇਵ ਮੀਰਪੁਰ, ਕਪਿਲ ਛਿੱਬਾ, ਰਾਜਨ ਦੱਤਾ, ਦਵਿੰਦਰ ਸਿੰਘ ਭਾਰਟਾ, ਮਾਸਟਰ ਮੋਹਨ ਸਿੰਘ ਤੇ ਹੋਰ ਸ਼ਖ਼ਸੀਅਤਾਂ ਮੌਜੂਦ ਸਨ।

ਮਹਿਲਾਵਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨ ਲਈ ਜਾਗਰੂਕਤਾ ਕੈਂਪ ਭਲਕੇ

ਜਲੰਧਰ, (ਸੁਰਿੰਦਰ ਕੁਮਾਰ) ਮਹਿਲਾਵਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨ ਦੇ ਮੰਤਵ ਨਾਲ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਭਲਾਈ ਵਿਭਾਗ ਵੱਲੋਂ 23 ਜਨਵਰੀ ਨੂੰ ਸਥਾਨਕ ਰੈੱਡ ਕਰਾਸ ਭਵਨ ਵਿਖੇ ਜਾਗਰੂਕਤਾ ਕੈਂਪ ਲਗਾਇਆ ਜਾ ਰਿਹਾ ਹੈ।ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਮਨਜਿੰਦਰ ਸਿੰਘ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਾਗਰੂਕਤਾ ਕੈਂਪ ਦੌਰਾਨ ਸਿਵਲ ਹਸਪਤਾਲ ਦੇ ਡਾਕਟਰਾਂ ਦੀ ਟੀਮ ਵੱਲੋਂ ਮੈਡੀਕਲ ਚੈੱਕਅਪ ਕੈਂਪ ਲਾਇਆ ਜਾਵੇਗਾ।ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਮਹਿਲਾਵਾਂ ਨੂੰ ਪੌਸ਼ਟਿਕ ਖੁਰਾਕ, ਯੋਗਾ ਅਭਿਆਸ ਅਤੇ ਸਿਹਤ ਸਬੰਧੀ ਵੱਖ-ਵੱਖ ਪਹਿਲੂਆਂ ਬਾਰੇ ਜਾਗਰੂਕ ਕਰਨ ਤੋਂ ਇਲਾਵਾ ਧੀਆਂ ਦੀ ਲੋਹੜੀ ਵੀ ਮਨਾਈ ਜਾਵੇਗੀ।ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਨੇ ਦੱਸਿਆ ਕਿ ਕੈਂਪ ਦੌਰਾਨ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਬਾਰੇ ਜਾਣਕਾਰੀ ਵੀ ਦਿੱਤੀ ਜਾਵੇਗੀ। ਉਨ੍ਹਾਂ ਮਹਿਲਾਵਾਂ ਨੂੰ ਇਸ ਕੈਂਪ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ।

ਪੰਜਾਬ ਦੀ ਰਾਜਨੀਤੀ ਲਈ ਅਹਿਮ ਹੋਵੇਗੀ 25 ਫਰਵਰੀ ਦੀ ਰੈਲੀ : ਕੁਲਵੰਤ ਸਿੰਘ ਸੰਧੂ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ) ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵਲੋਂ 25 ਫਰਵਰੀ ਨੂੰ ਜਲੰਧਰ ਵਿਖੇ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ, ਜਿਸ 'ਚ ਕਾਰਪੋਰਟਾਂ ਵਲੋਂ ਆਪਣੇ ਮੁਨਾਫ਼ੇ ਵਧਾਉਣ ਸਮੇਤ ਦੇਸ਼ ਦੇ ਸਾਧਨਾਂ 'ਤੇ ਕਬਜ਼ੇ ਕਰਨ ਵਾਲੀਆਂ ਨੀਤੀਆਂ ਦਾ ਪਰਦਾਫਾਸ਼ ਕੀਤਾ ਜਾਵੇਗਾ।ਇਹ ਸ਼

22-JAN-PAGE-10.qxd 1/21/2025 10:43 PM Page 1

ਨਸ਼ੇ ਦੀਆਂ ਗੋਲੀਆਂ ਸਮੇਤ ਦੋ ਕਾਬੂ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਥਾਣਾ ਠੁੱਲ੍ਹੀਵਾਲ ਦੀ ਪੁਲਸ ਵੱਲੋਂ ਦੋ ਨੌਜਵਾਨਾਂ ਨੂੰ ਨਸ਼ੇ ਦੀਆਂ ਗੋਲੀਆਂ ਅਤੇ ਪਾਬੰਦੀਸ਼ੁਦਾ ਕੈਪਸੂਲ ਸਮੇਤ ਕਾਬੂ ਕੀਤੇ ਜਾਣ ਦਾ ਪਤਾ ਲੱਗਿਆ ਹੈ।ਪੁਲਸ ਥਾਣਾ ਠੁੱਲ੍ਹੀਵਾਲ ਦੇ ਮੁੱਖ ਅਫ਼ਸਰ ਕਿਰਨਜੀਤ ਕੌਰ ਨੇ ਦੱਸਿਆ ਕਿ ਮਿਲੀ ਸੂਚਨਾ ਅਨੁਸਾਰ ਰੇਸ਼ਨ ਅਚਾਰੀਆ ਅਤੇ ਸਤਪਾਲ ਸਿੰਘ ਨਿਵਾਸੀ ਬਰਨਾਲਾ ਬਾਹਰ ਤੋਂ ਨਸ਼ੀਲੀਆਂ ਗੋਲੀਆਂ, ਪਾਬੰਦੀਸ਼ੁਦਾ ਕੈਪਸੂਲ ਲਿਆ ਕੇ ਥਾਣਾ ਠੁੱਲ੍ਹੀਵਾਲ, ਮਹਿਲ ਕਲਾਂ ਇਲਾਕੇ ਦੇ ਪਿੰਡਾਂ ਅੰਦਰ ਵੇਚਣ ਦਾ ਧੰਦਾ ਕਰਦੇ ਹਨ। ਠੁੱਲ੍ਹੀਵਾਲ ਪੁਲਸ ਨੇ ਛਾਪਾਮਾਰੀ ਕਰਕੇ 230 ਨਸ਼ੀਲੀਆਂ ਗੋਲੀਆਂ ਅਤੇ 8000 ਪਾਬੰਦੀਸ਼ੁਦਾ ਪ੍ਰੈਗਾ (ਸਿਗਨੇਚਰ) ਕੈਪਸੂਲਾਂ, ਸਮੇਤ ਦੋ ਮੋਟਰਸਾਈਕਲ ਸਵਾਰ ਨੌਜਵਾਨਾਂ ਨੂੰ ਕਾਬੂ ਕੀਤਾ ਹੈ। ਇਸ ਸਬੰਧੀ ਪੁਲਸ ਥਾਣਾ ਠੁੱਲ੍ਹੀਵਾਲ ਵਿਖੇ ਦੋਵੇਂ ਮੁਲਜ਼ਮਾਂ ਖਿਲਾਫ ਪੁਲਸ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਦਿੱਤੀ ਹੈ।

ਦੋ ਅਣਪਛਾਤਿਆਂ ਨੇ ਸੈਰ ਕਰਦੀ ਕੁੜੀ ਦੇ ਮਾਰੀ ਗੋਲੀ

ਬਠਿੰਡਾ (ਰਾਜੀਵ ਗੋਇਲ)-ਅੱਜ ਸਵੇਰੇ ਤੜਕਸਾਰ ਭਗਤਾ ਸ਼ਹਿਰ ਵਿੱਚ ਉਸ ਸਮੇਂ ਸਨਸਨੀ ਫੈਲ ਗਈ, ਜਦੋਂ ਭਗਤਾ ਭਾਈ ਕਾ ਦੀ ਅਨਾਜ ਮੰਡੀ ਵਿੱਚ ਸੈਰ ਕਰ ਰਹੀ ਲੜਕੀ ਦੇ ਪੱਟ ਵਿੱਚ ਦੋ ਅਣਪਛਾਤੇ ਮੋਟਰਸਾਈਕਲ ਸਵਾਰ ਗੋਲੀ ਮਾਰ ਕੇ ਫਰਾਰ ਹੋ ਗਏ। ਪੀੜਿਤ ਲੜਕੀ ਹਰਪ੍ਰੀਤ ਕੌਰ ਦੇ ਦੱਸਣ ਮੁਤਾਬਿਕ ਉਹ ਜ਼ੀਰਕਪੁਰ ਦੀ ਰਹਿਣ ਵਾਲੀ ਹੈ ਅਤੇ ਉਸ ਨੇ ਆਪਣੀ ਮਰਜ਼ੀ ਨਾਲ ਭਗਤਾ ਭਾਈ ਕਾ ਦੇ ਰਹਿਣ ਵਾਲੇ ਅਰਸ਼ਦੀਪ ਸਿੰਘ ਨਾਲ ਲੋਕਲ ਕਿਸੇ ਗੁਰੂਦੁਆਰਾ ਸਾਹਿਬ ਵਿੱਚ ਲਾਵਾਂ ਲਈਆਂ ਪਰ ਕਿਸੇ ਕਿਸਮ ਦੀ ਕੋਰਟ ਮੈਰਿਜ ਨਹੀਂ ਹੋਈ। ਲੜਕੀ ਦੇ ਦੱਸਣ ਮੁਤਾਬਕ ਉਹ ਮੰਡੀ ਵਿੱਚ ਸੈਰ ਕਰ ਰਹੀ ਸੀ ਤੇ ਦੋ ਅਣਪਛਾਤੇ ਮੋਟਰਸਾਈਕਲ ਸਵਾਰ ਬਿਨਾਂ ਨੰਬਰੀ ਪਲੇਟ ਤੋਂ ਆਏ ਅਤੇ ਉਸ ਨੂੰ ਗੋਲੀ ਮਾਰ ਕੇ ਫਰਾਰ ਹੋ ਗਏ। ਉਧਰ ਲੜਕੀ ਦੇ ਨਾਲ ਨੌਜਵਾਨ, ਜੋ ਆਪਣੇ ਆਪ ਨੂੰ ਲੜਕੀ ਦਾ ਪਤੀ ਦੱਸ ਰਿਹਾ ਸੀ, ਦਾ ਕਹਿਣਾ ਸੀ ਕਿ ਲੜਕੀ ਨੂੰ ਦੋ ਅਣਪਛਾਤੇ ਗੋਲੀ ਮਾਰ ਕੇ ਫਰਾਰ ਹੋ ਗਏ। ਸਿਵਲ ਹਸਪਤਾਲ ਭਗਤਾ ਵਿਖੇ ਲੜਕੀ ਨੂੰ ਮੁਢਲੀ ਸਹਾਇਤਾ ਦੇ ਕੇ ਬਠਿੰਡਾ ਵਿਖੇ ਰੈਫਰ ਕਰ ਦਿੱਤਾ ਸੀ। ਪਰ ਮਾਮਲਾ ਸ਼ੱਕੀ ਵੀ ਲੱਗ ਰਿਹਾ ਹੈ। ਅਸਲੀਅਤ ਪੁਲਸ ਜਾਂਚ ਤੋਂ ਬਾਅਦ ਹੀ ਸਾਹਮਣੇ ਆਵੇਗੀ।

ਚੋਰੀ ਦੀਆਂ ਕਾਰਾਂ ਨਾਲ ਕਬਾੜੀਏ ਸਮੇਤ ਦੋ ਕਾਬੂ

ਮਲੋਟ (ਗੁਰਮੀਤ ਸਿੰਘ ਮੱਕੜ)-ਥਾਣਾ ਸਿਟੀ ਪੁਲਸ ਨੇ ਪਟਿਆਲਾ ਜ਼ਿਲ੍ਹੇ ਦੇ ਪਾਤੜਾਂ ਵਿਖੇ ਇੱਕ ਸਕਰੈਪ ਦੀ ਦੁਕਾਨ ਤੋਂ ਚੋਰੀ ਕੀਤੀਆਂ ਦੋ ਕਾਰਾਂ ਬਰਾਮਦ ਕੀਤੀਆਂ ਹਨ। ਇਸ ਮਾਮਲੇ ਵਿੱਚ ਕਬਾੜੀਏ ਸਮੇਤ ਕਾਰ ਚੋਰ ਨੂੰ ਵੀ ਕਾਬੂ ਕੀਤਾ ਗਿਆ ਹੈ। ਇਸ ਮੌਕੇ 'ਤੇ ਥਾਣਾ ਸਿਟੀ ਦੇ ਮੁਖੀ ਹਰਪ੍ਰੀਤ ਕੌਰ ਨੇ ਦੱਸਿਆ ਕਿ ਹਾਲ ਹੀ ਮਲੋਟ ਵਿੱਚ ਵੱਖ-ਵੱਖ ਥਾਵਾਂ ਤੋਂ ਦੋ ਕਾਰਾਂ ਬ੍ਰਿਜ਼ਾ ਅਤੇ ਸਵਿਫਟ ਚੋਰੀ ਹੋਣ ਦੀਆਂ ਸ਼ਿਕਾਇਤਾਂ ਪ੍ਰਾਪਤ ਹੋਈਆਂ ਸਨ। ਉਨ੍ਹਾਂ ਵੱਲੋਂ ਵੱਖ-ਵੱਖ ਟੀਮਾਂ ਬਣਾ ਕੇ ਚੋਰਾਂ ਦੀ ਭਾਲ ਸ਼ੁਰੂ ਕਰ ਦਿੱਤੀ। ਇਸ ਦੌਰਾਨ ਉਨ੍ਹਾਂ ਨੂੰ ਸੂਚਨਾ ਮਿਲੀ ਕਿ ਮਲੋਟ ਵਾਸੀ ਸੰਦੀਪ ਇਨ੍ਹਾਂ ਕਾਰਾਂ ਨੂੰ ਚੋਰੀ ਕਰਕੇ ਪਟਿਆਲਾ ਦੇ ਪਾਤੜਾਂ ਦੇ ਪ੍ਰੇਮ ਨਾਮਕ ਸਕਰੈਪ ਡੀਲਰ ਨੂੰ ਵੇਚਦਾ ਹੈ ਅਤੇ ਇਸ ਸਮੇਂ ਇਹ ਕਾਰਾਂ ਸਕਰੈਪ ਡੀਲਰ ਕੋਲ ਖੜ੍ਹੀਆਂ ਹਨ। ਉਨ੍ਹਾਂ ਵੱਲੋਂ ਪੁਲਸ ਟੀਮ ਸਮੇਤ ਪਾਤੜਾਂ ਵਿਖੇ ਜਾ ਕੇ ਇੱਕ ਸਕਰੈਪ ਦੀ ਦੁਕਾਨ 'ਤੇ ਛਾਪੇਮਾਰੀ ਕਰਕੇ ਮੌਕੇ ਤੋਂ ਚੋਰੀ ਦੀਆਂ ਦੋਵੇਂ ਕਾਰਾਂ ਬਰਾਮਦ ਕੀਤੀਆਂ। ਕਬਾੜੀਏ ਅਤੇ ਚੋਰ ਸੰਦੀਪ ਨੂੰ ਕਾਬੂ ਕਰਕੇ ਮਲੋਟ ਥਾਣੇ ਲਿਆਂਦਾ ਗਿਆ। ਪੁਲਸ ਨੇ ਦੋਵੇਂ ਦੋਸ਼ੀਆਂ ਖਿਲਾਫ਼ ਕੇਸ ਦਰਜ ਕਰ ਲਿਆ ਹੈ। ਪੁਲਸ ਨੇ ਦੱਸਿਆ ਕਿ ਇਸ ਖਿਲਾਫ ਪਹਿਲਾਂ ਵੀ ਚੋਰੀ ਦੇ 20 ਮਾਮਲੇ ਦਰਜ ਹਨ।

ਕੈਬਨਿਟ ਮੰਤਰੀ ਨੇ 4 ਕਰੋੜ 39 ਲੱਖ ਦੀ ਲਾਗਤ ਨਾਲ ਵਿਕਾਸ ਕੰਮਾਂ ਦੀ ਕੀਤੀ ਸ਼ੁਰੂਆਤ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਸੂਬੇ ਦੇ ਵਿਕਾਸ ਲਈ ਲਗਾਤਾਰ ਯਤਨਸ਼ੀਲ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਪੰਜਾਬ ਡਾ. ਬਲਜੀਤ ਕੌਰ ਨੇ ਅੱਜ ਮਲੋਟ ਵਿਧਾਨ ਸਭਾ ਹਲਕੇ ਦੇ ਪਿੰਡ ਫੂਲੇਵਾਲਾ, ਭੰਗਚੜ੍ਹੀ, ਮੌੜ, ਸੰਮੇਵਾਲੀ ਦੇ ਦੌਰਾ ਦੌਰਾਨ ਕੀਤਾ ਅਤੇ ਇਹਨਾਂ ਪਿੰਡਾਂ ਦੇ ਸਮੁੱਚੇ ਵਿਕਾਸ ਲਈ 4 ਕਰੋੜ 39 ਲੱਖ ਰੁਪਏ ਦੀ ਲਾਗਤ ਨਾਲ ਵਿਕਾਸ ਕੰਮਾਂ ਦੀ ਸ਼ੁਰੂਆਤ ਕੀਤੀ।ਆਪਣੇ ਦੌਰੇ ਦੌਰਾਨ ਪਿੰਡ ਫੂਲੇਵਾਲਾ ਆਂਗਣਵਾੜੀ ਵਰਕਰਾਂ ਨਾਲ ਮੁਲਾਕਾਤ ਕਰਦਿਆਂ ਕਿਹਾ ਕਿ ਛੋਟੇ ਬੱਚਿਆਂ ਦੀ ਸਹੂਲਤ ਲਈ ਇੱਥੇ ਬਿਜਲੀ ਪਾਣੀ ਦੀ ਸਮੱਸਿਆ ਨੂੰ ਦੂਰ ਕੀਤਾ ਜਾਵੇਗਾ ਅਤੇ ਗਰਭਵਤੀ ਮਾਵਾਂ ਅਤੇ ਛੋਟੇ ਬੱਚਿਆਂ ਨੂੰ ਪੌਸ਼ਟਿਕ ਅਹਾਰ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਪਿੰਡ ਦੀਆਂ ਗਲੀਆਂ-ਨਾਲੀਆਂ ਨੂੰ ਪੱਕਾ ਕੀਤਾ ਜਾਵੇਗਾ ਪਿੰਡ ਵਿੱਚ ਬੱਸ ਸਰਵਿਸ ਦਾ ਜਲਦੀ ਪ੍ਰਬੰਧ ਕੀਤਾ ਜਾਵੇਗਾ।ਆਪਣੇ ਦੌਰੇ ਦੌਰਾਨ ਭੰਗਚੜ੍ਹੀ, ਮੌੜ ਅਤੇ ਸੰਮੇਵਾਲੀ ਪਿੰਡ ਵਾਸੀਆਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਮੌਕੇ ਤੇ ਉਨ੍ਹਾਂ ਦਾ ਹੱਲ ਵੀ ਕੀਤਾ। ਉਨ੍ਹਾਂ ਪਿੰਡ ਵਾਸੀਆਂ ਨੂੰ ਭਰੋਸਾ ਦਿੱਤਾ ਕਿਜਲਦੀ ਤੋਂ ਜਲਦੀ ਪਿੰਡ ਦੇ ਬਕਾਇਆ ਪਏ ਕੰਮ ਜਿਵੇਂ ਵਾਟਰ ਵਰਕਸ ਦੀ ਸਾਫ਼-ਸਫਾਈ, ਵਾਟਰ ਵਰਕਸ ਦੇ ਨਵੀਨੀਕਰਨ ਅਤੇ ਛੱਪੜ ਦੀ ਸਾਫ਼-ਸਫਾਈ ਕਰਵਾਈ ਜਾਵੇਗੀ।ਇਸ ਮੌਕੇ ਸਿਮਰਜੀਤ ਸਿੰਘ ਬਲਾਕ ਪ੍ਰਧਾਨ, ਗੁਰਭਗਤ ਸਿੰਘ ਬਲਾਕ ਪ੍ਰਧਾਨ, ਪਰਮਜੀਤ ਕੌਰ ਹਲਕਾ ਕੋਆਰਡੀਨੇਟਰ (ਇਸਤਰੀ ਵਿੰਗ) ਰਮਨਦੀਪ ਕੌਰ ਸਰਪੰਚ ਭੰਗਚੜ੍ਹੀ, ਵੀਰਪਾਲ ਕੌਰ ਸਰਪੰਚ ਮੌੜ, ਇਕਬਾਲ ਸਿੰਘ, ਗੁਰਪ੍ਰੀਤ ਸਿੰਘ ਸੰਮੇਵਾਲਾ ਤੋਂ ਇਲਾਵਾ ਪਤਵੰਤੇ ਵਿਅਕਤੀ ਮੌਜੂਦ ਸਨ।

ਮਾਤਾ ਗੁਜਰੀ ਜੀ ਭਲਾਈ ਕੇਂਦਰ ਨੇ ਬੂਟ ਕੋਟੀਆਂ ਵੰਡੀਆਂ

ਬੁਢਲਾਡਾ (ਅਸ਼ੋਕ ਲਾਕੜਾ)-ਸਮਾਜ ਸੇਵੀ ਸੰਸਥਾ ਮਾਤਾ ਗੁਜਰੀ ਜੀ ਭਲਾਈ ਕੇਂਦਰ ਵੱਲੋਂ ਨੇੜਲੇ ਪਿੰਡ ਚੱਕ ਭਾਈ ਕੇ ਦੀ ਅਕਾਲ ਅਕੈਡਮੀ ਦੇ ਲੋੜਵੰਦ ਗਰੀਬ ਬੱਚਿਆਂ ਨੂੰ ਕੋਟੀਆਂ, ਬੂਟ ਤੇ ਜੁਰਾਬਾਂ ਦਿੱਤੀਆਂ ਗਈਆਂ।ਮਾਸਟਰ ਕੁਲਵੰਤ ਸਿੰਘ ਅਤੇ ਬਲਬੀਰ ਸਿੰਘ ਕੈਂਥ ਨੇ ਦੱਸਿਆ ਕਿ ਸੰਸਥਾ ਜਿੱਥੇ ਹੋਰ ਅਨੇਕਾਂ ਸਮਾਜ ਭਲਾਈ ਕਾਰਜ਼ ਕਰਦੀ ਹੈ, ਉੱਥੇ ਲੋੜਵੰਦ ਬੱਚਿਆਂ ਦੀ ਦੀ ਫ਼ੀਸ, ਸਟੇਸ਼ਨਰੀ, ਬੂਟ, ਕੋਟੀਆਂ, ਜੁਰਾਬਾਂ ਨਾਲ਼ ਮਦਦ ਕੀਤੀ ਜਾਂਦੀ ਹੈ।ਇਸੇ ਤਹਿਤ ਚੱਕ ਭਾਈ ਕੇ ਦੀ ਅਕਲ ਅਕੈਡਮੀ ਦੇ ਲੋੜਵੰਦ ਬੱਚਿਆਂ ਨੂੰ ਪਿਛਲੇ ਦਿਨੀਂ ਸੰਸਥਾ ਵਲੋਂ ਕੋਟੀਆਂ, ਬੂਟ ਅਤੇ ਜੁਰਾਬਾਂ ਦਿੱਤੀਆਂ ਗਈਆਂ।ਪਿਛਲੇ ਮਹੀਨੇ ਇਸੇ ਸਕੂਲ ਦੇ ਕੁਝ ਬੱਚਿਆਂ ਦੀ ਗਿਆਰਾਂ ਹਜ਼ਾਰ ਰੁਪਏ ਫ਼ੀਸ ਵੀ ਭਰੀ ਗਈ ਸੀ।ਇਸ ਕਾਰਜ ਲਈ ਸਕੂਲ ਵੱਲੋਂ ਸੰਸਥਾ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਉਪਰੋਕਤ ਤੋਂ ਇਲਾਵਾ ਮਾਸਟਰ ਬਲਵਿੰਦਰ ਸਿੰਘ, ਮਾਸਟਰ ਜਸਪ੍ਰੀਤ ਸਿੰਘ, ਨੱਥਾ ਸਿੰਘ ਤੇ ਮਹਿੰਦਰਪਾਲ ਸਿੰਘ ਆਦਿ ਹਾਜ਼ਰ ਸਨ।

ਆਮ ਆਦਮੀ ਪਾਰਟੀ ਦਿੱਲੀ 'ਚ ਲਗਾਤਾਰ ਚੌਥੀ ਵਾਰ ਸਰਕਾਰ ਬਣਾਏਗੀ : ਜੱਸੀ ਸੋਹੀਆਂ ਵਾਲਾ

ਨਾਭਾ (ਵਰਿੰਦਰ ਵਰਮਾ)-ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਭਾਰੀ ਤੇ ਦਿੱਲੀ ਦੇ ਵਿਧਾਨ ਸਭਾ ਹਲਕਾ ਤਿਲਕ ਨਗਰ ਤੋਂ 'ਆਪ' ਦੇ ਉਮੀਦਵਾਰ ਵਿਧਾਇਕ ਜਰਨੈਲ ਸਿੰਘ ਦੇ ਹੱਕ ਵਿੱਚ ਜੁਟੇ ਜ਼ਿਲ੍ਹਾ ਪਲੈਨਿੰਗ ਬੋਰਡ ਦੇ ਚੇਅਰਮੈਨ ਜਸਵੀਰ ਸਿੰਘ ਜੱਸੀ ਸੋਹੀਆਂ ਵਾਲਾ ਨੇ ਕਿਹਾ ਕਿ 5 ਫਰਵਰੀ ਨੂੰ ਹੋਣ ਵਾਲੀਆ ਦਿੱਲੀ ਵਿੱਚ ਹੋਣ ਵਾਲੀਆ ਵਿਧਾਨ ਸਭਾ ਚੋਣਾਂ ਵਿੱਚ ਪਾਰਟੀ ਸੁਪਰੀਮੋ ਸ੍ਰੀ ਅਰਵਿੰਦ ਕੇਜਰੀਵਾਲ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਚੌਥੀ ਵਾਰ ਰਿਕਾਰਡਤੋੜ ਜਿੱਤ ਦਰਜ ਕਰਕੇ ਆਪਣੀ ਸਰਕਾਰ ਬਣਾਵੇਗੀ ਤੇ ਹਲਕਾ ਤਿਲਕ ਨਗਰ ਤੋਂ ਆਪ ਉਮੀਦਵਾਰ ਜਰਨੈਲ ਸਿੰਘ ਚੌਥੀ ਵਾਰ ਜਿੱਤ ਕੇ ਵਿਧਾਇਕ ਬਣਨਗੇ।ਉਨ੍ਹਾਂ ਕਿਹਾ ਕਿ ਦਿੱਲੀ ਵਿੱਚ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਅਗਵਾਈ ਹੇਠ ਪਿਛਲੇ 10 ਸਾਲਾਂ ਵਿੱਚ ਹੋਏ ਰਿਕਾਰਡਤੋੜ ਵਿਕਾਸ ਕਾਰਜਾਂ ਅਤੇ ਲੋਕਾਂ ਨੂੰ ਦਿੱਤੀਆ ਬੁਨਿਆਦੀ ਸਹੂਲਤਾਂ ਨੇ ਦਿੱਲੀ ਵਾਸੀਆਂ ਦਾ ਦਿਲ ਜਿੱਤਿਆ ਹੈ ਅਤੇ ਭ੍ਰਿਸ਼ਟਾਚਾਰ ਮੁਕਤ ਸਾਫ਼ ਸੁਥਰਾ ਪ੍ਰਸ਼ਾਸਨ ਦੇ ਕੇ ਲੋਕਾਂ ਵਿੱਚ ਵਿਸ਼ਵਾਸ ਬਣਾਉਣ ਵਿੱਚ ਕਾਮਯਾਬ ਹੋਈ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਦਿੱਲੀ ਦੇ ਵੋਟਰ ਭਾਰੀ ਫ਼ਤਵਾ ਦੇਣ ਲਈ ਤਿਆਰ ਬੈਠੇ ਹਨ।

ਸ਼ਹਿਰ ਦੇ ਸੀਵਰੇਜ ਲੀਕੇਜ ਦਾ ਮੁੱਦਾ ਲੋਕ ਸੰਘਰਸ਼ ਕਮੇਟੀ ਨੇ ਚੁੱਕਿਆ

ਸਮਰਾਲਾ (ਸੁਰਜੀਤ ਸਿੰਘ)

ਸ਼ਹਿਰ ਵਿਚ ਗਲੀਆਂ ਅਤੇ ਮੁਹੱਲਿਆਂ ਵਿਚ ਕਈ ਥਾਵਾਂ 'ਤੇ ਸੀਵਰੇਜ ਦੀਆਂ ਲਾਈਨਾਂ ਤੋਂ ਹੋ ਰਹੀ ਲੀਕੇਜ ਸ਼ਹਿਰ ਵਾਸੀਆਂ ਲਈ ਜੀ ਦਾ ਜੰਜਾਲ ਬਣਿਆ ਹੋਇਆ ਹੈ। ਜਿੱਥੇ ਸੀਵਰੇਜ ਲੀਕ ਹੁੰਦਾ ਹੈ ਉਸ ਗ਼ਲੀ ਅਤੇ ਮੁਹੱਲੇ ਵਿਚ ਬਦਬੂ ਨਾਲ ਲੋਕਾਂ ਦਾ ਜਿਊਣਾ ਮੁਹਾਲ ਹੋ ਜਾਂਦਾ ਹੈ। ਅਜਿਹੇ ਹਾਲਾਤ ਤੋਂ ਲਗਦਾ ਹੈ ਕਿ ਸ਼ਹਿਰ ਸੀ ਸਫਾਈ ਵਿਵਸਥਾ ਦੀ ਹਾਲਤ ਦਰੁਸਤ ਨਹੀਂ। ਅੱਜ ਲੋਕ ਸੰਘਰਸ਼ ਕਮੇਟੀ ਸਮਰਾਲਾ ਦੇ ਕਨਵੀਨਰ ਸਿਕੰਦਰ ਸਿੰਘ ਤੇ ਕੋ-ਕਨਵੀਨਰ ਕੁਲਵੰਤ ਸਿੰਘ ਤਰਕ ਦੀ ਅਗਵਾਈ 'ਚ ਸ਼ਹਿਰ ਦੀਆਂ ਸਮੱਸਿਆਵਾਂ ਨੂੰ ਲੈ ਕੇ ਇੱਕ ਵਫਦ ਈ.ਓ. ਨੂੰ ਮਿਲਿਆ। ਆਗੂਆਂ ਨੇ ਦੱਸਿਆ ਕਿ ਸ਼ਹਿਰ 'ਚ ਗੰਦੇ ਪਾਣੀ ਦੇ ਨਿਕਾਸ ਦਾ ਬਹੁਤ ਮੰਦਾ ਹਾਲ ਹੈ। ਜਦ ਕਿ ਜਥੇਬੰਦੀ ਵੱਲੋਂ ਪਿਛਲੇ ਲੰਮੇਂ ਸਮੇਂ ਤੋਂ ਸੀਵਰੇਜ ਦੇ ਚਾਲੂ ਕਰਨ ਤੇ ਗੰਦੇ ਪਾਣੀ ਦੇ ਨਿਕਾਸ ਸਬੰਧੀ ਵੱਖ ਵੱਖ ਸਮੇਂ ਤੇ ਸਬੰਧਤ ਅਧਿਕਾਰੀਆਂ ਤੇ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਗਿਆ। ਪਰ ਇਨ੍ਹਾਂ ਸਮੱਸਿਆਵਾਂ ਵੱਲ ਕੋਈ ਵਿਸ਼ੇਸ਼ ਧਿਆਨ ਨਹੀਂ ਦਿੱਤਾ। ਨਤੀਜੇ ਵਜੋਂ ਸ਼ਹਿਰ ਵਿੱਚ ਗੰਭੀਰ ਬਿਮਾਰੀਆਂ ਫੈਲਣ ਦਾ ਡਰ ਬਣਿਆ ਰਹਿੰਦਾ ਹੈ। ਸ਼ਹਿਰ ਦੀਆਂ ਵੱਖ ਵੱਖ ਸੜਕਾਂ ਜਿਵੇਂ ਖੰਨਾ ਰੋਡ ਆਦਿ 'ਤੇ ਸੀਵਰੇਜ ਦੇ ਮੇਨ ਹੋਲ ਆਮ ਤੌਰ 'ਤੇ ਲੀਕ ਕਰਦੇ ਰਹਿੰਦੇ ਹਨ ਅਤੇ ਸੜਕਾਂ 'ਤੇ ਗੰਦਾ ਪਾਣੀ ਖੜਨ ਨਾਲ ਸੜਕਾਂ ਟੁੱਟਦੀਆਂ ਭੱਜਦੀਆਂ ਰਹਿੰਦੀਆਂ ਹਨ। ਇਸੇ ਤਰ੍ਹਾਂ ਸਟੇਸ਼ਨ ਰੋਡ 'ਤੇ ਵੀ ਆਮ ਤੌਰ 'ਤੇ ਪਾਣੀ ਖੜ੍ਹਾ ਰਹਿੰਦਾ ਹੈ। ਲੋਕਾਂ ਦੇ ਲੰਘਣ ਅਤੇ ਵਹੀਕਲ ਆਦਿ ਦੀ ਭਾਰੀ ਸਮੱਸਿਆ ਆ ਰਹੀ ਹੈ। ਸ਼ਹਿਰ 'ਚ ਗਲ਼ੀਆਂ ਨਾਲੀਆਂ ਦੀ ਸਫਾਈ ਦਾ ਵੀ ਕੋਈ ਯੋਗ ਪ੍ਰਬੰਧ ਨਹੀਂ ਹੈ। ਆਗੂਆਂ ਨੇ ਦੱਸਿਆ ਕਿ ਸ਼ਹਿਰ 'ਚ ਪਾਣੀ ਦੀ ਟੈਂਕੀ ਕੋਲ ਦਫਤਰ 'ਚ ਚੱਲ ਰਹੀ ਲਾਇਬ੍ਰੇਰੀ ਵੀ ਕਈ ਮਹੀਨਿਆਂ ਤੋਂ ਬੰਦ ਹੈ। ਸ਼ਹਿਰ ਮੇਨ ਚੌਂਕ 'ਚ ਲਾਈਟਾਂ ਦਾ ਵੀ ਕੋਈ ਪ੍ਰਬੰਧ ਨਹੀਂ ਹੈ। ਜਿਸ ਕਰਕੇ ਟ੍ਰੈਫਿਕ ਦੀ ਵੱਡੀ ਸਮੱਸਿਆ ਬਣੀ ਹੋਈ ਹੈ ਤੇ ਮੰਦਭਾਗੀ ਘਟਨਾ ਵਾਪਰਨ ਦਾ ਖਤਰਾ ਬਣਿਆ ਰਹਿੰਦਾ ਹੈ। ਆਗੂਆਂ ਕਿਹਾ ਕਿ ਸ਼ਹਿਰ 'ਚ ਪਿਛਲੇ ਲੰਮੇਂ ਸਮੇਂ ਤੋਂ ਕੋਈ ਵਿਸ਼ੇਸ਼ ਵਿਕਾਸ ਨਹੀਂ ਹੋ ਰਿਹਾ। ਜਦ ਕਿ 'ਆਪ' ਪਾਰਟੀ ਦੀ ਸਰਕਾਰ ਆਉਣ 'ਤੇ ਵੀ ਸ਼ਹਿਰ ਦੇ ਕੰਮ ਅਧੂਰੇ ਪਏ ਹਨ। ਆਗੂਆਂ ਨੇ ਪੰਜਾਬ ਸਰਕਾਰ ਅਤੇ ਸਬੰਧਤ ਅਧਿਕਾਰੀਆਂ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਸ਼ਹਿਰ ਦੇ ਵਿਕਾਸ ਸੀਵਰੇਜ ਨੂੰ ਚਾਲੂ ਕਰਨ, ਨਵੇਂ ਕੁਨੈਕਸ਼ਨ ਦੇਣ, ਗੰਦੇ ਪਾਣੀ ਦੇ ਨਿਕਾਸ, ਸਫਾਈ ਆਦਿ ਵਰਗੀਆਂ ਸਮੱਸਿਆਵਾਂ ਦਾ ਫੌਰੀ ਹੱਲ ਕੀਤਾ ਜਾਵੇ। ਇਸ ਸਬੰਧੀ ਈ.ਓ. ਨੇ ਮੰਗ ਪੱਤਰ ਲੈਂਦੇ ਹੋਏ ਇਨ੍ਹਾਂ ਸਮੱਸਿਆਵਾਂ ਦੇ ਹੱਲ ਕਰਨ ਸਬੰਧੀ ਵਫ਼ਦ ਨੂੰ ਵਿਸ਼ਵਾਸ਼ ਦੁਆਇਆ। ਉਪਰੋਕਤ ਤੋਂ ਇਲਾਵਾ ਵਫ਼ਦ ਵਿੱਚ ਗੁਰਬਖ਼ਸ਼ੀਸ਼ ਸਿੰਘ, ਭੁਪਿੰਦਰਪਾਲ ਸਿੰਘ ਅਤੇ ਨਰਿੰਦਰ ਸਿੰਘ ਆਦਿ ਵੀ ਸ਼ਾਮਲ ਹੋਏ।

ਪ੍ਰਧਾਨ ਸੋਨੀਆ ਗੁਪਤਾ ਨੇ ਗਲੀ ਦਾ ਕੰਮ ਕਰਵਾਇਆ ਸ਼ੁਰੂ

ਬਾਘਾ ਪੁਰਾਣਾ (ਮਨੀ ਸਿੰਗਲਾ)-ਨਗਰ ਕੌਂਸਲ ਬਾਘਾ ਪੁਰਾਣਾ ਅਧੀਨ ਪੈਂਦੇ ਵਾਰਡ ਨੰਬਰ 11 ਜੋ ਮੁੱਦਕੀ ਰੋਡ ਉਪਰ ਸਥਿਤ ਹੈ, ਦੀ ਗਲੀ ਨੰਬਰ 2 ਦਾ ਹਲਕਾ ਐਮ.ਐਲ.ਏ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀ ਰਹਿਨੁਮਾਈ ਹੇਠ 24 ਲੱਖ 59 ਹਜ਼ਾਰ ਰੁਪਏ ਦੇ ਨਾਲ ਬਣਨ ਵਾਲੀ ਗਲੀ ਦਾ ਕੰਮ ਨਗਰ ਕੌਂਸਲ ਪ੍ਰਧਾਨ ਸੋਨੀਆ ਗੁਪਤਾ ਅਤੇ ਸੀਨੀਅਰ ਵਾਇਸ ਪ੍ਰਧਾਨ ਰਣਜੀਤ ਸਿੰਘ ਟੀਟੂ ਵੱਲੋਂ ਕੀ

22-Jan-PAGE-11-Majha-2025-B.qxd 1/21/2025 11:08 PM Page 1

ਡਿਪਟੀ ਕਮਿਸ਼ਨਰ ਵੱਲੋਂ ਗੁਰੂ ਨਾਨਕ ਦੇਵ ਹਸਪਤਾਲ ਦੀ ਅਚਨਚੇਤ ਚੈਕਿੰਗ

* ਸਟਾਫ ਨੂੰ ਮਰੀਜ਼ਾਂ ਨਾਲ ਹਮਦਰਦੀ ਵਾਲਾ ਵਤੀਰਾ ਅਖਤਿਆਰ ਕਰਨ ਦੀ ਕੀਤੀ ਹਦਾਇਤ

ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)- ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਅਚਨਚੇਤ ਗੁਰੂ ਨਾਨਕ ਦੇਵ ਹਸਪਤਾਲ ਦੀ ਚੈਕਿੰਗ ਕੀਤੀ ਅਤੇ ਉਥੇ ਇਲਾਜ ਕਰਵਾਉਣ ਆਏ ਮਰੀਜ਼ਾਂ ਨੂੰ ਮਿਲ ਕੇ ਮੁਸ਼ਕਲਾਂ ਨੂੰ ਸੁਣਿਆ। ਡਿਪਟੀ ਕਮਿਸ਼ਨਰ ਨੇ ਮੌਕੇ ਤੇ ਮੈਡੀਕਲ ਸੁਪਰਡੰਟ ਨੂੰ ਹਦਾਇਤ ਕਰਦਿਆਂ ਕਿਹਾ ਕਿ ਮਰੀਜ਼ਾਂ ਦੀਆਂ ਮੁਸ਼ਕਲਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕੀਤਾ ਜਾਵੇ ਅਤੇ ਇਸ ਗੱਲ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ ਕਿ ਹਸਪਤਾਲ ਵਿਖੇ ਉਪਲਬਧ ਹਰ ਸਹੂਲਤ ਮਰੀਜ਼ਾਂ ਨੂੰ ਮਿਲੇ।ਡਿਪਟੀ ਕਮਿਸ਼ਨਰ ਸਾਹਨੀ ਨੇ ਐਮਰਜੈਂਸੀ ਵਾਰਡ, ਮੈਡੀਸਨ ਵਿਭਾਗ ਅਤੇ ਸਰਜਰੀ ਵਿਭਾਗ ਦਾ ਦੌਰਾ ਵੀ ਕੀਤਾ।ਉਨ੍ਹਾਂ ਨੇ ਹਦਾਇਤ ਕਰਦਿਆਂ ਕਿਹਾ ਕਿ ਹਸਪਤਾਲ ਦੀ ਸਾਫ ਸਫਾਈ ਦਾ ਧਿਆਨ ਰੱਖਿਆ ਜਾਵੇ ਅਤੇ ਹਸਪਤਾਲ ਅੰਦਰ ਸਾਇਨੇਜ ਬੋਰਡ ਜ਼ਰੂਰ ਲਗਾਏ ਜਾਣ ਤਾਂ ਜੋ ਮਰੀਜ਼ਾਂ ਨੂੰ ਪਤਾ ਲੱਗ ਸਕੇ ਕਿ ਉਨ੍ਹਾਂ ਨੇ ਇਲਾਜ ਲਈ ਕਿਸ ਵਿਭਾਗ ਵਿੱਚ ਜਾਣਾ ਹੈ ਜਾਂ ਕਿਸ ਡਾਕਟਰ ਨੂੰ ਮਿਲਣਾ ਹੈ।ਉਨ੍ਹਾਂ ਕਿਹਾ ਕਿ ਹਸਪਤਾਲ ਅੰਦਰ ਬਣੇ ਵਾਸ਼ਰੂਮਾਂ ਦੀ ਸਾਫ ਸਫਾਈ ਵੀ ਯਕੀਨੀ ਬਣਾਈ ਜਾਵੇ।ਡਿਪਟੀ ਕਮਿਸ਼ਨਰ ਨੇ ਮੈਡੀਕਲ ਸੁਪਰਡੰਟ ਨੂੰ ਹਦਾਇਤ ਕਰਦਿਆਂ ਕਿਹਾ ਕਿ ਹਸਪਤਾਲ ਵਿਖੇ ਇਕ ਮੈਨੇਜਮੈਂਟ ਕਮੇਟੀ ਗਠਿਤ ਕੀਤੀ ਜਾਵੇ ਜੋ ਹਰੇਕ ਹਫਤੇ ਚੱਲ ਰਹੇ ਕੰਮਾਂ ਅਤੇ ਮਰੀਜ਼ਾਂ ਦੀ ਸੰਤੁਸ਼ਟੀ ਬਾਰੇ ਸਮੀਖਿਆ ਕਰੇ।ਉਨ੍ਹਾਂ ਕਿਹਾ ਕਿ ਐਮਰਜੈਂਸੀ ਨੂੰ ਅਪਗਰੇਡ ਕਰਨ ਲਈ ਫੰਡਾਂ ਦੀ ਸਹੀ ਵਰਤੋਂ ਨੂੰ ਯਕੀਨੀ ਬਣਾਇਆ ਜਾਵੇ।ਉਨ੍ਹਾਂ ਕਿਹਾ ਕਿ ਜੇਕਰ ਹਸਪਤਾਲ ਲਈ ਫੰਡਾਂ ਦੀ ਕੋਈ ਘਾਟ ਹੈ ਤਾਂ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਜਾਵੇ ਤਾਂ ਜੋ ਫੰਡਾਂ ਸਬੰਧੀ ਸਿਹਤ ਵਿਭਾਗ ਨਾਲ ਸੰਪਰਕ ਸਥਾਪਤ ਕਰਕੇ ਫੰਡ ਦਾ ਪ੍ਰਬੰਧ ਕੀਤਾ ਜਾ ਸਕੇ।ਉਨ੍ਹਾਂ ਹਦਾਇਤ ਕਰਦਿਆਂ ਕਿਹਾ ਕਿ ਹਸਪਤਾਲ ਵਿਖੇ ਰਾਤ ਸਮੇਂ ਲਾਈਟਾਂ ਦਾ ਪੂਰਾ ਇੰਤਜ਼ਾਮ ਹੋਣਾ ਚਾਹੀਦਾ ਹੈ ਅਤੇ ਮਰੀਜ਼ਾਂ ਦੇ ਨਾਲ ਆਏ ਪਰਿਵਾਰਾਂ ਦੀ ਸੁਰੱਖਿਆ ਸਬੰਧੀ ਵੀ ਪੂਰੇ ਪ੍ਰਬੰਧ ਕੀਤੇ ਜਾਣ। ਇਸ ਉਪਰੰਤ ਡਿਪਟੀ ਕਮਿਸ਼ਨਰ ਵਲੋਂ ਬਲੱਡ ਬੈਂਕ ਦਾ ਨਿਰੀਖਣ ਵੀ ਕੀਤਾ ਗਿਆ ਅਤੇ ਸਾਫ ਸਫਾਈ ਨੂੰ ਲੈ ਕੇ ਵਿਸ਼ੇਸ਼ ਹਦਾਇਤਾਂ ਜਾਰੀ ਕੀਤੀਆਂ।ਇਸ ਮੌਕੇ ਉਨ੍ਹਾਂ ਦੇ ਨਾਲ ਮੈਡੀਕਲ ਸੁਪਰਡੰਟ ਡਾ: ਕਰਮਜੀਤ ਸਿੰਘ, ਡਿਪਟੀ ਮੈਡੀਕਲ ਸੁਪਰਡੰਟ ਡਾ: ਆਈਪੀਐੱਸ ਗਰੇਵਰ, ਸੁਪਰਡੰਟ ਲਵਲੀ ਕੁਮਾਰ ਤੋਂ ਇਲਾਵਾ ਹੋਰ ਡਾਕਟਰ ਵੀ ਹਾਜ਼ਰ ਸਨ।

ਚੋਰੀ ਦੇ 5 ਮੋਟਰਸਾਈਕਲਾਂ ਸਮੇਤ 3 ਜਣੇ ਗ੍ਰਿਫ਼ਤਾਰ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਖਾਲੜਾ ਪੁਲਸ ਨੇ ਤਿੰਨ ਜਣਿਆਂ ਨੂੰ ਚੋਰੀ ਦੇ ਪੰਜ ਮੋਟਰਸਾਈਕਲਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ।ਦੋਸ਼ੀਆਂ ਦੀ ਪਛਾਣ ਗੁਰਲਾਲ ਸਿੰਘ ਪੁੱਤਰ ਲੱਖਾ ਸਿੰਘ ਵਾਸੀ ਅਮੀਸ਼ਾਹ, ਸੁਖਚੈਨ ਸਿੰਘ ਪੁੱਤਰ ਅਮਰੀਕ ਸਿੰਘ ਵਾਸੀ ਅਮੀਸ਼ਾਹ ਤੇ ਇੰਦਰਜੀਤ ਸਿੰਘ ਪੁੱਤਰ ਦਲਜੀਤ ਸਿੰਘ ਵਾਸੀ ਮਲੂਵਾਲੀਏ ਥਾਣਾ ਮੱਲਾਵਾਲਾ ਜ਼ਿਲ੍ਹਾ ਫਿਰੋਜ਼ਪੁਰ ਵਜੋਂ ਹੋਈ ਹੈ।ਇਸ ਸੰਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਥਾਣਾ ਮੁਖੀ ਖਾਲੜਾ ਬਲਬੀਰ ਸਿੰਘ ਨੇ ਦੱਸਿਆ ਕਿ ਸਮਾਜ ਵਿੱਚ ਉਥਲ-ਪੁਥਲ ਮਚਾਉਣ ਵਾਲੇ ਭੈੜੇ ਅਨਸਰਾਂ ਨੂੰ ਕਾਬੂ ਕਰਨ ਲਈ ਐੱਸਐੱਸਪੀ ਤਰਨ ਤਾਰਨ ਅਭੀਮੰਨਿਊ ਰਾਣਾ, ਐੱਸਪੀ (ਡੀ) ਅਜੇਰਾਜ ਸਿੰਘ ਤੇ ਡੀਐੱਸਪੀ ਭਿੱਖੀਵਿੰਡ ਪ੍ਰੀਤ ਇੰਦਰ ਸਿੰਘ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਟੀਮਾਂ ਬਣਾ ਕੇ ਇਲਾਕੇ ਵਿੱਚ ਗਸ਼ਤ ਕੀਤੀ ਜਾ ਰਹੀ ਸੀ।ਗਸ਼ਤ ਦੌਰਾਨ ਦੌਰਾਨ ਉਨ੍ਹਾਂ ਨੂੰ ਗੁਪਤ ਜਾਣਕਾਰੀ ਪ੍ਰਾਪਤ ਹੋਈ ਕਿ ਗੁਰਲਾਲ ਸਿੰਘ ਪੁੱਤਰ ਲੱਖਾ ਸਿੰਘ ਵਾਸੀ ਅਮੀਸ਼ਾਹ, ਸੁਖਚੈਨ ਸਿੰਘ ਪੁੱਤਰ ਅਮਰੀਕ ਸਿੰਘ ਵਾਸੀ ਅਮੀਸ਼ਾਹ ਤੇ ਇੰਦਰਜੀਤ ਸਿੰਘ ਪੁੱਤਰ ਦਲਜੀਤ ਸਿੰਘ ਨਾਮਕ ਵਿਅਕਤੀ ਜੋ ਮੋਟਰਸਾਈਕਲ ਚੋਰੀ ਕਰਦੇ ਹਨ, ਅਮੀਸ਼ਾਹ ਵਾਲੇ ਪਾਸੇ ਨੂੰ ਆ ਰਹੇ ਹਨ।ਸੂਚਨਾ ਮਿਲਣ ਤੋਂ ਬਾਅਦ ਪੁਲਸ ਨੇ ਨਾਕਾਬੰਦੀ ਕਰਕੇ ਵਾਹਨਾਂ ਦੀ ਚੈਕਿੰਗ ਕਰਨੀ ਸ਼ੁਰੂ ਕਰ ਦਿੱਤੀ। ਚੈਕਿੰਗ ਦੌਰਾਨ ਪੁਲਸ ਨੂੰ ਭਿੱਖੀਵਿੰਡ ਵਾਲੇ ਪਾਸਿਓਂ ਦੋ ਬਿਨਾਂ ਨੰਬਰੀ ਕਾਲੇ ਰੰਗ ਦੇ ਸਪਲੈਂਡਰ ਮੋਟਰਸਾਈਕਲ ਜਿਨ੍ਹਾਂ ਵਿੱਚੋਂ ਇੱਕ ਮੋਟਰਸਾਈਕਲ ਤੇ ਦੋ ਜਣੇ ਤੇ ਦੂਜੇ ਤੇ ਇੱਕ ਨੌਜਵਾਨ ਸਵਾਰ ਸੀ, ਆਉਂਦੇ ਦਿਖਾਈ ਦਿੱਤੇ। ਪੁਲਸ ਪਾਰਟੀ ਨੇ ਜਦੋਂ ਮੋਟਰਸਾਈਕਲ ਸਵਾਰਾਂ ਨੂੰ ਰੁਕਣ ਦਾ ਇਸ਼ਾਰਾ ਕੀਤਾ ਤਾਂ ਅੱਗੇ ਆ ਰਿਹਾ ਮੋਟਰਸਾਈਕਲ ਨੌਜਵਾਨ ਨੇ ਰੋਕ ਲਿਆ ਜਦਕਿ ਪਿੱਛੇ ਵਾਲੇ ਮੋਟਰਸਾਈਕਲ ਤੇ ਸਵਾਰ ਨੌਜਵਾਨ ਨੇ ਮੋਟਰਸਾਈਕਲ ਮੋੜ ਕੇ ਪਿੱਛੇ ਵੱਲ ਭਜਾਉਣਾ ਸ਼ੁਰੂ ਕਰ ਦਿੱਤਾ।ਹੜਬੜੀ ਕਾਰਨ ਮੋਟਰਸਾਈਕਲ ਸਲਿੱਪ ਹੋ ਕੇ ਡਿੱਗ ਗਿਆ।ਉਪਰੰਤ ਮੁਸਤੈਦੀ ਨਾਲ ਪੁਲਸ ਪਾਰਟੀ ਨੇ ਦੋਵਾਂ ਮੋਟਰਸਾਈਕਲਾਂ 'ਤੇ ਸਵਾਰ ਤਿੰਨਾਂ ਨੌਜਵਾਨਾਂ ਨੂੰ ਕਾਬੂ ਕਰ ਲਿਆ।ਪੁੱਛਗਿੱਛ ਦੌਰਾਨ ਉਪਰੋਕਤ ਨੌਜਵਾਨਾਂ ਨੇ ਕਬੂਲ ਕੀਤਾ ਕਿ ਦੋਵੇਂ ਮੋਟਰਸਾਈਕਲ ਉਨ੍ਹਾਂ ਨੇ ਭਿੱਖੀਵਿੰਡ ਤੋਂ ਚੋਰੀ ਕੀਤੇ ਸਨ ਤੇ ਉਹ ਮੋਟਰਸਾਈਕਲਾਂ ਨੂੰ ਵੇਚਣ ਜਾ ਰਹੇ ਸਨ।ਥਾਣਾ ਮੁਖੀ ਨੇ ਦੱਸਿਆ ਕਿ ਰਿਮਾਂਡ ਦੌਰਾਨ ਉਕਤ ਦੋਸ਼ੀਆਂ ਨੇ ਤਿੰਨ ਹੋਰ ਚੋਰੀ ਦੇ ਮੋਟਰਸਾਈਕਲ ਬ੍ਰਾਮਦ ਕਰਵਾਏ ਹਨ।

26 ਦੇ ਟਰੈਕਟਰ ਮਾਰਚ ਦੀ ਸਫਲਤਾ ਲਈ ਕਿਸਾਨਾਂ ਵੱਲੋਂ ਵਿਚਾਰ-ਵਟਾਂਦਰਾ

*300 ਦੇ ਕਰੀਬ ਟਰੈਕਟਰ ਬੱਬਰੀ ਚੌਕ ਤੋਂ ਕਰਨਗੇ ਵੱਖ-ਵੱਖ ਥਾਈਂ ਮਾਰਚ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਸੰਯੁਕਤ ਕਿਸਾਨ ਮੋਰਚਾ (ਭਾਰਤ) ਦੇ ਸੱਦੇ 'ਤੇ ਦੇਸ਼ ਭਰ ਵਿੱਚ ਤਹਿਸੀਲਾਂ, ਬਲਾਕਾਂ, ਜ਼ਿਲਿਆਂ ਵਿੱਚ ਟਰੈਕਟਰ ਮਾਰਚ ਕਰਨ ਦੇ ਫੈਸਲੇ ਨੂੰ ਲਾਗੂ ਕਰਨ ਹਿੱਤ ਸੰਯੁਕਤ ਕਿਸਾਨ ਮੋਰਚਾ ਤਹਿਸੀਲ ਗੁਰਦਾਸਪੁਰ ਦੀ ਇੱਕ ਭਰਵੀਂ ਮੀਟਿੰਗ ਹੋਈ।ਮੀਟਿੰਗ ਦੀ ਪ੍ਰਧਾਨਗੀ ਚੰਨਣ ਸਿੰਘ ਦੋਰਾਂਗਲਾ ਨੇ ਕੀਤੀ ।ਮੀਟਿੰਗ ਨੂੰ ਸੰਬੋਧਨ ਕਰਦਿਆਂ ਮੱਖਣ ਸਿੰਘ ਕੁਹਾੜ, ਸੁਖਦੇਵ ਸਿੰਘ ਭਾਗੋਕਾਵਾਂ, ਮੰਗਤ ਸਿੰਘ ਜੀਵਨ ਚੱਕ, ਗੁਰਦੀਪ ਸਿੰਘ ਮੁਸਤਫਾਬਾਦ, ਬਲਬੀਰ ਸਿੰਘ ਬੈਂਸ, ਗੁਰਮੀਤ ਸਿੰਘ ਹਯਾਤਨਗਰ, ਮੱਖਣ ਸਿੰਘ ਤਿੱਬੜ, ਅਜੀਤ ਸਿੰਘ ਹੁੰਦਲ, ਰਜਿੰਦਰ ਸਿੰਘ ਸੋਨਾ ਘਰਾਲਾ, ਕਪੂਰ ਸਿੰਘ ਘੁੰਮਣ, ਕੁਲਜੀਤ ਸਿੰਘ ਸਿੱਧਵਾਂ ਜਮੀਤਾ, ਰਘਬੀਰ ਸਿੰਘ ਚਾਹਲ ਆਦਿ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਕੇਂਦਰ ਸਰਕਾਰ ਕੌਮੀ ਖੇਤੀ ਮੰਡੀ ਨੀਤੀ ਖਰੜੇ ਨੂੰ ਕਾਨੂੰਨ ਦਾ ਰੂਪ ਦੇ ਕੇ ਫਿਰ ਤੋਂ ਪਹਿਲਾਂ ਵਾਲੇ ਉਹ ਤਿੰਨੇ ਕਾਲੇ ਕਾਨੂੰਨ ਜੋ ਐੱਸਕੇਐੱਮ ਨੇ ਲੰਬੀ ਜੱਦੋਜਹਿਦ ਰਾਹੀਂ ਰੱਦ ਕਰਾਏ ਸਨ, ਨੂੰ ਫਿਰ ਤੋਂ ਲਾਗੂ ਕਰਨਾ ਚਾਹੁੰਦੀ ਹੈ ਜੋ ਕਿਸੇ ਵੀ ਕੀਮਤ ਵਿੱਚ ਲਾਗੂ ਨਹੀਂ ਹੋਣ ਦਿੱਤੇ ਜਾਣਗੇ

।ਉਨ੍ਹਾਂ ਕਿਹਾ ਕਿ ਇਹ ਖਰੜਾ ਰੱਦ ਕਰਾਉਣ ਅਤੇ ਐੱਮਐੱਸਪੀ ਦੀ ਕਾਨੂੰਨੀ ਗਰੰਟੀ ਦਾ ਕਾਨੂੰਨ ਬਣਾਉਣ, ਮਜ਼ਦੂਰਾਂ ਲਈ ਮਨਰੇਗਾ ਦਾ ਸਾਰਾ ਸਾਲ ਕੰਮ ਤੇ 600 ਦਿਹਾੜੀ ਅਤੇ ਸਭ ਨਾਗਰਿਕਾਂ ਲਈ 10 ਹਜ਼ਾਰ ਬੁਢਾਪਾ ਪੈਨਸ਼ਨ ਲਈ ਇਹ ਟਰੈਕਟਰ ਮਾਰਚ ਕੀਤਾ ਜਾ ਰਿਹਾ ਹੈ।ਜ਼ਿਲ੍ਹਾ ਗੁਰਦਾਸਪੁਰ ਦੇ ਕਰੀਬ ਸਾਰੇ ਹੀ ਬਲਾਕਾਂ ਤਹਿਸੀਲਾਂ ਵਿੱਚ ਅਤੇ ਪਿੰਡਾਂ ਵਿੱਚ ਇਹ ਵੱਖਰੇ-ਵੱਖਰੇ ਟਰੈਕਟਰ ਮਾਰਚ ਕਰਕੇ ਸਰਕਾਰ ਨੂੰ ਚੇਤਾਵਨੀ ਦਿੱਤੀ ਜਾਵੇਗੀ ਕਿ ਅਗਰ ਉਸਨੇ ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ ਫਿਰ ਤੋਂ ਦੇਸ਼ ਦੇ ਕਿਸਾਨ ਮਜ਼ਦੂਰ ਵੱਡਾ ਸੰਘਰਸ਼ ਕਰਨਗੇ।ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਵੱਖ-ਵੱਖ ਪਿੰਡਾਂ ਵਿੱਚੋਂ ਮਾਰਚ ਕਰਨ ਉਪਰੰਤ ਲਗਭਗ 300 ਟਰੈਕਟਰ ਪੁੱਡਾ ਕਲੋਨੀ ਬਬੱਰੀ ਚੌਕ ਵਿਖੇ ਇਕੱਤਰ ਹੋਣਗੇ ਅਤੇ ਉਪਰੰਤ 12 ਤੋਂ 3 ਵਜੇ ਤੱਕ ਵੱਖ-ਵੱਖ ਬਾਜ਼ਾਰਾਂ, ਚੌਕਾਂ ਤੋਂ ਹੋ ਕੇ ਕਾਹਨੂੰਵਾਨ ਚੌਕ ਖਤਮ ਹੋ ਹੋਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਖਜਾਨ ਸਿੰਘ ਪੰਧੇਰ, ਬਲਪ੍ਰੀਤ ਸਿੰਘ, ਪ੍ਰਿੰਸ ਘਰਾਲਾ, ਬਲਬੀਰ ਸਿੰਘ ਉਚੱਧਕਾਲਾ, ਸਤਿੰਦਰ ਸਿੰਘ ਕਾਹਲੋਂ, ਬੋਬੀ ਹਯਾਤਨਗਰ, ਗੁਰਦੀਪ ਸਿੰਘ ਬਾਠਾਂਵਾਲੀ, ਗਰਮੇਸ਼ ਸਿੰਘ ਲੱਧਾਮੁੰਡਾ ਆਦਿ ਵੀ ਹਾਜ਼ਰ ਸਨ।

ਮਨਰੇਗਾ ਤਹਿਤ ਕੰਮ ਤੇ ਮਜ਼ਦੂਰ ਮੰਗਾਂ ਸਬੰਧੀ ਬੀਡੀਪੀਓ ਚਤੌੜਗੜ੍ਹ ਨੂੰ ਦਿੱਤਾ ਮੰਗ ਪੱਤਰ

ਬਟਾਲਾ (ਤਰਲੋਕ ਬੱਗਾ)-ਫਤਿਹਗੜ੍ਹ ਤਹਿਸੀਲ ਦੇ ਬਲਾਕ ਚਤੌੜਗੜ੍ਹ ਵਿਖੇ ਮਜ਼ਦੂਰ ਮੁਕਤੀ ਮੋਰਚਾ ਅਤੇ ਸੀਪੀਆਈਐੱਮਐੱਲ ਲਿਬਰੇਸ਼ਨ ਵੱਲੋਂ ਮਨਰੇਗਾ ਦੇ ਰੁਜ਼ਗਾਰ ਅਤੇ ਹੋਰ ਮਜ਼ਦੂਰ ਮੰਗਾਂ ਨੂੰ ਲੈ ਕੇ ਧਰਨਾ ਦਿੱਤਾ ਗਿਆ।ਧਰਨੇ ਵਿੱਚ ਬੋਲਦਿਆਂ ਮੋਰਚੇ ਦੇ ਆਗੂ ਦਲਬੀਰ ਭੋਲਾ ਮਲਕਵਾਲ, ਵਿਜੇ ਕੁਮਾਰ ਸੋਹਲ, ਰਮਨਪ੍ਰੀਤ ਸਿੰਘ ਪਿੰਡੀ ਅਤੇ ਸੀਪੀਆਈ ਐੱਮਐੱਲ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰਾ ਨੇ ਕਿਹਾ ਕਿ ਮਨਰੇਗਾ ਦਾ ਕਾਨੂੰਨ ਪਿੰਡਾਂ ਦੇ ਬੇਰੁਜ਼ਗਾਰ ਪਰਿਵਾਰਾਂ ਦੇ ਵਿਅਕਤੀਆਂ ਨੂੰ ਰੁਜ਼ਗਾਰ ਦੇਣ ਲਈ ਬਣਾਇਆ ਗਿਆ ਸੀ ਜਿਸ ਰੁਜ਼ਗਾਰ ਨੂੰ ਅਮਲੀ ਤੌਰ ਤੇ ਬਲਾਕ ਤੇ ਵਿਕਾਸ ਅਧਿਕਾਰੀਆਂ ਨੇ ਅਮਲ ਵਿੱਚ ਲਿਆਉਣਾ ਹੁੰਦਾ ਹੈ ਪਰ ਦੁੱਖ ਦੀ ਗੱਲ ਇਹ ਹੈ ਕਿ ਮਨਰੇਗਾ ਦਾ ਕੰਮ ਕਰਨ ਦੇ ਚਾਹਵਾਨ ਪਰਿਵਾਰਾਂ ਅਤੇ ਵਿਅਕਤੀਆਂ ਨੂੰ ਕੰਮ ਨਹੀਂ ਦਿੱਤਾ ਜਾ ਰਿਹਾ ਅਤੇ ਬੁਲਾਕ ਅਧਿਕਾਰੀ ਪਿੰਡਾਂ ਵਿੱਚ ਪੰਚਾਇਤਾ ਦੇ ਸੱਤਾਧਾਰੀ ਮੁਹਤਬਰਾ ਰਾਹੀਂ ਕੁਝ ਵਿਅਕਤੀਆਂ ਦਾ ਮਿਲ ਕੇ ਬਿਨਾਂ ਕੰਮ ਕਰਾਉਣ ਤੋਂ ਮਸਟੋਲ ਭਰ ਰਹੇ ਹਨ ਅਤੇ ਕੰਮ ਕਰਨ ਵਾਲੇ ਵਿਅਕਤੀਆਂ ਨੂੰ ਕੰਮ ਦੇਣ ਤੋਂ ਇਨਕਾਰ ਕਰਕੇ ਮਨਰੇਗਾ ਦੇ ਪੈਸੇ ਵਿੱਚ ਕਰੋੜਾਂ ਰੁਪਏ ਦਾ ਘਪਲਾ ਕਰ ਰਹੇ ਹਨ।ਆਗੂਆਂ ਮਨਰੇਗਾ ਵਿੱਚ ਹੋ ਰਹੇ ਵੱਡੇ ਘਪਲਿਆਂ ਦੀ ਉਚ ਪੱਧਰੀ ਜਾਂਚ ਦੀ ਮੰਗ ਕਰਦਿਆਂ ਕਿਹਾ ਕਿ ਮਨਰੇਗਾ ਨਾਲ ਜੁੜੇ ਹੋਏ ਪਿੰਡਾਂ ਦੇ ਲੋਕਾਂ ਨੂੰ ਹਰ ਹਾਲਤ ਵਿੱਚ ਮਨਰੇਗਾ ਦਾ ਕੰਮ ਦਵਾਇਆ ਜਾਵੇਗਾ ਅਤੇ ਮਨਰੇਗਾ ਵਿੱਚ ਚੱਲ ਰਹੇ ਭਰਿਸ਼ਟਾਚਾਰ ਨੂੰ ਜਥੇਬੰਦਕ ਸੰਘਰਸ਼ ਦਾ ਹੀ ਰੋਕਿਆ ਜਾਵੇਗਾ।ਆਗੂਆਂ ਨੇ ਮਜ਼ਦੂਰਾਂ ਦੀਆਂ ਵੱਖ-ਵੱਖ ਮੰਗਾਂ ਸਬੰਧੀ ਬੀਡੀਪੀ ਚਤੌੜਗੜ੍ਹ ਨੂੰ ਮੰਗ ਪੱਤਰ ਵੀ ਦਿੱਤਾ ਗਿਆ।ਅੱਜ ਦੇ ਧਰਨੇ ਵਿੱਚ ਨਵਦੀਪ ਸਿੰਘ ਚਤੌੜਗੜ੍ਹ, ਬਲਵਿੰਦਰ, ਸਤਨਾਮ ਸਿੰਘ, ਅਮਰੀਕ ਸਿੰਘ, ਸੰਤੋਖ ਸਿੰਘ, ਰਾਜਵਿੰਦਰ, ਹੀਰਾ ਸਿੰਘ, ਸੁਖਜਿੰਦਰ ਕੌਰ ਅਤੇ ਰਜਵੰਤ ਕੌਰ ਸ਼ਾਮਿਲ ਸਨ।

ਆਨੰਦ ਕਾਰਜ ਸਮੇਂ ਜੋੜੀ ਨੂੰ ਮਹਾਨ ਸ਼ਖਸੀਅਤਾਂ ਵੱਲੋਂ ਆਸ਼ੀਰਵਾਦ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਬਾਬਾ ਹਰਦੀਪ ਸਿੰਘ ਚੰਨਣਕੇ ਵਾਲਿਆਂ ਦੀ ਸਪੁੱਤਰੀ ਬਾਬਾ ਹਰਮਨਪਰੀਤ ਕੌਰ ਦਾ ਵਿਆਹ ਆਨੰਦ ਕਾਰਜ ਗੁਰ ਮਰਯਾਦਾ ਦੇ ਨਾਲ ਹਜ਼ੂਰੀ ਰਾਗੀ ਭਾਈ ਪ੍ਰਭਜੀਤ ਸਿੰਘ ਸਪੁੱਤਰ ਸੁਰਜੀਤ ਸਿੰਘ ਵਾਸੀ ਰਾਸੀਆਨਾ ਨਾਲ ਹੋਇਆ।ਇਸ ਮੌਕੇ ਜੋੜੀ ਨੂੰ ਮਹਾਨ ਸ਼ਖਸੀਅਤਾਂ ਨੇ ਆਸ਼ੀਰਵਾਦ ਦਿੱਤਾ।ਇਸ ਮੌਕੇ ਭਾਈ ਨਿਸ਼ਾਨ ਸਿੰਘ ਕਨੈਡਾ, ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ, ਦਮਦਮੀ ਟਕਸਾਲ ਦੇ ਵਿਦਿਆਰਥੀ ਭਾਈ ਸੰਦੀਪ ਸਿੰਘ ਧੁੱਗਾ, ਚੇਅਰਮੈਨ ਸਤਨਾਮ ਸਿੰਘ ਨਾਹਰ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਹਰਦਿਆਲ ਸਿੰਘ, ਭਾਈ ਕਿਰਪਾਲ ਸਿੰਘ, ਭਾਈ ਰੋਸ਼ਨ ਸਿੰਘ, ਸੁਰਜੀਤ ਸਿੰਘ ਰਾਸੀਆਨਾ, ਬਾਬਾ ਹਰਜੀਤ ਸਿੰਘ ਹੌਂਡ ਗ੍ਰੰਥੀ ਬਾਬਾ ਚੰਨਣਕੇ, ਭਾਈ ਕਰਨਬੀਰ ਸਿੰਘ, ਭਾਈ ਕੁੰਵਰ ਸਿੰਘ ਆਦਿ ਹਾਜ਼ਰ ਸਨ।

'ਮਿਸ਼ਨ ਨਿਸ਼ਚੈ' ਤਹਿਤ 'ਮੈਂ ਹਾਂ ਪੰਜਾਬ' ਦੇ ਬੈਨਰ ਹੇਠ ਵਾਲੀਬਾਲ ਤੇ ਵਾਕਾਥੌਨ ਦਾ ਆਯੋਜਨ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪੁਲਸ ਵਿਭਾਗ ਵੱਲੋਂ ਚਲਾਈ ਜਾ ਰਹੀ ਨਸ਼ਾ ਵਿਰੋਧੀ ਮੁਹਿੰਮ ਤਹਿਤ ਜ਼ਿਲ੍ਹਾ ਪੁਲਿਸ ਗੁਰਦਾਸਪੁਰ ਨੇ 'ਮਿਸ਼ਨ ਨਿਸ਼ਚੈ' ਤਹਿਤ ਬੀਤੇ ਕੱਲ੍ਹ ਸ਼ਹੀਦ ਲੈਫ਼ਟੀਨੈਂਟ ਨਵਦੀਪ ਸਿੰਘ (ਅਸ਼ੋਕ ਚੱਕਰ), ਸਟੇਡੀਅਮ, ਸਰਕਾਰੀ ਕਾਲਜ, ਗੁਰਦਾਸਪੁਰ ਵਿਖੇ ਮੈਂ ਹਾਂ ਪੰਜਾਬ ਦੇ ਬੈਨਰ ਹੇਠ ਵਾਲੀਬਾਲ ਮੈਚ ਅਤੇ ਵਾਕਾਥੌਨ ਦਾ ਆਯੋਜਨ ਕੀਤਾ ਗਿਆ।ਇਸ ਦੌਰਾਨ ਰੰਗਾ-ਰੰਗ ਸਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ।ਇਸ ਪ੍ਰੋਗਰਾਮ ਵਿੱਚ ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ, ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮ

22-Jan-PAGE-12.qxd 1/21/2025 11:07 PM Page 1

ਵਰ੍ਹੇਗੰਢ ਮੁਬਾਰਕ

ਦੀਪਕ ਭੀਲ ਖੋਸਲਾ ਤੇ ਸੁਮਨ ਖੋਸਲਾ ਵਾਸੀ ਚੰਡੀਗੜ੍ਹ ਕਾਲੋਨੀ ਟਾਂਡਾ ਜ਼ਿਲ੍ਹਾ ਹੁਸ਼ਿਆਰਪੁਰ ਨੇ ਆਪਣੇ ਵਿਆਹ ਦੀ 23ਵੀਂ ਵਰ੍ਹੇਗੰਢ ਮਨਾਈ

ਹਰਦੀਪ ਸਿੰਘ ਢਿੱਲੋਂ ਤੇ ਹਰਪ੍ਰੀਤ ਕੌਰ ਢਿੱਲੋਂ ਵਾਸੀ ਨਾਭਾ ਨੇ ਆਪਣੇ ਵਿਆਹ ਦੀ 13ਵੀਂ ਵਰ੍ਹੇਗੰਢ ਮਨਾਈ।

ਅੰਤਰਰਾਜੀ ਨਸ਼ੀਲੇ ਪਦਾਰਥਾਂ ਦੀ ਤਸਕਰੀ ਨੈੱਟਵਰਕ ਦਾ ਪਰਦਾਫਾਸ਼

ਜਲੰਧਰ (ਸ਼ੈਲੀ ਐਲਬਰਟ)

ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿਰੁੱਧ ਇੱਕ ਵੱਡੀ ਸਫਲਤਾ ਹਾਸਲ ਕਰਦਿਆਂ ਜਲੰਧਰ ਦਿਹਾਤੀ ਪੁਲਸ ਨੇ ਇੱਕ ਅੰਤਰਰਾਜੀ ਨਸ਼ੀਲੇ ਪਦਾਰਥਾਂ ਦੀ ਤਸਕਰੀ ਨੈੱਟਵਰਕ ਦਾ ਪਰਦਾਫਾਸ਼ ਕੀਤਾ ਹੈ ਅਤੇ 50 ਗ੍ਰਾਮ ਹੈਰੋਇਨ ਜ਼ਬਤ ਕੀਤੀ ਹੈ। ਇਸ ਕਾਰਵਾਈ ਵਿੱਚ ਜੰਮੂ-ਕਸ਼ਮੀਰ ਤੋਂ ਪੰਜਾਬ ਵਿੱਚ ਨਸ਼ੀਲੇ ਪਦਾਰਥ ਲਿਆਉਣ ਵਿੱਚ ਸ਼ਾਮਲ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ । ਪੁਲਸ ਨੇ ਕੱਕਾ ਕੰਡਿਆਲਾ, ਤਰਨਤਾਰਨ ਤੋਂ ਬਸ਼ੀਰ ਅਹਿਮਦ ਦੇ ਪੁੱਤਰ ਸਾਦਿਕ ਉਰਫ਼ ਸ਼ਿਕਾ ਅਤੇ ਵਾਰਡ ਨੰਬਰ 07 ਤੋਂ ਸ਼ਨੀ ਮੰਦਰ, ਬਲਾਚੌਰ ਨੇੜੇ ਮੁਰਾਦੀਨ ਉਰਫ਼ ਮੁਰਾਦੂ, ਪੁੱਤਰ ਸ਼ਫੀ ਮੁਹੰਮਦ ਨੂੰ ਗ੍ਰਿਫ਼ਤਾਰ ਕੀਤਾ ਹੈ, ਜੋ ਇਸ ਸਮੇਂ ਅੰਮ੍ਰਿਤਸਰ ਦੇ ਚੀਮਾ ਬਾਠ ਰਈਆ ਵਿੱਚ ਰਹਿੰਦਾ ਹੈ।। ਸੀਨੀਅਰ ਪੁਲਸ ਕਪਤਾਨ ਹਰਕੰਵਲਪ੍ਰੀਤ ਸਿੰਘ ਖੱਖ ਨੇ ਦੱਸਿਆ ਕਿ ਇਹ ਕਾਰਵਾਈ ਐਸਪੀ ਇਨਵੈਸਟੀਗੇਸ਼ਨ ਜਸਰੂਪ ਕੌਰ ਬਾਠ, ਆਈਪੀਐਸ, ਅਤੇ ਡੀਐਸਪੀ ਇਨਵੈਸਟੀਗੇਸ਼ਨ ਸਰਵਨਜੀਤ ਸਿੰਘ ਦੀ ਅਗਵਾਈ ਹੇਠ ਕੀਤੀ ਗਈ ਸੀ। ਆਦਮਪੁਰ ਖੇਤਰ ਵਿੱਚ ਹੈਰੋਇਨ ਦੀ ਤਸਕਰੀ ਬਾਰੇ ਖਾਸ ਜਾਣਕਾਰੀ ਮਿਲਣ ਤੋਂ ਬਾਅਦ ਇੰਸਪੈਕਟਰ ਪੁਸ਼ਪ ਬਾਲੀ, ਇੰਚਾਰਜ ਸੀਆਈਏ ਸਟਾਫ ਜਲੰਧਰ ਦਿਹਾਤੀ ਨੇ ਇਸ ਕਾਰਵਾਈ ਦੀ ਅਗਵਾਈ ਕੀਤੀ।19 ਜਨਵਰੀ, 2025 ਨੂੰ, ਇੱਕ ਸੂਚਨਾ ਤੇ ਕਾਰਵਾਈ ਕਰਦੇ ਹੋਏ, ਐਸ ਆਈ ਲਾਭ ਸਿੰਘ ਦੀ ਅਗਵਾਈ ਵਿੱਚ ਸੀਆਈਏ ਸਟਾਫ ਦੀ ਟੀਮ ਨੇ ਨੇਹਰ ਪੁਲੀ ਰੈਸਟ ਹਾਊਸ, ਆਦਮਪੁਰ ਨੇੜੇ ਇੱਕ ਸਵਿਫਟ ਕਾਰ (HR-29-12-2450) ਨੂੰ ਰੋਕਿਆ। ਚੈਕਿੰਗ ਦੌਰਾਨ, ਪੁਲਸ ਨੂੰ ਕਾਰ ਦੇ ਡੈਸ਼ਬੋਰਡ ਵਿੱਚ ਲੁਕਾਈ ਹੋਈ 50 ਗ੍ਰਾਮ ਹੈਰੋਇਨ ਮਿਲੀ। ਹਾਲਾਂਕਿ ਮੁਲਜ਼ਮਾਂ ਨੇ ਭੱਜਣ ਦੀ ਕੋਸ਼ਿਸ਼ ਕੀਤੀ, ਪਰ ਪੁਲਸ ਟੀਮ ਨੇ ਉਨ੍ਹਾਂ ਨੂੰ ਫੜ

ਲਿਆ। ਪੁਲਸ ਨੇ ਐਨਡੀਪੀਐਸ ਐਕਟ ਤਹਿਤ ਪੁਲਸ ਸਟੇਸ਼ਨ ਆਦਮਪੁਰ ਵਿਖੇ ਮਾਮਲਾ (ਐਫਆਈਆਰ ਨੰਬਰ 09 ਮਿਤੀ 19-01-2025) ਦਰਜ ਕੀਤਾ ਹੈ। ਜਾਂਚ ਤੋਂ ਪਤਾ ਲੱਗਾ ਹੈ ਕਿ ਦੋਸ਼ੀ ਜੰਮੂ-ਕਸ਼ਮੀਰ ਤੋਂ ਘੱਟ ਕੀਮਤਾਂ ਤੇ ਹੈਰੋਇਨ ਖਰੀਦਦੇ ਸਨ ਅਤੇ ਇਸਨੂੰ ਪੂਰੇ ਪੰਜਾਬ ਵਿੱਚ ਮਹਿੰਗੇ ਭਾਅ 'ਤੇ ਵੇਚਦੇ ਸਨ। ਉਨ੍ਹਾਂ ਦੀ ਗ੍ਰਿਫ਼ਤਾਰੀ ਨਾਲ ਆਦਮਪੁਰ ਅਤੇ ਭੋਗਪੁਰ ਖੇਤਰਾਂ ਵਿੱਚ ਨਸ਼ੀਲੇ ਪਦਾਰਥਾਂ ਦੀ ਸਪਲਾਈ ਬੰਦ ਹ�و ਗਈ ਹੈ।

ਸੀਨੀਅਰ ਸਿਟੀਜ਼ਨ ਵੈੱਲਫੇਅਰ ਕੌਂਸਲ ਨੇ ਉੱਚ ਪੱਧਰੀ ਸਲੂਹਤਾਂ ਸੰਬੰਧੀ ਕੀਤੀ ਜਾਗਰੂਕਤਾ ਮੀਟਿੰਗ

ਹੁਸ਼ਿਆਰਪੁਰ (ਓ ਪੀ ਰਾਣਾ)

ਸੀਨੀਅਰ ਸਿਟੀਜ਼ਨ ਵੈੱਲਫੇਅਰ ਕੌਂਸਲ ਹੁਸ਼ਿਆਰਪੁਰ ਵੱਲੋ ਬਸੰਤ ਵਿਹਾਰ ਵਿਖੇ ਵਿਸ਼ੇਸ਼ ਮੀਟਿੰਗ ਕੌਂਸਲ ਦੇ ਪ੍ਰਧਾਨ ਸੇਵਾਮੁਕਤ ਬ੍ਰਿਗੇਡੀਅਰ ਸੁਰਜੀਤ ਸਿੰਘ ਅਤੇ ਹਰਬੰਸ ਸਿੰਘ ਕਮਲ ਦੀ ਪ੍ਰਧਾਨਗੀ ਹੇਠ ਕੀਤੀ ਗਈ। ਇਸ ਮੌਕੇ ਮਨੁੱਖਤਾ ਦੀ ਸੇਵਾ ਨੂੰ ਸਮਰਪਿਤ ਆਲਮੀ ਪੱਧਰ ਦੇ ਦੋਰਾਹਾ (ਜ਼ਿਲ੍ਹਾ ਲੁਧਿਆਣਾ) ਸਥਿਤ ਸੀਨੀਅਰ ਸਿਟੀਜਨ ਹੋਮ "ਹੈਵਨਲੀ ਪੈਲੇਸ" ਅਤੇ ਡਰੀਮ ਐਂਡ ਬਿਊਟੀ ਚੈਰੀਟੇਬਲ ਟਰੱਸਟ" ਵੱਲੋਂ ਸਮਾਜ ਪ੍ਰਤੀ ਨਿਭਾਈਆਂ ਜਾ ਰਹੀਆਂ ਸੇਵਾਵਾਂ ਬਾਰੇ ਜਾਗਰੂਕ ਕਰਨ ਲਈ ਸਹਾਇਕ ਜਨਰਲ ਮੈਨੇਜਰ ਵਰਿੰਦਰ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਬੈਠਕ ਦੇ ਦੌਰਾਨ ਵਰਿੰਦਰ ਨੇ ਦੱਸਿਆ ਕਿ ਅਮਰੀਕਾ ਦੇ ਸਫਲ ਭਾਰਤੀ ਕਾਰੋਬਾਰੀ ਅਨਿਲ ਮੋਗਾ ਵੱਲੋਂ ਸਥਾਪਿਤ ਡਰੀਮ ਐਂਡ ਬਿਊਟੀ ਚੈਰੀਟੇਬਲ ਟਰੱਸਟ ਅਧੀਨ ਆਉਂਦੇ ਹੈਵਨਲੀ ਪੈਲੇਸ ਦਾ ਮੰਤਵ ਸਮਾਜ ਦੀ ਸੇਵਾ ਕਰਨਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਦੋਰਾਹਾ ਨਹਿਰ ਦੇ ਕੰਢੇ 14 ਏਕੜ ਵਿੱਚ ਬਣੇ ਇਸ ਆਲੀਸ਼ਾਨ ਸੀਨੀਅਰ ਸਿਟੀਜਨ ਹੋਮ ਵਿੱਚ ਬਜ਼ੁਰਗਾਂ ਲਈ ਫਾਈਵ ਸਟਾਰ ਪੱਧਰ ਦੀਆਂ ਸਹੂਲਤਾਂ ਮੌਜੂਦ ਹਨ। ਜਿੱਥੇ ਲਗਭਗ ਹਰ ਖੇਤਰ ਨਾਲ ਸਬੰਧਿਤ ਸੀਨੀਅਰ ਸਿਟੀਜ਼ਨ, ਸੇਵਾਮੁਕਤ ਅਧਿਕਾਰੀ ਅਤੇ ਬਜ਼ੁਰਗ ਪ੍ਰਵਾਸੀ ਭਾਰਤੀ ਰਹਿੰਦੇ ਹਨ। ਇਥੇ ਨਾ ਸਿਰਫ ਬਜ਼ੁਰਗਾਂ ਦੀ ਸੇਵਾ ਸਗੋਂ

ਟਰੱਸਟ ਅਧੀਨ ਚੱਲ ਰਹੇ "ਹੈਵਨਲੀ ਏਂਜਲਸ" 'ਚ ਅਨਾਥ ਬੱਚਿਆਂ ਨੂੰ ਪੜ੍ਹਾਈ ਅਤੇ ਖੇਡਾਂ ਦੇ ਨਾਲ-ਨਾਲ ਪਹਿਲੇ ਦਰਜੇ ਦੀਆਂ ਸੁੱਖ ਸਹੂਲਤਾਂ ਮੁਹੱਈਆ ਕਰਵਾਈਆਂ ਜਾਂਦੀਆਂ ਹਨ । ਏਨਾ ਹੀ ਨਹੀਂ "ਬ੍ਰਹਮਭੋਗ" ਨਾਂਅ ਹੇਠ ਰੋਜਾਨਾ ਹਜਾਰਾਂ ਲੋੜਵੰਦਾਂ ਨੂੰ ਮੁਫ਼ਤ ਪ੍ਰਸਾਦ ਦੇ ਰੂਪ 'ਚ ਪੌਸ਼ਟਿਕ ਖਾਣਾ ਵੰਡਿਆ ਜਾਂਦਾ ਹੈ। ਉਹਨਾਂ ਅੱਗੇ ਦੱਸਿਆ ਕਿ ਜਲਦ ਹੀ ਲੋੜਵੰਦ ਬੇਘਰੇ ਬਜ਼ੁਰਗਾਂ ਲਈ ਵੀ ਸੇਵਾਵਾਂ ਸ਼ੁਰੂ ਕੀਤੀਆਂ ਜਾ ਰਹੀਆਂ ਹਨ, ਜਿਸਦੀ ਇਮਾਰਤ ਬਣ ਕੇ ਤਿਆਰ ਹੈ । ਇਸ ਦੌਰਾਨ ਬੈਠਕ 'ਚ ਮੌਜੂਦ ਮੈਂਬਰਾਂ ਨੇ ਡਰੀਮ ਐਂਡ ਬਿਊਟੀ ਚੈਰੀਟੇਬਲ ਟਰੱਸਟ ਵੱਲੋਂ ਮਨੁੱਖਤਾ ਦੀ ਸੇਵਾ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਭਰਪੂਰ ਸਲਾਘਾ ਕੀਤੀ। ਵਰਿੰਦਰ ਦੱਸਿਆ ਕਿ ਹੈਵਨਲੀ ਪੈਲੇਸ 'ਚ ਬਣੇ ਤਕਰੀਬਨ 400 ਕੁਰਸੀਆਂ ਦੀ ਸਮਰੱਥਾ ਵਾਲੇ ਵਰਲਡ ਕਲਾਸ ਆਡੀਟੋਰੀਅਮ ਦੀਆਂ ਸੇਵਾਵਾਂ ਬੜੇ ਹੀ ਵਾਜਿਬ ਚਾਰਜਿਜ਼ 'ਤੇ ਉਪਲਬਧ ਹਨ। ਇਸ ਮੌਕੇ 'ਤੇ ਕੌਂਸਲ ਦੇ ਮੈਂਬਰ ਹਰਬੰਸ ਸਿੰਘ ਕਮਲ ਨੂੰ ਉਹਨਾਂ ਦੇ ਜਨਮ ਦਿਨ 'ਤੇ ਮੈਂਬਰਾਂ ਵੱਲੋਂ ਮੁਬਾਰਕਬਾਦ ਦਿੱਤੀ ਗਈ । ਇਸ ਤੋਂ ਇਲਾਵਾ ਬਲਜੀਤ ਸਿੰਘ ਪਨੇਸਰ ਵੱਲੋਂ ਮਰਨ ਉਪਰੰਤ ਅੱਖਾਂ ਦਾਨ ਕਰਨ ਸਬੰਧੀ ਜਾਗਰੂਕ ਕੀਤਾ ਗਿਆ। ਇਸ ਬੈਠਕ ਦੇ ਦੌਰਾਨ ਹੁਸ਼ਿਆਰਪੁਰ ਦੇ ਡਿਪਟੀ ਮੇਅਰ ਬੀਬੀ ਰਣਜੀਤ ਕੌਰ, ਕੌਂਸਲ ਦੇ ਜਨਰਲ ਸਕੱਤਰ ਸੂਰਜ ਪ੍ਰਕਾਸ਼ ਆਨੰਦ, ਸੁਰਿੰਦਰ ਸਿੰਘ, ਜੋਗਾ ਸਿੰਘ, ਪ੍ਰੇਮ ਕਾਹਲੋਂ, ਪ੍ਰੇਮ ਸੁਖ, ਮਨਜੀਤ ਸਿੰਘ, ਡਾਕਟਰ ਜਸਬੀਰ ਸਿੰਘ ਪਰਮਾਰ, ਸੁਰਿੰਦਰ ਪਾਲ ਸਿੰਘ, ਜੈ ਪ੍ਰਕਾਸ਼,ਅਨਿਲ ਕੁਮਾਰ, ਦੀਵਾਨ ਚੰਦ, ਭੁਪਿੰਦਰ ਸਿੰਘ, ਤਰਸੇਮ ਸਿੰਘ, ਚਮਨ ਲਾਲ, ਰਣਜੀਤ ਚੌਧਰੀ, ਇੰਦਰਪ੍ਰੀਤ ਸਿੰਘ, ਦਲਜੀਤ ਸਿੰਘ, ਮਹਿੰਦਰ ਸਿੰਘ, ਕੁਲਵਿੰਦਰ ਸਿੰਘ, ਮੋਹਨ ਲਾਲ, ਪਰਦੀਪ, ਬਲਜੀਤ ਸਿੰਘ, ਓਂਕਾਰ ਸਿੰਘ, ਵਿਜੇ ਕੁਮਾਰ, ਸਤਪਾਲ ਮਿਸਟਰ ਭਰਵਾਲ ਅਤੇ ਹੋਰ ਸੀਨੀਅਰ ਸਿਟੀਜਨਜ ਹਾਜਰ ਸਨ।

ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਵੱਲੋਂ ਮੁੱਖ ਮੰਤਰੀ ਦੇ ਨਾਂਅ ਮੰਗ ਪੱਤਰ

ਸ਼ਾਹਕੋਟ (ਗਿਆਨ ਸੈਦਪੁਰੀ)

ਕੁਲ ਹਿੰਦ ਖੇਤ ਮਜਦੂਰ ਯੂਨੀਅਨ ਸਾਹਕੋਟ ਵੱਲੋਂ ਮੰਗਲਵਾਰ ਨੂੰ ਖੇਤ ਮਜਦੂਰਾਂ ਅਤੇ ਹੋਰ ਪੇਂਡੂ ਮਜਦੂਰਾਂ ਦੀਆਂ ਮੰਗਾਂ ਸਬੰਧੀ ਮੁੱਖ ਮੰਤਰੀ ਨੂੰ ਮੰਗ ਪੱਤਰ ਐਸ. ਡੀ. ਐਮ. ਸ਼ਾਹਕੋਟ ਰਾਹੀਂ ਭੇਜਿਆ।ਐਸ. ਡੀ. ਐਮ. ਦੀ ਗੈਰ ਮੌਜੂਦਗੀ

ਤਹਿਸੀਲਦਾਰ ਸ਼ਾਹਕੋਟ ਨੂੰ ਮੰਗ ਪੱਤਰ ਸੌਂਪਦੇ ਹੋਏ ਮੱਖਣ ਸਿੰਘ, ਕਰਮਜੀਤ ਸਿੰਘ ਦਾਨੇਵਾਲ, ਕੇਵਲ ਸਿੰਘ ਕੋਟਲੀ ਤੇ ਹੋਰ।

ਵਿੱਚ ਇਹ ਪੱਤਰ ਤਹਿਸੀਲਦਾਰ ਸ਼ਾਹਕੋਟ ਮਨਿੰਦਰ ਸਿੰਘ ਸਿੱਧੂ ਨੇ ਪ੍ਰਾਪਤ ਕੀਤਾ। ਮਜਦੂਰ ਆਗੂਆਂ ਨੇ ਮੁੱਖ ਮੰਤਰੀ ਕੋਲੋਂ ਮੰਗ ਕੀਤੀ ਹੈ ਕਿ ਬਠਿੰਡਾ ਜ਼ਿਲ੍ਹੇ ਦੇ ਪਿੰਡ ਦਾਨ ਸਿੰਘ ਵਾਲਾ ਦੀ ਬਸਤੀ ਬਾਬਾ ਜੀਵਨ ਸਿੰਘ ਦੇ ਖੇਤ ਮਜਦੂਰਾਂ ਦੇ ਸਮਾਜ ਵਿਰੋਧੀ ਅਨਸਰਾਂ ਨੇ ਘਰਾਂ ਨੂੰ ਅੱਗ ਲਾ ਦਿੱਤੀ ਸੀ। ਨਾਲ ਹੀ ਲੁੱਟ ਮਾਰ ਵੀ ਕੀਤੀ ਗਈ। ਉਨ੍ਹਾਂ ਪੀੜਤਾਂ ਨੂੰ ਪ੍ਰਤੀ ਘਰ 10 ਲੱਖ ਰੁਪਏ ਮੁਆਵਜਾ ਦਿੱਤਾ ਜਾਵੇ। ਯੋਗਤਾ ਅਨੁਸਾਰ ਪਰਵਾਰ ਦੇ ਇੱਕ ਜੀਅ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ। ਮਨਰੇਗਾ ਮਜਦੂਰਾਂ ਦੀ ਦਿਹਾੜੀ 600 ਰੁਪਏ ਕੀਤੀ ਜਾਵੇ ਅਤੇ ਘੱਟੋ ਘੱਟ 250 ਦਿਨ ਕੰਮ ਦਿੱਤਾ ਜਾਵੇ। 10 ਮਰਲੇ ਦੇ ਰਹਾਇਸ਼ੀ ਪਲਾਟ ਦਿੱਤੇ ਜਾਣ ਅਤੇ ਮਕਾਨ ਉਸਾਰਨ ਲਈ 5 ਲੱਖ ਰੁਪਏ ਦੀ ਗ੍ਰਾਂਟ ਦਿੱਤੀ ਜਾਵੇ। ਪਬਲਿਕ ਵੰਡ ਪ੍ਰਣਾਲੀ ਨੂੰ ਮਜਬੂਤ ਕਰਨ ਦੀ ਮੰਗ ਵੀ ਕੀਤੀ ਗਈ ਹੈ। ਦਲਿਤ ਮਜਦੂਰਾਂ ਦੇ ਕਰਜੇ ਮਾਫ ਕਰਨ ਅਤੇ ਜਮੀਨੀ ਸੁਧਾਰ ਲਾਗੂ ਕਰਨ ਦੀ ਵੀ ਮੰਗ ਹੈ। ਪਿੰਡਾਂ ਦੀਆਂ ਪੰਚਾਇਤੀ ਜਮੀਨਾਂ ਦਾ ਤੀਜਾ ਹਿੱਸਾ ਦਲਿਤ ਪਰਵਾਰਾਂ ਨੂੰ ਖੇਤੀ ਕਰਨ ਲਈ ਦਿੱਤੇ ਜਾਣ ਦੀ ਮੰਗ ਤੋਂ ਇਲਾਵਾ ਬੇਰੁਜਗਾਰੀ ਦਾ ਪੱਕਾ ਹੱਲ, ਦਲਿਤ ਔਰਤਾਂ 'ਤੇ ਹੋ ਰਹੇ ਹਮਲੇ ਬੰਦ ਕੀਤੇ ਜਾਣ ਅਤੇ ਪਿੰਡਾਂ ਵਿੱਚ ਲਾਲ ਲਕੀਰ ਦੇ ਅੰਦਰ ਗਰੀਬਾਂ ਨੂੰ ਮਾਲਕੀ ਹੱਕ ਦੇਣ ਦੀ ਮੰਗ ਵੀ ਮੰਗ ਪੱਤਰ ਵਿੱਚ ਸ਼ਾਮਲ ਹੈ। ਇਸ ਮੌਕੇ ਕਾਮਰੇਡ ਮੱਖਣ ਸਿੰਘ ਸ਼ਾਹਕੋਟ, ਕਰਮਜੀਤ ਸਿੰਘ ਦਾਨੇਵਾਲ, ਕੇਵਲ ਸਿੰਘ ਕੋਟਲੀ, ਸੁਰਿੰਦਰ ਸਿੰਘ ਸੈਦਪੁਰ, ਤਰਸੇਮ ਸਿੰਘ ਮੀਏਂਵਾਲ ਅਰਾਈਆਂ, ਜਗਤਾਰ ਮੋਦਾ, ਗੁਰਪ੍ਰੀਤ ਸਿੰਘ ਅਤੇ ਧਰਮਿੰਦਰ ਸਿੰਘ ਹਾਜਰ ਸਨ।

ਕੰਪਿਊਟਰ ਅਧਿਆਪਕਾਂ ਨੇ ਡੀ ਏ ਦੇ ਅਧੂਰੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ

ਗੁਰਾਇਆ (ਬਿੰਦਰ ਸੁਮਨ)

ਕੰਪਿਊਟਰ ਅਧਿਆਪਕਾਂ ਵੱਲੋਂ ਡੀ.ਏ. ਵਿੱਚ ਵਾਧੇ ਦੇ ਅੱਧ ਅਧੂਰੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ ਗਈਆਂ ਅਤੇ ਸਰਕਾਰ ਤੇ ਵਾਅਦਾ ਖਿਲਾਫ਼ੀ ਦਾ ਦੋਸ਼ ਲਾਉਂਦਿਆਂ ਸਰਕਾਰ ਵਿਰੁੱਧ ਨਾਅਰੇਬਾਜੀ ਕੀਤੀ ਗਈ। ਸੰਘਰਸ਼ਸ਼ੀਲ ਕੰਪਿਊਟਰ ਅਧਿਆਪਕਾਂ ਦਾ ਦਾਅਵਾ ਹੈ ਕਿ ਪਿਛਲੇ ਦਿਨੀ ਮੀਟਿੰਗਾਂ ਵਿੱਚ ਸਬ ਕਮੇਟੀ ਤੇ ਸਿੱਖਿਆ ਮੰਤਰੀ ਨਾਲ ਬਣੀ ਸਹਿਮਤੀ ਮਗਰੋਂ ਸਭ ਕੁਝ ਉਲਟ ਫੇਰ ਕਰਨਾ ਅਧਿਆਪਕਾਂ ਨਾਲ ਕੋਝਾ ਮਜਾਕ ਹੈ। ਉਹਨਾਂ ਕਿਹਾ ਕਿ ਵਿੱਤ ਵਿਭਾਗ ਅਤੇ ਸਿੱਖਿਆ ਵਿਭਾਗ ਨਾਲ ਕੰਪਿਊਟਰ ਅਧਿਆਪਕਾਂ ਤੇ ਅਨਰਵਾਈਜਡ ਫਾਰਮੂਲੇ ਤਹਿਤ ਸਟੇਟ ਨਾਲ ਜੋੜ ਕੇ ਡੀ.ਏ. ਜਾਰੀ ਕਰਨ ਦੀ ਸਹਿਮਤੀ ਬਣੀ ਸੀ। ਪਰ ਸਰਕਾਰ ਵਲੋਂ ਪਿਛਲੇ ਚਾਰ ਸਾਲਾਂ ਤੋਂ ਫਰੀਜ ਕੀਤੇ ਹੋਏ ਡੀ.ਏ. ਵਿੱਚ ਨਿਗੂਣਾ ਵਾਧਾ ਕਰਕੇ ਕੰਪਿਊਟਰ ਅਧਿਆਪਕਾਂ ਨਾਲ ਕੀਤੇ ਧੋਖੇ ਕਰਕੇ ਭਾਰੀ ਰੋਸ ਹੈ। ਇਸ ਰੋਸ ਪ੍ਰਦਰਸ਼ਨ ਵਿੱਚ ਕੰਪਿਊਟਰ ਅਧਿਆਪਕ ਅਜੇ ਕੁਮਾਰ, ਸੰਜੀਵ ਕੁਮਾਰ, ਮੁਨੀਸ਼ ਕੁਮਾਰ, ਜਸਵਿੰਦਰ ਸਾਂਪਲਾ, ਸੁਖਵਿੰਦਰ ਸਿੰਘ,ਗੁਰਪ੍ਰੀਤ ਸਿੰਘ, ਵਿਦਿਆ ਸਾਗਰ, ਰਾਮ ਦਿਆਲ ਅਤੇ ਪ.ਸ.ਸ.ਫ. ਦੇ ਜਨਰਲ ਸਕਤੱਰ ਤੀਰਥ ਸਿੰਘ ਬਾਸੀ ਹਾਜਰ ਸਨ।

ਪੰਜਾਬ ਸਰਕਾਰ ਨਸ਼ਿਆਂ ਨੂੰ ਰੋਕਣ ਲਈ ਪੂਰੀ ਤਰ੍ਹਾਂ ਵਚਨਬੱਧ : ਰਾਜਾ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)

ਪਿੰਡ ਰੜਾ ਵਿਖੇ ਨਸ਼ਾ ਵਿਰੋਧੀ ਜਾਗਰੂਕਤਾ ਕੈਂਪ ਲਗਾਇਆ ਗਿਆ। ਜ਼ਿਲ੍ਹਾ ਪੁਲਸ ਮੁਖੀ ਸੁਰਿੰਦਰ ਲਾਂਬਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਟਾਂਡਾ ਪੁਲਸ ਦੇ ਸਹਿਯੋਗ ਨਾਲ ਲਗਾਏ ਗਏ ਇਸ ਸੈਮੀਨਾਰ ਵਿੱਚ ਵਿਧਾਇਕ ਜਸਵੀਰ ਸਿੰਘ ਰਾਜਾ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਜਦਕਿ ਇਸ ਮੌਕੇ ਐਸ.ਡੀ.ਐਮ ਟਾਂਡਾ ਪੰਕਜ ਬਾਂਸਲ, ਡੀ.ਐਸ.ਪੀ ਟਾਂਡਾ ਦਵਿੰਦਰ ਸਿੰਘ ਬਾਜਵਾ, ਥਾਣਾ ਮੁਖੀ ਟਾਂਡਾ ਗੁਰਿੰਦਰਜੀਤ ਸਿੰਘ ਨਾਗਰਾ, ਸੀਨੀਅਰ ਮੈਡੀਕਲ ਅਫਸਰ ਟਾਂਡਾ ਡਾਕਟਰ ਕਰਨ ਕੁਮਾਰ ਸੈਣੀ, ਬੀ.ਡੀ.ਪੀ.ਓ ਟਾਂਡਾ ਮੈਡਮ ਰਾਜਵਿੰਦਰ ਕੌਰ, ਖੇਤੀਬਾੜੀ ਵਿਕਾਸ ਅਫਸਰ ਟਾਂਡਾ ਡਾਕਟਰ ਲਵਪ੍ਰੀਤ ਸਿੰਘ ਅਤੇ ਆਸ-ਪਾਸ ਦੇ ਪਿੰਡਾਂ ਤੇ ਮੁਹਤਬਰ ਵਿਅਕਤੀਆਂ ਨੇ ਭਾਗ ਲਿਆ। ਵਿਧਾਇਕ ਰਾਜਾ ਨੇ ਪਿੰਡ ਰੜਾ, ਗਦੋਵਾਲ, ਭੂਲਪੁਰ, ਗੁਰਾਲਾ, ਜਲਾਲਪੁਰ, ਟਾਹਲੀ ਆਦਿ ਪਿੰਡਾਂ ਦੇ ਮੁਹਤਬਰ ਵਿਅਕਤੀਆਂ ਨੂੰ ਸਬੋਧਨ ਕਰਦੇ ਹੋਏ ਦੱਸਿਆ ਕਿ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਨਸ਼ਾ ਤਸਕਰਾਂ ਖਿਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾ ਰਹੀ ਹੈ। ਇਸ ਮੌਕੇ ਐਸ.ਡੀ.ਐਮ ਟਾਂਡਾ ਪੰਕਜ ਬਾਂਸਲ, ਡੀ.ਐਸ.ਪੀ ਟਾਂਡਾ ਦਵਿੰਦਰ ਸਿੰਘ ਬਾਜਵਾ ਨੇ ਦੱਸਿਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਨਸ਼ਿਆਂ ਖਿਲਾਫ ਜਾਗਰੂਕਤਾ ਮੁਹਿਮ ਤਹਿਤ ਪਿੰਡ-ਪਿੰਡ ਅਤੇ ਸ਼ਹਿਰਾਂ ਵਿੱਚ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ। ਇਸ ਤੋਂ ਇਲਾਵਾ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਹਵਾ ਤੋਂ ਬਚਾਉਣ

ਵਾਸਤੇ ਵੀ ਸਾਰਥਕ ਯਤਨ ਕੀਤੇ ਜਾ ਰਹੇ ਹਨ ਜਿਸ ਦੇ ਨਤੀਜੇ ਹੀ ਸਾਹਮਣੇ ਆਉਣਗੇ। ਇਸ ਮੌਕੇ ਸਰਪੰਚ ਚਰਨਜੀਤ ਸਿੰਘ ਨਿੱਕੂ ਰੜਾ ਨੇ ਸਮੁੱਚੇ ਪ੍ਰਸ਼ਾਸਨ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਨਸ਼ਿਆਂ ਨੂੰ ਰੋਕਣਾ ਸਾਡੀ ਸਾਰਿਆਂ ਦੀ ਜਿੰਮੇਵਾਰੀ ਬਣਦੀ ਹੈ ਇਸ ਵਾਸਤੇ ਸਾਨੂੰ ਪੰਜਾਬ ਸਰਕਾਰ ਦਾ ਵੀ ਸਾਥ ਦੇਣਾ ਚਾਹੀਦਾ ਹੈ। ਇਸ ਮੌਕੇ ਸਰਪੰਚ ਚਰਨਜੀਤ ਸਿੰਘ ਸੰਧੂ, ਸਰਪੰਚ ਜਸਵੰਤ ਸਿੰਘ ਬਿੱਟੂ ਜਲਾਲਪੁਰ, ਸਰਪੰਚ ਦੀਦਾਰ ਸਿੰਘ ਗੰਦੋਵਾਲ,